ਬੁੱਧਵਾਰ, 9 ਜੁਲਾਈ, 2025
25 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 38

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 9 JULY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਅੱਜ ਦੇਸ਼ ਹੜਤਾਲ 'ਤੇ

**ਨਵੀਂ ਦਿੱਲੀ** : ਬੈਂਕਿੰਗ, ਬੀਮਾ, ਡਾਕ ਸੇਵਾ ਤੋਂ ਲੈ ਕੇ ਕੋਲ ਮਾਈਨਿੰਗ ਤੱਕ ਦੇ 25 ਕਰੋੜ ਤੋਂ ਵੱਧ ਵਰਕਰ ਬੁੱਧਵਾਰ ਨੂੰ ਆਮ ਹੜਤਾਲ ਵਿੱਚ ਸ਼ਾਮਲ ਹੋਣਗੇ। 10 ਸਰਕਰਦਾ ਟਰੇਡ ਯੂਨੀਅਨਾਂ ਦੇ ਮੰਚ ਨੇ ਕੇਂਦਰ ਸਰਕਾਰ ਦੀਆਂ ਵਰਕਰ ਵਿਰੋਧੀ, ਕਿਸਾਨ ਵਿਰੋਧੀ ਅਤੇ ਕੌਮ ਵਿਰੋਧੀ ਕਾਰਪੋਰੇਟ-ਪੱਖੀ ਨੀਤੀਆਂ ਖਿਲਾਫ 'ਭਾਰਤ ਬੰਦ' ਦਾ ਸੱਦਾ ਦਿੱਤਾ ਹੈ। ਟਰੇਡ ਯੂਨੀਅਨਾਂ ਨੇ ਰਸਮੀ ਤੇ ਗੈਰਰਸਮੀ ਖੇਤਰਾਂ ਵਿੱਚ ਹੜਤਾਲ ਲਈ ਮਹੀਨਿਆਂ-ਬੱਧੀ ਤਿਆਰੀ ਕੀਤੀ ਹੈ। ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਦੱਸਿਆ ਕਿ 25 ਕਰੋੜ ਤੋਂ ਵੱਧ ਵਰਕਰ ਹੜਤਾਲ ਕਰਨਗੇ ਅਤੇ ਕਿਸਾਨ ਤੇ ਪੇਂਡੂ ਮਜ਼ਦੂਰ ਵੀ ਦੇਸ਼ਵਿਆਪੀ ਪ੍ਰੋਟੈਸਟ 'ਚ ਸ਼ਾਮਲ ਹੋਣਗੇ।

ਹਿੰਦ ਮਜ਼ਦੂਰ ਸਭਾ ਦੇ ਹਰਭਜਨ ਸਿੰਘ ਸਿੱਧੂ ਨੇ ਦੱਸਿਆ ਕਿ ਹੜਤਾਲ ਦਾ ਅਹਿਮ ਜਨਤਕ ਅਦਾਰਿਆਂ ਤੇ ਸਨਅਤਾਂ 'ਤੇ ਵਿਆਪਕ ਅਸਰ ਹੋਵੇਗਾ। ਬੈਂਕਿੰਗ, ਡਾਕ, ਕੋਲ ਮਾਈਨਿੰਗ, ਫੈਕਟਰੀਆਂ ਤੇ ਸੂਬਾਈ ਟਰਾਂਸਪੋਰਟ ਸੇਵਾਵਾਂ ਬੰਦ ਰਹਿਣਗੀਆਂ।

ਟਰੇਡ ਯੂਨੀਅਨਾਂ ਨੇ ਪਿਛਲੇ ਸਾਲ ਕੇਂਦਰੀ ਲੇਬਰ ਮੰਤਰੀ ਮਨਸੁਖ ਮਾਂਡਵੀਆ ਨੂੰ 17 ਮੰਗਾਂ ਦਾ ਚਾਰਟਰ ਸੌਂਪਿਆ ਸੀ। ਯੂਨੀਅਨਾਂ ਨੇ ਕਿਹਾ ਕਿ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਹੈ। ਸਰਕਾਰ ਨੇ ਇੱਕ ਦਹਾਕੇ ਤੋਂ ਸਾਲਾਨਾ ਲੇਬਰ ਕਾਨਫਰੰਸ ਵੀ ਨਹੀਂ ਸੱਦੀ। ਇਸ ਤੋਂ ਸਰਕਾਰ ਦੀ ਕਿਰਤੀਆਂ ਪ੍ਰਤੀ ਬੇਰੁਖੀ ਸਾਫ ਝਲਕਦੀ ਹੈ। ਯੂਨੀਅਨਾਂ ਨੇ ਕਿਹਾ ਕਿ ਚਾਰ ਨਵੇਂ ਲੇਬਰ ਕੋਡ ਵਰਕਰਾਂ ਦੀ ਹੱਕਾਂ ਨੂੰ ਖੋਰਾ ਲਾਉਣ ਵਾਲੇ ਹਨ। ਇਹ ਸਮੂਹਕ ਸੌਦੇਬਾਜ਼ੀ ਨੂੰ ਖਤਮ ਕਰਦੇ ਹਨ, ਯੂਨੀਅਨ ਸਰਗਰਮੀਆਂ ਨੂੰ ਕਮਜ਼ੋਰ ਕਰਦੇ ਹਨ, ਕੰਮ ਦੇ ਘੰਟੇ ਵਧਾਉਂਦੇ ਹਨ ਤੇ ਮਾਲਕਾਂ ਨੂੰ ਲੇਬਰ ਕਾਨੂੰਨਾਂ ਤਹਿਤ ਜਵਾਬਦੇਹੀ ਤੋਂ ਬਚਾਉਂਦੇ ਹਨ।

ਐਸੋਸੀਏਸ਼ਨ ਆਫ ਬੈਂਕ ਇੰਪਲਾਈਜ਼ ਨੇ ਕਿਹਾ ਕਿ ਉਹ ਭਾਰਤ ਬੰਦ ਵਿੱਚ ਹਿੱਸਾ ਲਵੇਗੀ। ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ ਨਾਲ ਜੁੜੀ ਬੰਗਾਲ ਪ੍ਰੋਵਿਨਸ਼ੀਅਲ ਬੈਂਕ ਇੰਪਲਾਈਜ਼ ਐਸੋਸੀਏਸ਼ਨ ਨੇ ਕਿਹਾ ਕਿ ਬੀਮਾ ਖੇਤਰ ਦੇ ਵਰਕਰ ਵੀ ਹੜਤਾਲ 'ਤੇ ਰਹਿਣਗੇ। ਦੇਸ਼ ਵਿੱਚ ਬਿਜਲੀ ਸਪਲਾਈ ਵੀ ਪ੍ਰਭਾਵਤ ਹੋਵੇਗੀ, ਕਿਉਂਕਿ 27 ਲੱਖ ਪਾਵਰ ਵਰਕਰ ਹੜਤਾਲ 'ਤੇ ਰਹਿਣਗੇ।

## ਬੰਤ ਬਰਾੜ ਅੰਮ੍ਰਿਤਸਰ 'ਚ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦੇਸ਼-ਵਿਆਪੀ ਹੜਤਾਲ ਦੇ ਸੰਬੰਧ ਵਿੱਚ ਅੰਮ੍ਰਿਤਸਰ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਵੱਖ-ਵੱਖ ਅਦਾਰਿਆਂ ਵਿੱਚ ਹੜਤਾਲ ਕਰਨ ਉਪਰੰਤ ਬੱਸ ਅੱਡਾ ਅੰਮ੍ਰਿਤਸਰ ਵਿਖੇ 11 ਵਜੇ ਵਿਸ਼ਾਲ ਰੈਲੀ ਕੀਤੀ ਜਾਵੇਗੀ।ਇਸ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਸੀਨੀਅਰ ਆਗੂ ਹੜਤਾਲ ਦੇ ਮੁੱਦਿਆਂ ਉਪਰ ਚਰਚਾ ਕਰਨਗੇ।ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਇਸ ਰੈਲੀ ਵਿੱਚ ਪੁੱਜ ਰਹੇ ਹਨ। ਇਹ ਜਾਣਕਾਰੀ ਅਮਰਜੀਤ ਸਿੰਘ ਆਸਲ ਨੇ ਦਿੱਤੀ।

## ਸੰਜੇ ਵਰਮਾ ਕਤਲ ਕੇਸ 'ਚ 2 ਮੁਕਾਬਲੇ 'ਚ ਮਾਰੇ

**ਅਬੋਹਰ** : ਨਿਊ ਵੀਅਰ ਵੈੱਲ ਇੰਪੋਰੀਅਮ ਦੇ ਸਹਿ ਮਾਲਕ ਸੰਜੇ ਵਰਮਾ ਦੀ ਸੋਮਵਾਰ ਕੀਤੀ ਗਈ ਹੱਤਿਆ ਦੇ ਮਾਮਲੇ ਵਿੱਚ ਸ਼ਾਮਲ ਦੱਸੇ ਜਾਂਦੇ ਦੋ ਮੁਲਜ਼ਮ ਮੰਗਲਵਾਰ ਸ਼ਹਿਰ ਦੇ ਬਾਹਰਵਾਰ ਮੁਕਾਬਲੇ ਵਿੱਚ ਮਾਰੇ ਗਏ। ਦੱਸਿਆ ਜਾ ਰਿਹਾ ਹੈ ਕਿ ਦੋਹਾਂ ਨੇ ਮਸ਼ਹੂਰ ਟੇਲਰ ਨੂੰ ਗੋਲੀਆਂ ਮਾਰਨ ਵਾਲੇ ਸ਼ੂਟਰਾਂ ਨੂੰ ਭੱਜਣ ਵਿੱਚ ਮਦਦ ਕੀਤੀ ਸੀ। ਮਾਰੇ ਜਾਣ ਵਾਲਿਆਂ ਦੀ ਪਛਾਣ ਜਸਪ੍ਰੀਤ ਸਿੰਘ ਵਾਸੀ ਮਰਦਾਨਪੁਰ ਤੇ ਰਾਮ ਰਤਨ ਵਾਸੀ ਪਟਿਆਲਾ ਵਜੋਂ ਹੋਈ ਹੈ। ਮੁਕਾਬਲੇ ਦੌਰਾਨ ਇੱਕ ਪੁਲਸ ਮੁਲਾਜ਼ਮ ਵੀ ਜ਼ਖਮੀ ਹੋ ਗਿਆ। ਦੋਹਾਂ ਮੁਲਜ਼ਮਾਂ ਨੂੰ ਏ ਜੀ ਟੀ ਐੱਫ ਅਤੇ ਫਾਜ਼ਿਲਕਾ ਪੁਲਸ ਨੇ ਸਾਂਝੇ ਅਪ੍ਰੇਸ਼ਨ ਦੌਰਾਨ ਸੋਮਵਾਰ ਰਾਤ ਕਾਬੂ ਕੀਤਾ ਸੀ। ਪੁਲਸ ਉਨ੍ਹਾਂ ਨੂੰ ਹਥਿਆਰਾਂ ਦੀ ਰਿਕਵਰੀ ਲਈ ਲੈ ਕੇ ਗਈ ਸੀ, ਜਿਸ ਦੌਰਾਨ ਦੋਵਾਂ ਨੇ ਪੁਲਸ 'ਤੇ ਗੋਲੀਆਂ ਚਲਾ ਦਿੱਤੀਆਂ। ਜਵਾਬੀ ਕਾਰਵਾਈ ਦੌਰਾਨ ਉਨ੍ਹਾਂ ਗੋਲੀਆਂ ਚਲਾ ਕੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਦੀ ਗੋਲੀਬਾਰੀ ਦੌਰਾਨ ਮਾਰੇ ਗਏ।

# ਸਾਰੇ ਪੰਜਾਬੀਆਂ ਦਾ 10 ਲੱਖ ਤੱਕ ਦਾ ਇਲਾਜ ਫਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**




ਪੰਜਾਬ ਸਰਕਾਰ ਨੇ ਮੰਗਲਵਾਰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਆਗਾਜ਼ ਕੀਤਾ। ਸੈਕਟਰ 35 ਵਿਖੇ ਸਥਿਤ ਮਿਊਂਸੀਪਲ ਭਵਨ ਵਿੱਚ ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਮੌਜੂਦ ਸਨ। ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ 65 ਲੱਖ ਪਰਵਾਰਾਂ ਦਾ 10 ਲੱਖ ਰੁਪਏ ਸਾਲਾਨਾ ਦਾ ਕੈਸ਼ਲੈੱਸ ਬੀਮਾ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਯੋਜਨਾ ਦੀ ਸ਼ੁਰੂਆਤ ਅਕਤੂਬਰ ਤੋਂ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਬੀਮੇ ਨਾਲ ਸੂਬੇ ਦੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਲੋਕਾਂ ਦਾ ਕੈਸ਼ਲੈੱਸ ਇਲਾਜ ਕੀਤਾ ਜਾਵੇਗਾ।

ਇਸ ਯੋਜਨਾ ਅਧੀਨ ਸੂਬੇ ਦੇ ਸਾਰੇ ਸਰਕਾਰੀ ਕਰਮਚਾਰੀਆਂ ਸਣੇ ਹਰ ਵਰਗ ਦੇ ਲੋਕਾਂ ਨੂੰ ਸ਼ਾਮਲ ਕੀਤਾ ਜਾਵੇਗਾ। ਮਾਨ ਨੇ ਕਿਹਾ ਕਿ ਪੰਜਾਬ ਵਿੱਚ ਪੁਰਾਣੀਆਂ ਸਰਕਾਰਾਂ ਨੇ ਲੋਕਾਂ ਨੂੰ ਨੀਲੇ ਅਤੇ ਪੀਲੇ ਕਾਰਡਾਂ ਦੇ ਚੱਕਰ ਵਿੱਚ ਫਸਾਇਆ ਹੋਇਆ ਸੀ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਨੀਲੇ ਅਤੇ ਪੀਲੇ ਕਾਰਡਾਂ ਵਿੱਚੋਂ ਬਾਹਰ ਕੱਢ ਕੇ ਵੋਟਰ ਕਾਰਡ ਅਤੇ ਆਧਾਰ ਕਾਰਡ 'ਤੇ ਨਿਰਭਰ ਕਰ ਦਿੱਤਾ ਹੈ। ਹੁਣ ਪੰਜਾਬ ਦਾ ਕੋਈ ਵੀ ਵਸਨੀਕ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਦਿਖਾ ਕੇ ਇਹ ਸਿਹਤ ਕਾਰਡ ਤਿਆਰ ਕਰਵਾ ਸਕੇਗਾ, ਜਿਸ ਨਾਲ ਉਸ ਦੇ ਪਰਵਾਰ ਨੂੰ 10 ਲੱਖ ਰੁਪਏ ਸਾਲਾਨਾ ਤੱਕ ਦਾ ਮੁਫਤ ਇਲਾਜ ਮੁਹੱਈਆ ਕੀਤਾ ਜਾਵੇਗਾ। ਕੇਜਰੀਵਾਲ ਨੇ ਕਿਹਾ ਕਿ ਕਿਸੇ ਵੀ ਦੇਸ਼ ਨੂੰ ਵਿਸ਼ਵ ਗੁਰੂ ਬਣਾਉਣ ਲਈ ਸਿਹਤ ਅਤੇ ਸਿੱਖਿਆ ਸਿਸਟਮ ਦਾ ਮਜ਼ਬੂਤ ਹੋਣਾ ਜ਼ਰੂਰੀ ਹੈ। ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਸਿਹਤ ਅਤੇ ਸਿੱਖਿਆ ਸਿਸਟਮ ਨੂੰ ਮਜ਼ਬੂਤ ਕੀਤਾ ਹੈ। ਉਨ੍ਹਾ ਕਿਹਾ ਕਿ ਆਜ਼ਾਦੀ ਤੋਂ ਬਾਅਦ ਹੀ ਦੇਸ਼ ਭਰ ਵਿੱਚ ਸਿਹਤ ਅਤੇ ਸਿੱਖਿਆ ਸਿਸਟਮ ਦੀ ਮਜ਼ਬੂਤੀ ਲਈ ਧਿਆਨ ਕੇਂਦਰਤ ਕਰਨ ਦੀ ਜ਼ਰੂਰਤ ਸੀ, ਪਰ ਅਜਿਹਾ ਨਹੀਂ ਕੀਤਾ ਗਿਆ।

# ਲਾਰੈਂਸ ਬਿਸ਼ਨੋਈ ਗੈਂਗ ਦਾ ਗੈਂਗਸਟਰ ਕਾਬੂ

**ਜਲੰਧਰ (ਸ਼ੈਲੀ ਐਲਬਰਟ)**




ਪੰਜਾਬ ਪੁਲਸ ਦੇ ਕਾਊਂਟਰ ਇੰਟੈਲੀਜੈਂਸ (ਸੀ ਆਈ) ਜਲੰਧਰ ਦੀ ਟੀਮ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਮੁੱਖ ਆਪਰੇਟਿਵ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫਤਾਰ ਕਰਕੇ ਗਰੋਹ ਵੱਲੋਂ ਪੰਜਾਬ ਅਤੇ ਮੱਧ ਪ੍ਰਦੇਸ਼ ਵਿੱਚ ਮਿੱਥ ਕੇ ਹੱਤਿਆ ਕਰਨ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਫਗਵਾੜਾ ਵਿੱਚ ਰਹਿਣ ਵਾਲੇ ਹਿਮਾਂਸ਼ੂ ਸੂਦ ਦੇ ਕਬਜ਼ੇ 'ਚੋਂ ਇੱਕ .30 ਬੋਰ ਦਾ ਚੀਨੀ ਪੀ ਐੱਕਸ 3 ਪਿਸਤੌਲ, ਇੱਕ .32 ਬੋਰ ਦਾ ਪਿਸਤੌਲ ਅਤੇ ਦੋ ਮੈਗਜ਼ੀਨਾਂ ਸਮੇਤ ਸੱਤ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਹਿਮਾਂਸ਼ੂ ਦੁਬਈ ਸਥਿਤ ਹੈਂਡਲਰ ਨਮਿਤ ਸ਼ਰਮਾ ਦੇ ਨਿਰਦੇਸ਼ਾਂ ਹੇਠ ਇੱਕ ਅੰਤਰਰਾਜੀ ਗੈਂਗ ਚਲਾ ਰਿਹਾ ਸੀ। ਨਮਿਤ ਸ਼ਰਮਾ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਕਰੀਬੀ ਸਾਥੀ ਹੈ।ਉਨ੍ਹਾ ਕਿਹਾ ਕਿ ਜੂਨ 2025 ਵਿੱਚ ਮੁਲਜ਼ਮ ਹਿਮਾਂਸ਼ੂ ਸੂਦ ਨੇ ਹੋਰ ਗੈਂਗ ਮੈਂਬਰਾਂ ਨਾਲ ਮਿਲ ਕੇ ਆਪਣੇ ਹੈਂਡਲਰ ਨਮਿਤ ਸ਼ਰਮਾ ਦੇ ਨਿਰਦੇਸ਼ਾਂ 'ਤੇ ਹਰਿਦੁਆਰ ਵਿੱਚ ਇੱਕ ਹੋਟਲ ਮਾਲਕ ਅਰੁਣ 'ਤੇ ਗੋਲੀਆਂ ਚਲਾਈਆਂ ਸਨ।

ਡੀ ਜੀ ਪੀ ਨੇ ਕਿਹਾ ਕਿ ਹਿਮਾਂਸ਼ੂ ਨੂੰ ਉਸ ਦੇ ਹੈਂਡਲਰ ਨੇ ਕ੍ਰਮਵਾਰ ਮੱਧ ਪ੍ਰਦੇਸ਼, ਲੁਧਿਆਣਾ ਅਤੇ ਕਪੂਰਥਲਾ ਸਮੇਤ ਤਿੰਨ ਟਾਰਗੇਟਸ ਨੂੰ ਖਤਮ ਕਰਨ ਦਾ ਕੰਮ ਸੌਂਪਿਆ ਸੀ।

ਏ ਆਈ ਜੀ ਸੀ ਆਈ ਜਲੰਧਰ ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਹਿਮਾਂਸ਼ੂ ਸੂਦ ਨੂੰ ਦਕੋਹਾ ਰੇਲਵੇ ਕਰਾਸਿੰਗ, ਜਲੰਧਰ ਦੇ ਨੇੜੇ ਹਥਿਆਰਾਂ ਸਮੇਤ ਉਦੋਂ ਗ੍ਰਿਫਤਾਰ ਕੀਤਾ, ਜਦੋਂ ਉਕਤ ਆਪਣੇ ਸਾਥੀ ਦੀ ਉਡੀਕ ਕਰ ਰਿਹਾ ਸੀ।

## ਗਾਜ਼ਾ 'ਚ 5 ਇਜ਼ਰਾਈਲੀ ਫੌਜੀ ਮਾਰੇ ਗਏ

**ਤੇਲ ਅਵੀਵ** : ਇਜ਼ਰਾਈਲੀ ਫੌਜ ਨੇ ਮੰਗਲਵਾਰ ਦੱਸਿਆ ਕਿ ਗਾਜ਼ਾ ਵਿੱਚ ਇੱਕ ਹਮਲੇ ਵਿੱਚ ਪੰਜ ਇਜ਼ਰਾਈਲੀ ਸੈਨਿਕ ਮਾਰੇ ਗਏ ਹਨ, ਜਦੋਂ ਕਿ ਫਲਸਤੀਨੀ ਖੇਤਰ ਵਿੱਚ ਸਿਹਤ ਅਧਿਕਾਰੀਆਂ ਨੇ ਕਿਹਾ ਕਿ ਇਜ਼ਰਾਈਲੀ ਹਮਲਿਆਂ ਵਿੱਚ 18 ਲੋਕਾਂ ਦੀ ਮੌਤ ਹੋ ਗਈ ਹੈ। ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਗਾਜ਼ਾ ਵਿੱਚ ਲੜਾਈ ਨੂੰ ਰੋਕਣ ਲਈ ਜੰਗਬੰਦੀ ਯੋਜਨਾ ਬਾਰੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਗੱਲਬਾਤ ਲਈ ਅਮਰੀਕਾ ਵਿੱਚ ਹਨ।

# 40 ਕਿੱਲੋ ਹੈਰੋਇਨ ਬਰਾਮਦ, ਛੇ ਗ੍ਰਿਫਤਾਰ

**ਬਠਿੰਡਾ (ਬਖਤੌਰ ਢਿੱਲੋਂ, ਪਰਵਿੰਦਰਜੀਤ ਸਿੰਘ)**

ਸੀ ਆਈ ਏ ਸਟਾਫ ਬਠਿੰਡਾ 1 ਨੇ ਮੰਗਲਵਾਰ ਸਥਾਨਕ ਮਹਿਣਾ ਚੌਕ ਵਿੱਚ ਚੈਕਿੰਗ ਦੌਰਾਨ ਇੱਕ ਫਾਰਚੂਨਰ ਗੱਡੀ ਵਿੱਚੋਂ 40 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ।

ਫਾਰਚੂਨਰ ਕਾਰ ਨੰਬਰ ਪੀ ਬੀ 53 ਈ 6771 ਦੀ ਚੈਕਿੰਗ ਕਰਨ ਸਮੇਂ ਨਸ਼ੇ ਦੀ ਇਸ ਵੱਡੀ ਖੇਪ ਦਾ ਪਤਾ ਲੱਗਾ। ਗੱਡੀ ਵਿੱਚ ਮਲੋਟ ਜ਼ਿਲ੍ਹਾ ਮੁਕਤਸਰ ਦੇ ਛੇ ਵਿਅਕਤੀ ਲਖਵੀਰ ਸਿੰਘ, ਪ੍ਰਭਜੀਤ ਸਿੰਘ, ਰਣਜੋਧ ਸਿੰਘ,



ਅਕਾਸ਼ ਮਰਵਾਹ, ਗੁਰਚਰਨ ਸਿੰਘ ਤੇ ਰੋਹਿਤ ਕੁਮਾਰ ਸਵਾਰ ਸਨ। ਮੁਢਲੀ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਇਹ ਖੇਪ ਵਿਦੇਸ਼ ਬੈਠੇ ਨਸ਼ਾ ਤਸਕਰ ਨੇ ਪਾਕਿਸਤਾਨ ਸਰਹੱਦ ਰਾਹੀਂ ਭੇਜੀ ਹੈ। ਜਾਂਚ ਦੌਰਾਨ ਵੱਡੇ ਇੰਕਸ਼ਾਫ਼ ਹੋਣ ਦੀਆਂ ਸੰਭਾਵਨਾਵਾਂ ਹਨ।

ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦੌਰਾਨ ਇਹ ਪੁਲਸ ਦੀ ਵੱਡੀ ਪ੍ਰਾਪਤੀ ਹੈ। ਇਹ ਵੱਡੀ ਖੇਪ ਪੰਜਾਬ ਦੀ ਨੌਜਵਾਨੀ ਨੂੰ ਖਾਤਮੇ ਵੱਲ ਧੱਕਣ ਦੀ ਨਿਸ਼ਾਨਦੇਹੀ ਕਰਦੀ ਹੈ।

## ਜੱਗੂ ਭਗਵਾਨਪੁਰੀਏ ਦੀ ਭਾਬੀ ਹਵਾਈ ਅੱਡੇ ਤੋਂ ਫੜੀ

**ਅੰਮ੍ਰਿਤਸਰ** : ਪੁਲਸ ਨੇ ਗੈਂਗਸਟਰ ਜੱਗੂ ਭਗਵਾਨਪੁਰੀਆ ਦੀ ਭਰਜਾਈ ਲਵਜੀਤ ਕੌਰ ਨੂੰ ਸੋਮਵਾਰ ਦੇਰ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਤੋਂ ਗ੍ਰਿਫਤਾਰ ਕਰ ਲਿਆ ਹੈ। ਉਹ ਆਸਟਰੇਲੀਆ ਭੱਜਣ ਦੀ ਫਿਰਾਕ ਵਿੱਚ ਸੀ। ਭਗਵਾਨਪੁਰੀਆ ਇਸ ਵੇਲੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਬੰਦ ਹੈ। ਸੂਤਰਾਂ ਮੁਤਾਬਕ ਲਵਜੀਤ ਕੌਰ ਹਾਲ ਹੀ ਵਿਚ ਆਪਣੀ ਸੱਸ ਹਰਜੀਤ ਕੌਰ ਦੇ ਭੋਗ ਨੂੰ ਲੈ ਕੇ ਬਟਾਲਾ ਆਈ ਸੀ। ਬਟਾਲਾ ਪੁਲਸ ਨੇ ਪਿਛਲੇ ਦਿਨੀਂ ਉਸ ਨੂੰ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ ਗੋਰਾ ਬਰਿਆਰ ਦੇ ਕਤਲ ਕੇਸ ਵਿੱਚ ਨਾਮਜ਼ਦ ਕੀਤਾ ਸੀ। ਲਵਜੀਤ ਕੌਰ ਖਿਲਾਫ ਕੇਸ ਪਹਿਲਾਂ ਹੀ ਦਰਜ ਸੀ ਤੇ ਉਸ ਨੂੰ ਵਿਦੇਸ਼ ਭੱਜਣ ਤੋਂ ਰੋਕਣ ਲਈ ਉਸ ਖਿਲਾਫ ਲੁਕਆਊਟ ਸਰਕੂਲਰ ਵੀ ਜਾਰੀ ਕੀਤਾ ਹੋਇਆ ਹੈ। ਪਿਛਲੇ ਦਿਨੀਂ ਜੱਗੂ ਭਗਵਾਨਪੁਰੀਆ ਦੀ ਮਾਂ ਹਰਜੀਤ ਕੌਰ ਤੇ ਇੱਕ ਹੋਰ ਰਿਸ਼ਤੇਦਾਰ ਕਰਮਵੀਰ ਸਿੰਘ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ।

ਲਵਜੀਤ ਕੌਰ ਸੋਮਵਾਰ ਰਾਤ ਆਸਟਰੇਲੀਆ ਜਾਣ ਵਾਲੀ ਉਡਾਣ ਦੀ ਉਡੀਕ ਕਰ ਰਹੀ ਸੀ ਕਿ ਚੌਕਸ ਅਧਿਕਾਰੀਆਂ ਨੇ ਐੱਲ ਓ ਸੀ ਦੇ ਆਧਾਰ 'ਤੇ ਉਸ ਦੀ ਪਛਾਣ ਕੀਤੀ ਅਤੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਬਟਾਲਾ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। ਪੁਲਸ ਹਾਲ ਹੀ ਵਿੱਚ ਹੋਏ ਕਤਲਾਂ ਵਿੱਚ ਉਸ ਦੀ ਸੰਭਾਵੀ ਭੂਮਿਕਾ ਅਤੇ ਹੋਰ ਮੁਲਜ਼ਮਾਂ ਨਾਲ ਉਸ ਦੇ ਸੰਬੰਧਾਂ ਦਾ ਪਤਾ ਲਗਾਉਣ ਲਈ ਉਸ ਤੋਂ ਪੁੱਛਗਿੱਛ ਕਰ ਰਹੀ ਹੈ।

## ਬੱਚੀ ਤੀਜੀ ਮੰਜ਼ਲ ਦੀ ਗਰਿੱਲ 'ਚ ਫਸੀ



**ਪੁਣੇ** : ਮੰਗਲਵਾਰ ਸਵੇਰੇ ਕਰੀਬ 9 ਵਜੇ ਗੁਜਰ ਨਿੰਬਾਲਕਰਵਾੜੀ ਇਲਾਕੇ ਦੀ ਸੋਨਾਵਣੇ ਬਿਲਡਿੰਗ ਵਿੱਚ ਚਾਰ ਸਾਲ ਦੀ ਬੱਚੀ ਤੀਜੀ ਮੰਜ਼ਲ ਦੀ ਗਰਿਲ ਵਿੱਚ ਫਸ ਕੇ ਲਟਕ ਗਈ। ਮਾਂ ਉਸ ਨੂੰ ਘਰ ਵਿੱਚ ਬੰਦ ਕਰਕੇ ਵੱਡੀ ਬੇਟੀ ਨੂੰ ਸਕੂਲ ਬੱਸ 'ਚ ਚੜ੍ਹਾਉਣ ਗਈ ਸੀ।

ਬੱਚੀ ਖੇਡਦੀ-ਖੇਡਦੀ ਖਿੜਕੀ ਕੋਲ ਪੁੱਜ ਗਈ ਤੇ ਗਰਿਲ ਨਾਲ ਬਾਹਰ ਲਟਕ ਗਈ। ਉਸ ਦਾ ਸਿਰ ਗਰਿਲ ਵਿੱਚ ਅਟਕ ਗਿਆ। ਉਸੇ ਬਿਲਡਿੰਗ ਵਿੱਚ ਰਹਿਣ ਵਾਲਾ ਇਕ ਫਾਇਰ ਫਾਈਟਰ ਬੱਚੀ ਨੂੰ ਦੇਖ ਕੇ ਤੁਰੰਤ ਤੀਜੀ ਮੰਜ਼ਲ 'ਤੇ ਪੁੱਜਾ। ਦਰਵਾਜ਼ਾ ਬੰਦ ਹੋਣ 'ਤੇ ਹੇਠਾਂ ਆ ਕੇ ਬੱਚੀ ਦੀ ਮਾਂ ਨੂੰ ਸੂਚਿਤ ਕੀਤਾ। ਇਸ ਦੇ ਬਾਅਦ ਦੋਹਾਂ ਨੇ ਉਪਰ ਜਾ ਕੇ ਬੱਚੀ ਨੂੰ ਬਚਾਇਆ।

# ਸਾਬਕਾ ਸਰਪੰਚ ਦੀ ਹੱਤਿਆ



**ਅੰਮ੍ਰਿਤਸਰ** : ਰਾਜਾਸਾਂਸੀ ਇਲਾਕੇ ਅਧੀਨ ਪੈਂਦੇ ਪਿੰਡ ਸੈਦੂਪੁਰ ਵਿੱਚ ਸੋਮਵਾਰ ਦੇਰ ਰਾਤ ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਤ ਸਾਬਕਾ ਸਰਪੰਚ ਪਲਵਿੰਦਰ ਸਿੰਘ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਮੁੱਢਲੀ ਜਾਂਚ ਅਨੁਸਾਰ ਮੁਲਜ਼ਮ ਦੀ ਪਛਾਣ ਸ਼ੁਭਮ ਮਸੀਹ ਵਜੋਂ ਹੋਈ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਦੋਵਾਂ ਪਰਵਾਰਾਂ ਵਿਚਕਾਰ ਪਹਿਲਾਂ ਵੀ ਕਈ ਵਾਰ ਝਗੜੇ ਹੋਏ ਸਨ। ਜਾਂਚ ਅਧਿਕਾਰੀ ਬਘੇਲ ਸਿੰਘ ਨੇ ਦੱਸਿਆ ਕਿ ਤਾਜ਼ਾ ਝਗੜਾ ਪਲਵਿੰਦਰ ਸਿੰਘ ਵੱਲੋਂ ਇੱਕ ਬਿਜਲੀ ਮਿਸਤਰੀ ਨੂੰ ਖੰਭੇ 'ਤੇ ਚੜ੍ਹ ਕੇ ਬਿਜਲੀ ਦੀ ਸਮੱਸਿਆ ਠੀਕ ਕਰਨ ਵਿੱਚ ਮਦਦ ਕਰਨ ਲਈ ਪੌੜੀ ਰੱਖਣ ਤੋਂ ਸ਼ੁਰੂ ਹੋਇਆ। ਸ਼ੁਭਮ ਘਰੋਂ ਬਾਹਰ ਆਇਆ ਅਤੇ ਪੌੜੀ ਸੁੱਟ ਦਿੱਤੀ। ਜਦੋਂ ਪਲਵਿੰਦਰ ਉਸ ਦੇ ਅੱਗੇ ਆਇਆ ਤਾਂ ਉਸ ਨੇ ਆਪਣੇ ਲਾਇਸੈਂਸੀ ਰਿਵਾਲਵਰ ਨਾਲ ਸੱਤ ਗੋਲੀਆਂ ਚਲਾਈਆਂ। ਤਿੰਨ ਗੋਲੀਆਂ ਪਲਵਿੰਦਰ ਸਿੰਘ ਨੂੰ ਲੱਗੀਆਂ, ਜਿਸ ਨਾਲ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੀੜਤ ਦੇ ਪੁੱਤਰ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਉਨ੍ਹਾ ਦੇ ਪਰਵਾਰ ਅਤੇ ਸ਼ੁਭਮ ਦੇ ਪਰਵਾਰ ਵਿਚਕਾਰ ਕੁਝ ਸਮੇਂ ਤੋਂ ਕੋਈ ਗੱਲਬਾਤ ਨਹੀਂ ਸੀ। ਉਸ ਨੇ ਇਹ ਵੀ ਦਾਅਵਾ ਕੀਤਾ ਕਿ ਇੱਕ ਮਹੀਨਾ ਪਹਿਲਾਂ ਮੁਲਜ਼ਮ ਨੇ ਉਨ੍ਹਾ ਦੀ ਕਾਰ ਦੇ ਸ਼ੀਸ਼ੇ ਦੀ ਭੰਨਤੋੜ ਕੀਤੀ ਸੀ। ਉਸ ਸਮੇਂ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਸੀ। ਗੋਲੀਬਾਰੀ ਤੋਂ ਬਾਅਦ ਸ਼ੁਭਮ ਮਸੀਹ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਪਰਵਾਰ ਦੇ ਬਿਆਨਾਂ ਦੇ ਆਧਾਰ 'ਤੇ ਸ਼ੁਭਮ ਮਸੀਹ ਅਤੇ ਉਸ ਦੀ ਪਤਨੀ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ।

## ਭਾਰਤ ਨਾਲ ਵਪਾਰ ਸਮਝੌਤਾ ਬਹੁਤ ਨੇੜੇ : ਟਰੰਪ

**ਵਾਸ਼ਿੰਗਟਨ** : ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਕਿ ਅਮਰੀਕਾ ਭਾਰਤ ਨਾਲ ਵਪਾਰ ਸਮਝੌਤਾ ਕਰਨ ਦੇ ਬਹੁਤ ਨੇੜੇ ਹੈ। ਉਨ੍ਹਾ ਸੋਮਵਾਰ ਕਿਹਾ, 'ਅਸੀਂ ਯੂਨਾਈਟਿਡ ਕਿੰਗਡਮ ਨਾਲ ਸਮਝੌਤਾ ਕੀਤਾ ਹੈ, ਅਸੀਂ ਚੀਨ ਨਾਲ ਸਮਝੌਤਾ ਕੀਤਾ ਹੈ ਤੇ ਅਸੀਂ ਭਾਰਤ ਨਾਲ ਇੱਕ ਸਮਝੌਤਾ ਕਰਨ ਦੇ ਬਹੁਤ ਨੇੜੇ ਹਾਂ। ਜਿਨ੍ਹਾਂ ਹੋਰਨਾਂ ਨੂੰ ਅਸੀਂ ਮਿਲੇ ਸੀ ਅਤੇ ਸਾਨੂੰ ਨਹੀਂ ਲੱਗਦਾ ਕਿ ਅਸੀਂ ਕੋਈ ਸਮਝੌਤਾ ਕਰ ਸਕਾਂਗੇ, ਇਸ ਲਈ ਅਸੀਂ ਉਨ੍ਹਾਂ ਨੂੰ ਪੱਤਰ ਭੇਜੇ ਹਨ। ਜੇ ਤੁਸੀਂ ਅਮਰੀਕਾ ਨਾਲ ਵਪਾਰ ਕਰਨਾ ਚਾਹੁੰਦੇ ਹੋ ਤਾਂ ਤੁਹਾਨੂੰ ਇਨ੍ਹਾਂ ਟੈਕਸਾਂ ਦੀ ਅਦਾਇਗੀ ਕਰਨੀ ਹੋਵੇਗੀ।' ਟਰੰਪ ਦੀ ਸਹੀ ਵਾਲੇ ਇਹ ਪੱਤਰ ਜਿਨ੍ਹਾਂ ਮੁਲਕਾਂ ਨੂੰ ਭੇਜੇ ਗਏ ਹਨ, ਉਨ੍ਹਾਂ ਵਿੱਚ ਬੰਗਲਾਦੇਸ਼, ਬੋਸਨੀਆ ਹਰਜ਼ੇਗੋਵਿਨਾ, ਕੰਬੋਡੀਆ, ਇੰਡੋਨੇਸ਼ੀਆ, ਜਾਪਾਨ, ਕਜ਼ਾਖਸਤਾਨ, ਲਾਓ ਪੀਪਲਜ਼ ਡੈਮੋਕਰੇਟਿਕ ਰਿਪਬਲਿਕ, ਮਲੇਸ਼ੀਆ, ਸਰਬੀਆ, ਦੱਖਣੀ ਅਫਰੀਕਾ, ਦੱਖਣੀ ਕੋਰੀਆ, ਥਾਈਲੈਂਡ ਤੇ ਟਿਊਨੀਸ਼ੀਆ ਸ਼ਾਮਲ ਹਨ। ਟਰੰਪ ਨੇ ਕਿਹਾ, 'ਅਸੀਂ ਵੱਖ-ਵੱਖ ਮੁਲਕਾਂ ਨੂੰ ਪੱਤਰ ਭੇਜ ਰਹੇ ਹਾਂ ਕਿ ਉਨ੍ਹਾਂ ਨੂੰ ਕਿੰਨੇ ਟੈਕਸ ਦੀ ਅਦਾਇਗੀ ਕਰਨੀ ਹੋਵੇਗੀ।'

ਟਰੰਪ ਨੇ ਕਿਹਾ ਕਿ ਇਹ ਮੁਲਕ ਅਮਰੀਕਾ ਨੂੰ 'ਲੁੱਟ' ਰਹੇ ਸਨ ਅਤੇ 'ਸਾਡੇ ਤੋਂ ਏਨੇ ਜ਼ਿਆਦਾ ਟੈਕਸ ਵਸੂਲ ਰਹੇ ਸਨ ਕਿ ਜਿਹੜੇ ਪਹਿਲਾਂ ਕਦੇ ਕਿਸੇ ਨੇ ਨਹੀਂ ਦੇਖੇ। ਸਾਡੇ ਕੋਲ ਕੁਝ ਦੇਸ਼ ਹਨ, ਜੋ 200 ਫੀਸਦੀ ਟੈਰਿਫ ਵਸੂਲ ਰਹੇ ਸਨ ਅਤੇ ਕਾਰੋਬਾਰ ਕਰਨਾ ਅਸੰਭਵ ਬਣਾ ਰਹੇ ਸਨ।'

# ਆਫਤ ਵੇਲੇ ਬੌਬੀ ਹੀ ਬਹੁੜਿਆ



**ਸ਼ਿਮਲਾ** : ਹਿਮਾਚਲ 'ਚ ਭਾਰੀ ਮੀਂਹ ਤੇ ਬੱਦਲ ਫਟਣ ਕਰਕੇ ਮਚੀ ਤਬਾਹੀ ਦੌਰਾਨ ਸਿਆਸੀ ਪਾਰਟੀਆਂ ਦੇ ਆਗੂ ਜਿੱਥੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਕੇ ਇਕ-ਦੂਜੇ 'ਤੇ ਇਲਜ਼ਾਮਤਰਾਸ਼ੀ ਕਰ ਰਹੇ ਹਨ, ਉਥੇ ਮੰਡੀ ਜ਼ਿਲ੍ਹੇ ਵਿੱਚ ਹੜ੍ਹ ਦੇ ਝੰਬੇ ਸਿਰਾਜ 'ਚ ਸਰਬਜੀਤ ਸਿੰਘ ਬੌਬੀ ਨੇ ਅੱਗੇ ਹੋ ਕੇ ਮਦਦ ਦਾ ਹੱਥ ਵਧਾਇਆ ਹੈ। ਬੌਬੀ, ਜਿਹੜਾ ਸ਼ਿਮਲਾ ਵਿੱਚ ਜੁੱਤੀਆਂ ਦੀ ਦੁਕਾਨ ਦਾ ਮਾਲਕ ਹੈ, ਨੇ ਬਿਨਾਂ ਕਿਸੇ ਪ੍ਰਚਾਰ ਦੇ ਰਾਹਤ ਸਮੱਗਰੀ ਨਾਲ ਭਰੇ ਦੋ ਟਰੱਕ ਭੇਜੇ। ਇਨ੍ਹਾਂ ਵਿੱਚ 5,000 ਕਿੱਲੋ ਚੌਲ, 1,800 ਕਿੱਲੋ ਦਾਲ, 1,500 ਕੰਬਲ, 600 ਸੌਣ ਵਾਲੀਆਂ ਚਟਾਈਆਂ ਅਤੇ 21,000 ਰੁਪਏ ਦੇ ਭਾਂਡੇ ਸ਼ਾਮਲ ਸਨ, ਜਿਸ ਨਾਲ ਕੁਦਰਤ ਦੀ ਮਾਰ ਝੱਲ ਰਹੇ ਪਰਵਾਰਾਂ ਨੂੰ ਲੋੜੀਂਦੀ ਮਦਦ ਮਿਲੀ।

ਨਿਰਸਵਾਰਥ ਸੇਵਾ ਲਈ ਮਕਬੂਲ ਬੌਬੀ ਪਿਛਲੇ ਇੱਕ ਦਹਾਕੇ ਤੋਂ ਲੋੜਵੰਦਾਂ ਦੀ ਮਦਦ ਕਰਦਾ ਆ ਰਿਹਾ ਹੈ, ਜਿਸ ਵਿੱਚ ਲਾਵਾਰਸ ਲਾਸ਼ਾਂ ਲਈ ਮੁਫਤ ਅੰਤਮ ਸੰਸਕਾਰ ਵੈਨ ਚਲਾਉਣ ਤੋਂ ਲੈ ਕੇ, ਖ਼ੂਨਦਾਨ ਕੈਂਪਾਂ ਦਾ ਆਯੋਜਨ ਅਤੇ ਯਤੀਮਖਾਨਿਆਂ ਤੇ ਬਿਰਧ ਆਸ਼ਰਮਾਂ ਦੀ ਮਦਦ ਆਦਿ ਸ਼ਾਮਲ ਹਨ। ਬੌਬੀ ਨੇ 2014 ਵਿੱਚ ਇੰਦਰਾ ਗਾਂਧੀ ਮੈਡੀਕਲ ਕਾਲਜ ਸ਼ਿਮਲਾ ਵਿੱਚ ਹਿਮਾਚਲ ਦੀ ਪਹਿਲੀ ਮੁਫਤ ਕੰਟੀਨ ਸ਼ੁਰੂ ਕੀਤੀ ਸੀ, ਜਿੱਥੇ ਗਰੀਬ ਮਰੀਜ਼ਾਂ ਅਤੇ ਉਨ੍ਹਾਂ ਦੇ ਤਿਮਾਰਦਾਰਾਂ ਨੂੰ ਰੋਜ਼ਾਨਾ ਚਾਹ, ਬਿਸਕੁਟ ਅਤੇ ਭੋਜਨ ਦਿੱਤਾ ਜਾਂਦਾ ਸੀ। ਬੌਬੀ ਨੇ ਕਿਹਾ, 'ਮੈਂ ਸਿਰਫ ਇੱਕ ਆਮ ਆਦਮੀ ਹਾਂ, ਪਰ ਮੈਨੂੰ ਉਮੀਦ ਹੈ ਕਿ ਦੇਸ਼ ਭਰ ਵਿੱਚ ਮੇਰੇ ਵਰਗੇ ਬਹੁਤ ਸਾਰੇ ਹੋਣਗੇ।'

ਹਿਮਾਚਲ ਪ੍ਰਦੇਸ਼ ਦੇ ਕਈ ਹਿੱਸਿਆਂ ਵਿੱਚ ਭਾਰੀ ਮੀਂਹ ਦੇ ਮੱਦੇਨਜ਼ਰ ਮੌਸਮ ਵਿਭਾਗ ਨੇ ਮੰਗਲਵਾਰ ਅਗਲੇ 24 ਘੰਟਿਆਂ ਵਿੱਚ ਸੱਤ ਜ਼ਿਲ੍ਹਿਆਂ ਦੇ ਕੁਝ ਹਿੱਸਿਆਂ ਵਿੱਚ ਘੱਟ ਤੋਂ ਦਰਮਿਆਨੇ ਅਚਾਨਕ ਹੜ੍ਹਾਂ ਦੇ ਖਤਰੇ ਦੀ ਚੇਤਾਵਨੀ ਦਿੱਤੀ ਹੈ। ਇਨ੍ਹਾਂ ਜ਼ਿਲ੍ਹਿਆਂ ਵਿੱਚ ਚੰਬਾ, ਕਾਂਗੜਾ, ਮੰਡੀ, ਕੁੱਲੂ, ਸ਼ਿਮਲਾ, ਸੋਲਨ ਅਤੇ ਸਿਰਮੌਰ ਸ਼ਾਮਲ ਹਨ। 225 ਸੜਕਾਂ, ਜਿਨ੍ਹਾਂ ਵਿੱਚੋਂ 153 ਸਭ ਤੋਂ ਵੱਧ ਪ੍ਰਭਾਵਤ ਮੰਡੀ ਜ਼ਿਲ੍ਹੇ ਵਿੱਚ ਹਨ, ਬੰਦ ਹਨ।

ਇਸ ਤੋਂ ਇਲਾਵਾ ਰਾਜ ਵਿੱਚ 163 ਟਰਾਂਸਫਾਰਮਰ ਅਤੇ 174 ਜਲ ਸਪਲਾਈ ਯੋਜਨਾਵਾਂ ਪ੍ਰਭਾਵਤ ਹੋਈਆਂ ਹਨ। 20 ਜੂਨ ਤੋਂ ਬਾਅਦ 80 ਮੌਤਾਂ ਦਰਜ ਕੀਤੀਆਂ ਗਈਆਂ ਹਨ। 80 ਵਿੱਚੋਂ 52 ਮੌਤਾਂ ਮੀਂਹ ਨਾਲ ਸੰਬੰਧਤ ਘਟਨਾਵਾਂ, ਜਿਵੇਂ ਕਿ ਬੱਦਲ ਫਟਣ, ਅਚਾਨਕ ਹੜ੍ਹ ਅਤੇ ਢਿੱਗਾਂ ਡਿੱਗਣ ਨਾਲ ਜੁੜੀਆਂ ਸਨ। ਬਾਕੀ 28 ਮੌਤਾਂ ਸੜਕ ਹਾਦਸਿਆਂ ਨਾਲ ਸਬੰਧਤ ਸਨ।

## ਮਾਰਬਲ ਨਾਲ ਭਰਿਆ ਛੋਟਾ ਹਾਥੀ ਪਲਟਿਆ, 3 ਮੌਤਾਂ

**ਫਿਲੌਰ (ਨਿਰਮਲ)**

ਫਿਲੌਰ-ਜਲੰਧਰ ਸਿਕਸ ਲੇਨ 'ਤੇ ਪਿੰਡ ਭੱਟੀਆਂ ਨੇੜੇ ਮਾਰਬਲ ਨਾਲ ਭਰਿਆ ਛੋਟਾ ਹਾਥੀ ਬੇਕਾਬੂ ਹੋ ਕੇ ਪਲਟ ਗਿਆ, ਜਿਸ ਕਾਰਨ ਉਸ ਵਿੱਚ ਸਵਾਰ 3 ਮਜ਼ਦੂਰਾਂ ਦੀ ਮੌਤ ਹੋ ਗਈ ਅਤੇ 3 ਹੋਰ ਗੰਭੀਰ ਜ਼ਖ਼ਮੀ ਹੋ ਗਏ। ਸੜਕ ਸੁਰੱਖਿਆ ਫੋਰਸ ਦੇ ਥਾਣੇਦਾਰ ਜਸਵਿੰਦਰ ਸਿੰਘ ਆਪਣੇ ਸਾਥੀ ਸਰਬਜੀਤ ਸਿੰਘ ਨਾਲ ਸੂਚਨਾ ਮਿਲਦੇ ਸਾਰ ਹੀ ਘਟਨਾ ਵਾਲੀ ਥਾਂ ਪੁੱਜੇ ਤੇ ਜ਼ਖਮੀਆਂ ਨੂੰ ਸਿਵਲ ਹਸਪਤਾਲ ਪਹੁੰਚਾਇਆ। ਉਨ੍ਹਾ ਦੱਸਿਆ ਕਿ ਮਰਨ ਵਾਲਿਆਂ ਦੀ ਪਛਾਣ ਪੇਂਟਰ ਵਾਸੀ ਬਿਹਾਰ,



ਲਕਸ਼ਮਣ, ਸੋਢੀ ਉਰਫ ਭੱਟੀ ਦੇ ਤੌਰ 'ਤੇ ਹੋਈ ਹੈ। ਜ਼ਖ਼ਮੀ ਲੱਕੀ ਪੁੱਤਰ ਭੁਪਿੰਦਰ ਸਿੰਘ ਵਾਸੀ ਲੁਧਿਆਣਾ, ਸ਼ਰਨਜੀਤ ਸਿੰਘ ਪੁੱਤਰ ਪਿਆਰਾ ਲਾਲ ਵਾਸੀ ਹੁਸ਼ਿਆਰਪੁਰ, ਆਕਾਸ਼ ਸੇਜੋਵਾਲ ਪੁੱਤਰ ਯੰਬਾ ਬਹਾਦਰ ਵਾਸੀ ਨੇਪਾਲ ਨੂੰ 108 ਐਂਬੂਲੈਂਸ ਰਾਹੀਂ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਪਹੁੰਚਾਇਆ ਗਿਆ।

## ਭੋਗਪੁਰ ਵਿਸ਼ੇਸ਼ ਸਪਲੀਮੈਂਟ



ਭੈਣ-ਭਰਾ ਦੇ ਪਿਆਰ ਦੇ ਪ੍ਰਤੀਕ ਤਿਉਹਾਰ ਰੱਖੜੀ ਮੌਕੇ ਭੋਗਪੁਰ ਵਿਸ਼ੇਸ਼ ਸਪਲੀਮੈਂਟ ਕੱਢਿਆ ਜਾ ਰਿਹਾ ਹੈ, ਇਸ ਸਬੰਧੀ ਵਿਸ਼ੇਸ਼ ਛਪਣਯੋਗ ਸਮਗਰੀ ਦੇਣ ਲਈ ਸਾਡੇ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਨਾਲ ਮੋਬਾਇਲ ਨੰ. 94636-82748 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

## ਅੱਜ-ਨਾਮਾ

ਅਫਸਰ ਇੱਕ ਖਿਲਾਫ ਕੱਲ੍ਹ ਪਿਆ ਛਾਪਾ,
ਖਬਰ ਹਰਿਆਣੇ ਗਵਾਂਢ ਦੀ ਆਈ ਬੇਲੀ।
ਕੀਤੇ ਗਏ ਕੁਰਕ ਮਕਾਨ ਵੀ ਦੋ ਸੁਣਿਆ,
ਮਾਇਆ ਕਰੋੜਾਂ ਦੀ ਫੜੀ ਲੁਕਾਈ ਬੇਲੀ।
ਕਿਤੇ ਵੀ ਲੇਖਾ ਜਾਂ ਨਹੀਂ ਹਿਸਾਬ ਲੱਭਦਾ,
ਪੂਰੀ ਕੁਰੱਪਸ਼ਨ ਤੋਂ ਕਰੀ ਕਮਾਈ ਬੇਲੀ।
ਛਾਪਾ ਟੀਮ ਦੇ ਅਫਸਰ ਆ ਜਾਂਚ ਕਰਦੇ,
ਲੇਖਾ-ਪੱਤਾ ਜਿਹਾ ਜਾਂਦੇ ਨੇ ਲਾਈ ਬੇਲੀ।
ਰਹਿੰਦੇ ਅਫਸਰਾਂ 'ਤੇ ਵੱਜਦੇ ਨਿੱਤ ਛਾਪੇ,
ਮਿਲਦੀ ਰੋਜ਼ ਹੀ ਖਬਰ ਤਾਂ ਗਰਮ ਬੇਲੀ।
ਫਸਦੇ ਅਫਸਰ, ਜਲੂਸ ਵੀ ਰੋਜ਼ ਨਿਕਲੇ,
ਕਰਦੇ ਬਾਕੀ ਨਾ ਫੇਰ ਕੁਝ ਸ਼ਰਮ ਬੇਲੀ।

-ਤੀਸ ਮਾਰ ਖਾਂ

## ਉਦਯੋਗਪਤੀ ਕਤਲ ਕੇਸ ਦਾ ਮੁਲਜ਼ਮ ਮਾਰਿਆ ਗਿਆ

**ਪਟਨਾ** : ਉਦਯੋਗਪਤੀ ਗੋਪਾਲ ਖੇਮਕਾ ਦੇ ਕਤਲ ਦਾ ਇੱਕ ਮੁੱਖ ਸ਼ੱਕੀ ਮੰਗਲਵਾਰ ਤੜਕੇ ਪਟਨਾ ਦੇ ਡਮਰੀਆ ਘਾਟ ਇਲਾਕੇ ਵਿੱਚ ਪੁਲਸ ਮੁਕਾਬਲੇ ਵਿੱਚ ਮਾਰ ਦਿੱਤਾ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਵਿਕਾਸ ਉਰਫ ਰਾਜਾ (29) ਕਈ ਹੋਰ ਅਪਰਾਧਕ ਮਾਮਲਿਆਂ ਵਿੱਚ ਵੀ ਲੋੜੀਂਦਾ ਸੀ। ਮੌਕੇ ਤੋਂ ਇੱਕ ਪਿਸਤੌਲ, ਇੱਕ ਚੱਲਿਆ ਹੋਇਆ ਅਤੇ ਇੱਕ ਜ਼ਿੰਦਾ ਕਾਰਤੂਸ ਬਰਾਮਦ ਹੋਇਆ। ਪੁਲਸ ਨੂੰ ਸ਼ੱਕ ਹੈ ਕਿ ਵਿਕਾਸ ਨੇ ਉਹ ਹਥਿਆਰ ਮੁਹੱਈਆ ਕਰਵਾਇਆ ਸੀ, ਜੋ ਖੇਮਕਾ ਦੇ ਕਤਲ ਵਿੱਚ ਵਰਤਿਆ ਗਿਆ ਸੀ। ਪੁਲਸ ਨੇ ਇਸ ਤੋਂ ਪਹਿਲਾਂ ਬਿਜ਼ਨਸਮੈਨ ਗੋਪਾਲ ਸਾਓ ਨੂੰ ਫੜਿਆ ਸੀ, ਜਿਸ ਨੇ ਕਥਿਤ ਤੌਰ 'ਤੇ ਉਮੇਸ਼ ਨੂੰ ਕਤਲ ਲਈ ਪੈਸੇ ਦਿੱਤੇ ਸਨ। ਉਮੇਸ਼ ਨੂੰ ਵੀ ਸੋਮਵਾਰ ਫੜ ਲਿਆ ਗਿਆ ਸੀ। ਗੋਪਾਲ ਸਾਓ ਦੀ ਖੇਮਕਾ ਨਾਲ ਲਾਗਤਬਾਜ਼ੀ ਦੱਸੀ ਗਈ ਹੈ। ਹੁਣ ਤੱਕ ਮਾਮਲੇ ਵਿੱਚ 12 ਲੋਕ ਫੜੇ ਗਏ ਹਨ। ਖੇਮਕਾ ਨੂੰ ਸ਼ੁੱਕਰਵਾਰਗਾਂਧੀ ਮੈਦਾਨ ਇਲਾਕੇ ਵਿੱਚ ਗੋਲੀ ਮਾਰ ਦਿੱਤੀ ਗਈ ਸੀ।

## ਸਰਕਾਰਾਂ ਸਰਕਾਰੀ ਤੇ ਨੀਮ-ਸਰਕਾਰੀ ਅਦਾਰੇ ਖਤਮ ਕਰਨ 'ਤੇ ਤੁਲੀਆਂ : ਧਾਲੀਵਾਲ



**ਪਟਿਆਲਾ** : ਮੰਗਲਵਾਰ ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਵਿਖੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦਾ ਹਰ ਮਹੀਨੇ ਦੀ ਤਰ੍ਹਾਂ ਸੇਵਾ-ਮੁਕਤ ਕਰਮਚਾਰੀਆਂ ਦਾ ਭਰਵਾਂ ਇਕੱਠ ਉਤਮ ਸਿੰਘ ਬਾਗੜੀ, ਰਾਮ ਸਰੂਪ ਅਗਰਵਾਲ ਅਤੇ ਕੁਲਦੀਪ ਸਿੰਘ ਗਰੇਵਲ ਦੀ ਪ੍ਰਧਾਨਗੀ ਹੇਠ ਹੋਇਆ। ਇਸ ਮੌਕੇ ਜਥੇਬੰਦੀ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ ਉਚੇਚੇ ਤੌਰ 'ਤੇ ਇਸ ਇਕੱਠ ਨੂੰ ਸੰਬੋਧਨ ਕਰਨ ਲਈ ਪੁੱਜੇ ਹੋਏ ਸਨ। ਧਾਲੀਵਾਲ ਨੇ ਪੰਜਾਬ ਸਰਕਾਰ, ਕੇਂਦਰ ਸਰਕਾਰ ਅਤੇ ਪੀ ਆਰ ਟੀ ਸੀ ਦੀ ਮੈਨੇਜਮੈਂਟ ਦੀਆਂ ਨੀਤੀਆਂ ਅਤੇ ਰਵੱਈਏ ਸੰਬੰਧੀ ਕਿਹਾ ਕਿ ਅੱਜ ਭਾਵੇਂ ਕੇਂਦਰ ਦੀ ਸਰਕਾਰ ਹੋਵੇ ਜਾਂ ਪੰਜਾਬ ਸਰਕਾਰ ਹੋਵੇ, ਇਹ ਦੋਵੇਂ ਹੀ ਪਬਲਿਕ ਸੈਕਟਰ ਵਿਰੋਧੀ, ਮਜ਼ਦੂਰ, ਮੁਲਾਜ਼ਮ ਵਿਰੋਧੀ ਨੀਤੀਆਂ 'ਤੇ ਅਮਲ ਕਰਦੇ ਹੋਏ ਸਰਕਾਰੀ ਤੇ ਅਰਧ ਸਰਕਾਰੀ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਖਤਮ ਕਰਨ 'ਤੇ ਤੁਲੇ ਹੋਏ ਹਨ। ਇਨ੍ਹਾਂ ਅਦਾਰਿਆਂ ਦੀ ਮਾਲੀ ਅਤੇ ਨੀਤੀਗਤ ਮਦਦ ਨਾ ਕਰਕੇ ਇਨ੍ਹਾਂ ਨੂੰ ਕਮਜ਼ੋਰ ਕਰਕੇ ਖਤਮ ਕਰ ਰਹੇ ਹਨ। ਪੀ ਆਰ ਟੀ ਸੀ ਵਿੱਚ ਪਿਛਲੇ ਚਾਰ ਸਾਲਾਂ ਤੋਂ ਮਾਨ ਸਰਕਾਰ ਵੱਲੋਂ ਇੱਕ ਵੀ ਨਵੀਂ ਬੱਸ ਨਾ ਪੈਣ ਦੇਣੀ ਸਪੱਸ਼ਟ ਕਰਦਾ ਹੈ ਕਿ ਪ੍ਰਾਈਵੇਟ ਬੱਸ ਮਾਫੀਏ ਨੂੰ ਸਰਕਾਰ ਤੋਂ ਹਰ ਕਿਸਮ ਦੀ ਮਦਦ ਮਿਲ ਰਹੀ ਹੈ, ਜਿਸ ਕਾਰਨ ਹੀ ਨਵੀਂਆਂ ਬੱਸਾਂ ਨਹੀਂ ਪਾਈਆ ਜਾ ਰਹੀਆਂ, ਜਿਸ ਦਾ ਸਿੱਧਾ ਫਾਇਦਾ ਪ੍ਰਾਈਵੇਟ ਬੱਸ ਮਾਫੀਏ ਨੂੰ ਮਿਲ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਪੀ ਆਰ ਟੀ ਸੀ ਦੀ ਮਦਦ ਤਾਂ ਕੀ ਕੀਤੀ ਜਾਣੀ ਸੀ, ਉਲਟਾ ਔਰਤਾਂ ਦੇ ਮੁਫ਼ਤ ਸਫਰ ਬਦਲੇ ਬਣਦੀ 600 ਕਰੋੜ ਰੁਪਏ ਤੋਂ ਵੱਧ ਦੀ ਬਣਦੀ ਰਾਸ਼ੀ ਵੀ ਨਹੀਂ ਦਿੱਤੀ ਜਾ ਰਹੀ, ਜਿਸ ਦਾ ਹੀ ਸਿੱਟਾ ਹੈ ਕਿ ਪਿਛਲੇ ਮਹੀਨੇ ਪੈਨਸ਼ਨ ਅਤੇ ਤਨਖਾਹ 28 ਜੂਨ ਨੂੰ ਮਿਲੀ, ਮੈਡੀਕਲ ਬਿੱਲਾਂ ਦੇ ਪੈਸੇ ਨਹੀਂ ਮਿਲਦੇ, ਸੇਵਾ-ਮੁਕਤੀ ਬਕਾਏ ਨਹੀਂ ਮਿਲਦੇ, ਪੇ ਕਮਿਸ਼ਨ ਦੇ ਬਕਾਏ ਸਰਕਾਰ ਦੇ ਹੁਕਮ ਦੇ ਬਾਵਜੂਦ ਜਾਰੀ ਨਹੀਂ ਕੀਤੇ ਜਾ ਰਹੇ। ਇਸ ਮਹੀਨੇ ਫਿਰ ਅਜੇ ਤੱਕ ਤਨਖਾਹ/ ਪੈਨਸ਼ਨ ਦੀ ਅਦਾਇਗੀ ਨਹੀਂ ਕੀਤੀ ਗਈ। ਸੇਵਾ-ਮੁਕਤ ਕਰਮਚਾਰੀਆਂ ਅਤੇ ਮੌਜੂਦਾ ਕਰਮਚਾਰੀਆਂ ਦੇ 170 ਕਰੋੜ ਰੁਪਏ ਦੇ ਕਾਨੂੰਨੀ ਤੌਰ 'ਤੇ ਮਿਲਣਯੋਗ ਬਕਾਏ ਨਹੀਂ ਦਿੱਤੇ ਜਾ ਰਹੇ। ਰਿਟਾਇਰੀਜ਼ ਦਾ ਗੈਰ-ਕਾਨੂੰਨੀ ਤੌਰ 'ਤੇ ਐੱਲ ਟੀ ਸੀ ਨਹੀਂ ਦਿੱਤਾ ਜਾ ਰਿਹਾ। ਸੇਵਾ-ਮੁਕਤੀ ਬਕਾਏ ਅਦਾ ਨਹੀਂ ਕੀਤੇ ਜਾ ਰਹੇ, ਗਰੈਚੂਟੀ ਆਦਿ ਪਿਛਲੇ ਇੱਕ ਸਾਲ ਤੋਂ ਵੱਧ ਸਮੇਂ ਤੋਂ ਨਹੀਂ ਦਿੱਤੇ ਜਾ ਰਹੇ।ਰੈਲੀ ਨੂੰ ਸੰਬੋਧਨ ਕਰਦਿਆਂ ਉਤਮ ਸਿੰਘ ਬਾਗੜੀ, ਸੁਖਦੇਵ ਰਾਮ ਸੁੱਖੀ ਅਤੇ ਰਾਮ ਸਰੂਪ ਅਗਰਵਾਲ ਨੇ ਮੈਨੇਜਮੈਂਟ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਇਸੇ ਤਰ੍ਹਾਂ ਚਲਦਾ ਰਿਹਾ ਤਾਂ ਫਿਰ ਵਰਕਰਾਂ ਕੋਲ ਸਖਤ ਸੰਘਰਸ਼ ਤੋਂ ਬਿਨਾਂ ਕੋਈ ਚਾਰਾ ਨਹੀਂ ਬਚੇਗਾ।

## ਐਡਵੋਕੇਟ ਮੰਡ ਵੱਲੋਂ ਦੇਸ਼ ਭਗਤ ਯਾਦਗਾਰ ਕਮੇਟੀ ਨੂੰ 10 ਹਜ਼ਾਰ ਰੁਪਏ ਭੇਟ



**ਜਲੰਧਰ (ਰਾਜੇਸ਼ ਥਾਪਾ)**-ਨਵਾਂ ਜ਼ਮਾਨਾ ਅਖਬਾਰ ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਗੁਰਮੀਤ ਸ਼ੁਗਲੀ ਦਾ ਪਿਛਲੇ ਦਿਨੀਂ ਦੇਹਾਂਤ ਹੋਣ ਤੋਂ ਬਾਅਦ 'ਜ਼ਿੰਦਗੀ ਦਾ ਜਸ਼ਨ' ਉਨ੍ਹਾਂ ਦੇ ਪਿੰਡ ਮੰਡ ਨੇੜੇ ਕਰਤਾਰਪੁਰ ਵਿਖੇ ਹੋਇਆ।

ਉਨ੍ਹਾਂ ਦੇ ਪਰਵਾਰ ਅਤੇ ਪੁੱਤਰ ਰਜਿੰਦਰ ਮੰਡ ਐਡਵੋਕੇਟ ਜੋ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਨ, ਨੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਆ ਕੇ ਉਨ੍ਹਾਂ ਦੀ ਯਾਦ ਵਿੱਚ 10000 ਰੁਪਏ ਕਮੇਟੀ ਨੂੰ ਦਿੱਤੇ।ਦੇਸ਼ ਭਗਤ ਯਾਦਗਾਰ ਸੰਸਥਾ ਨੂੰ ਪੈਸੇ ਦੇਣ ਬਾਬਤ ਐਡਵੋਕੇਟ ਸ਼ੁਗਲੀ ਜਿਉਂਦੇ ਜੀ ਕਹਿ ਗਏ ਸਨ।ਰਜਿੰਦਰ ਮੰਡ ਤੋਂ ਪੈਸੇ ਪ੍ਰਾਪਤ ਕਰਨ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ, ਚਰੰਜੀ ਲਾਲ ਕੰਗਣੀਵਾਲ, ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਸਿੰਘ ਔਲਖ ਤੇ ਨਵਾਂ ਜ਼ਮਾਨਾ ਦੇ ਸੀਨੀਅਰ ਪੱਤਰਕਾਰ ਰਜੇਸ਼ ਥਾਪਾ ਵੀ ਮੌਜੂਦ ਸਨ।ਇਸੇ ਦੌਰਾਨ ਦੇਸ਼ ਭਗਤ ਯਾਦਗਾਰ ਕਮੇਟੀ ਦੇ ਖਜ਼ਾਨਚੀ ਇੰਜੀਨੀਅਰ ਸੀਤਲ ਸਿੰਘ ਸੰਘਾ ਨੇ ਵੀ ਖੁਸ਼ੀ ਵਿੱਚ ਕਮੇਟੀ ਨੂੰ 5000 ਰੁਪਏ ਦਿੱਤੇ। ਕਮੇਟੀ ਧੰਨਵਾਦੀ ਹੈ।

## ਸਿੱਖਿਆ ਖੇਤਰ 'ਚ ਪੰਜਾਬ ਬਣਿਆ ਦੇਸ਼ 'ਚੋਂ ਮੋਹਰੀ : ਕਾਉਣੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਵਕੀਲ ਬਰਾੜ)**-ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਸਿੱਖਿਆ ਦੇ ਖੇਤਰ ਵਿੱਚ ਵੱਡੇ ਸੁਧਾਰ ਹੋਏ ਹਨ, ਜਿੱਥੇ ਵਿਕਾਸ ਵੱਡੇ ਪੱਧਰ 'ਤੇ ਹੋਇਆ ਹੈ, ਉੱਥੇ ਕੁਆਲਿਟੀ ਐਜੂਕੇਸ਼ਨ ਉੱਪਰ ਵੀ ਪੂਰਾ ਜ਼ੋਰ ਸਰਕਾਰ ਨੇ ਲਾਇਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛੱਤੇਆਣਾ ਵਿੱਚ ਆਪਣੇ ਅਖਤਿਆਰੀ ਕੋਟੇ ਵਿੱਚੋਂ ਦਿੱਤੀ ਗ੍ਰਾਂਟ ਨਾਲ ਬਣੇ ਨਵੇਂ ਸ਼ੈੱਡ ਦਾ ਉਦਘਾਟਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਦੇ ਸੁਹਿਰਦ ਯਤਨਾਂ ਨੂੰ ਬੂਰ ਪਿਆ ਹੈ, ਜਿਸ ਕਾਰਨ ਸਿੱਖਿਆ ਦੇ ਖੇਤਰ 'ਚ ਪੰਜਾਬ ਦੇਸ਼ ਭਰ ਵਿੱਚੋਂ ਮੋਹਰੀ ਹੋ ਕੇ ਨਿਕਲਿਆ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਅਜਿਹਾ ਸਾਧਨ ਹੈ, ਜਿਸ ਨਾਲ ਅਸੀਂ ਕਿਸੇ ਵੀ ਮੰਜ਼ਿਲ ਨੂੰ ਪਾ ਸਕਦੇ ਹਾਂ।ਉਨ੍ਹਾਂ ਵਿਦਿਆਰਥੀਆਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਤੇ ਕਿਹਾ ਕਿ ਪੰਜਾਬ ਸਰਕਾਰ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਵੀ ਯਤਨਸ਼ੀਲ ਹੈ।ਇਸ ਸਦਕਾ ਹੀ ਇਸ ਸਾਲ ਦੇ ਜੇਈ ਤੇ ਨੀਟ ਦੇ ਨਤੀਜਿਆਂ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ ਹਨ।

## ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਨੇ ਰੁੱਖ ਲਾਉਣ ਮੁਹਿੰਮ ਦੀ ਕੀਤੀ ਸ਼ੁਰੂਆਤ



**ਜਗਰਾਉਂ (ਅਮਿਤ ਖੰਨਾ/ਸੰਜੀਵ ਅਰੋੜਾ)**-ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਫਰੈਂਡਰੇਸ਼ਨ ਆਫ ਪ੍ਰਾਈਵੇਟ ਸਕੂਲਸ ਐਂਡ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਚਲਾਈ ਜਾ ਰਹੀ ਮਿਸ਼ਨ ਹਰਿਆਲੀ ਮੁਹਿੰਮ ਤਹਿਤ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਪ੍ਰਿੰਸੀਪਲ ਮੈਡਮ ਗੀਨਾ ਚੇਤਕਾ ਦੀ ਅਗਵਾਈ ਹੇਠ ਪੌਦੇ ਲਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਵਿੱਚ ਸਕੂਲ ਵਿਦਿਆਰਥੀਆਂ, ਟੀਚਰਾਂ ਤੇ ਉਨ੍ਹਾਂ ਦੇ ਮਾਪਿਆਂ ਦੁਆਰਾ ਯੋਗਦਾਨ ਪਾਉਣ ਲਈ ਉਤਸ਼ਾਹਤ ਕੀਤਾ ਗਿਆ। ਮਿਸ਼ਨ ਹਰਿਆਲੀ ਤਹਿਤ ਸਕੂਲ ਨੇ ਫੁੱਲਾਂ, ਫ਼ਲਾਂ ਤੇ ਛਾਂ ਦਾ ਦਰੱਖਤਾਂ ਦੀ ਵੰਨ ਗੀਤ ਹਿੱਤ 700 ਪੌਦੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਲਾਉਣ ਲਈ ਵੰਡੇ ਗਏ। ਸਕੂਲ ਦੁਆਰਾ ਬੱਚਿਆਂ ਨੂੰ ਪੌਦੇ ਲਾਉਣ ਤੋਂ ਇਲਾਵਾ ਉਨ੍ਹਾਂ ਦੀ ਦੇਖਭਾਲ ਅਤੇ ਸਾਂਭ ਸੰਭਾਲ ਕਰਨ ਲਈ ਵੀ ਪ੍ਰੇਰਿਆ ਗਿਆ। ਸਕੂਲ ਪ੍ਰਿੰਸੀਪਲ ਮੈਡਮ ਗੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਸਕੂਲ ਐਸੋਸੀਏਸ਼ਨ ਵੱਲੋਂ 50 ਲੱਖ ਦਰੱਖਤ ਲਾਉਣ ਦੇ ਟੀਚੇ ਦੀ ਸ਼ਲਾਘਾ ਕਰਨ ਤੇ ਧੰਨਵਾਦ ਕਰਦਿਆਂ ਕਿਹਾ ਸਕੂਲ ਦੇ ਅਧਿਆਪਕ ਬੱਚੇ ਮਾਪੇ ਤੇ ਮੈਨੇਜਮੈਂਟ ਅਜਿਹੇ ਸਮਾਜਿਕ ਤੇ ਵਾਤਾਵਰਣ ਨੂੰ ਬਚਾਉਣ ਵਾਲੇ ਕੰਮਾਂ ਅਤੇ ਯਤਨਾਂ ਲਈ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਤਿਆਰ ਖੜੀ

## ਹਰਚੰਦ ਸਿੰਘ ਬਰਸਟ ਨੇ ਲੋਕ ਮਿਲਣੀ ਪ੍ਰੋਗਰਾਮ 'ਚ ਸੁਣੀਆਂ ਸਮੱਸਿਆਵਾਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਕੀਤਾ ਗਿਆ।ਇਸ ਮੌਕੇ ਸ੍ਰ. ਬਰਸਟ ਨੇ ਲੋਕਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ, ਜਿਨ੍ਹਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਇਸ ਦੌਰਾਨ ਸ੍ਰ. ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਤੇ ਅਸੀਂ ਹਮੇਸ਼ਾ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹਾਂ।ਪੰਜਾਬ ਸਰਕਾਰ ਦਾ ਮੁੱਖ ਮਕਸਦ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਜਿਸ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਤੇ ਸੂਬੇ ਦੀ ਤਰੱਕੀ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ਹਿਰਾਂ ਤੇ ਪਿੰਡਾਂ ਦੀ ਤਰੱਕੀ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਪੰਜਾਬ ਸਰਕਾਰ ਸੂਬੇ ਦੀ ਤਰੱਕੀ ਤੇ ਵਿਕਾਸ ਸਮੇਤ ਸਾਰੇ ਵਰਗਾਂ ਦੀ ਭਲਾਈ ਤੇ ਬਿਹਤਰੀ ਲਈ ਵਚਨਬੱਧ ਹੈ।ਉਨ੍ਹਾ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਲੋਕ ਮਿਲਣੀ ਪ੍ਰੋਗਰਾਮ ਕੀਤੇ ਜਾਣਗੇ।ਇਸ ਮੌਕੇ ਜਸਬੀਰ ਕੌਰ ਸ਼ੇਰਗਿੱਲ ਚੇਅਰਮੈਨ ਮਾਰਕਿਟ ਕਮੇਟੀ ਦਿੜ੍ਹਬਾ, ਬਲਵਿੰਦਰ ਸਿੰਘ ਸਰਪੰਚ ਸੇਂਸਰਵਾਲ, ਗਿੰਨੀ, ਸਰਪੰਚ ਜਗਸੀਰ ਸਿੰਘ ਗੁਰੂ ਤੇਗ ਬਹਾਦਰ ਨਗਰ, ਮੁੱਖਤਿਆਰ ਸਿੰਘ ਡਰੋਲਾ, ਮੇਜਰ ਸਿੰਘ ਪਾਤੜਾ, ਪ੍ਰਤਾਪ ਸਿੰਘ ਗੱਜੂਮਾਜਰਾ, ਸਤਨਾਮ ਸਿੰਘ, ਧਨੰਤਰ ਸਿੰਘ, ਰਾਜ ਕੁਮਾਰ ਸਚਦੇਵਾ, ਰਵਿੰਦਰ ਸਿੰਘ ਸਮਾਣਾ ਮੌਜੂਦ ਰਹੇ।

## ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਜ਼ਿਲ੍ਹੇ 'ਚ 3.50 ਲੱਖ ਪੌਦੇ ਲਗਾਏ ਜਾਣਗੇ : ਪਵਨ ਸ੍ਰੀਧਰ

***ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੈਣੀ ਬਾਘਾ ਤੋਂ ਪੌਦੇ ਲਾਉਣ ਦੀ ਮੁਹਿੰਮ ਕੀਤੀ ਸ਼ੁਰੂ***



ਮਾਨਸਾ (ਆਤਮਾ ਸਿੰਘ ਪਮਾਰ) : ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਮਾਨਸਾ ਜ਼ਿਲ੍ਹੇ 'ਚ 3.50 ਲੱਖ ਪੌਦੇ ਲਗਾਏ ਜਾਣਗੇ। ਇਹ ਜਾਣਕਾਰੀ ਜ਼ਿਲ੍ਹਾ ਜੰਗਲਾਤ ਅਫ਼ਸਰ ਪਵਨ ਸ੍ਰੀਧਰ ਨੇ ਦਿੱਤੀ। ਪੰਜਾਬ ਸਰਕਾਰ ਦੀ ਇਸ ਵਿਸ਼ੇਸ਼ ਮੁਹਿੰਮ ਤਹਿਤ ਆਜ਼ਾਦੀ ਘੁਲਾਟੀਆ ਕੁੰਦਨ ਸਿੰਘ ਪੀ. ਐੱਮ. ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੈਣੀ ਬਾਘਾ ਵਿਖੇ ਪ੍ਰਿੰਸੀਪਲ, ਸਟਾਫ, ਪਿੰਡ ਦੇ ਸਰਪੰਚ ਤੇ ਹੋਰ ਮੋਹਤਬਰ ਵਿਅਕਤੀਆਂ ਦੀ ਮੌਜੂਦਗੀ ਵਿੱਚ ਪੌਦੇ ਲਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ। ਜ਼ਿਲ੍ਹਾ ਜੰਗਲਾਤ ਅਫ਼ਸਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਵਣ ਵਿਭਾਗ ਦੀਆਂ ਥਾਵਾਂ ਤੋਂ ਇਲਾਵਾ ਸਕੂਲਾਂ, ਕਾਲਜਾਂ, ਪੰਚਾਇਤੀ ਥਾਵਾਂ, ਗੁਰਦੁਆਰਾ ਸਾਹਿਬਾਨਾਂ, ਸ਼ਮਸ਼ਾਨ ਘਾਟ ਤੇ ਹੋਰ ਖਾਲੀ ਥਾਵਾਂ 'ਤੇ ਸ਼ੀਸ਼ਮ, ਨਿੰਮ, ਬਰਮੀ ਡੇਕ, ਕਿੱਕਰ, ਜੰਡ ਆਦਿ ਰਵਾਇਤੀ ਕਿਸਮਾਂ ਦੇ ਪੌਦਿਆਂ ਦੇ ਨਾਲ-ਨਾਲ ਫਲਦਾਰ ਤੇ ਫੁੱਲਾਂ ਵਾਲੇ ਸਜਾਵਟੀ ਪੌਦੇ ਵੀ ਲਗਾਏ ਜਾਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਓ ਸਾਰੇ ਰਲ-ਮਿਲ ਕੇ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਤ ਮਿਸ਼ਨ ਨੂੰ ਕਾਮਯਾਬ ਕਰਨ ਵਿੱਚ ਆਪਣਾ ਯੋਗਦਾਨ ਪਾਈਏ ਤੇ ਵੱਧ ਤੋਂ ਵੱਧ ਪੌਦੇ ਲਗਾਈਏ। ਇਸ ਮੌਕੇ ਜੰਗਲਾਤ ਰੇਂਜ ਅਫ਼ਸਰ ਸੁਖਦੇਵ ਸਿੰਘ, ਵਣ ਗਾਰਡ ਇੰਚਾਰਜ ਭੈਣੀ ਬਾਘਾ ਇਕਬਾਲ ਸਿੰਘ, ਵਣ ਗਾਰਡ ਜਸਵਿੰਦਰ ਸਿੰਘ, ਸਰਪੰਚ ਹਰਜਿੰਦਰ ਸਿੰਘ, ਪੰਚਾਇਤ ਮੈਂਬਰ ਨੱਥਾ ਸਿੰਘ, ਸਕੂਲ ਮੁਖੀ ਯੋਗਿਤਾ ਜੋਸ਼ੀ ਤੋਂ ਇਲਾਵਾ ਸਕੂਲ ਸਟਾਫ 'ਚੋਂ ਲੈਕਚਰਾਰ ਜ਼ੀਆ, ਅਨੁਪਮ ਮਦਾਨ, ਚਰਨਜੀਤ ਕੌਰ, ਲਤਾ ਰਾਣੀ, ਗੀਤਾ ਰਾਣੀ, ਮੰਜੂ ਬੱਤਰਾ, ਦੀਪੂ ਰਾਣੀ, ਨੂਰ ਦੀਪ, ਸੀਮਾ ਰਾਣੀ, ਕਿਰਨਾ ਰਾਣੀ ਆਦਿ ਹਾਜ਼ਰ ਸਨ।

## ਟੀ ਬੀ ਮਰੀਜ਼ਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



**ਦਿੜ੍ਹਬਾ (ਜਸਵੀਰ ਲਾਡੀ)**-ਕਾਮਰੇਡ ਜਗਦੀਸ਼ ਫਰੀਡਮ ਫਾਈਟਰ ਸਿਵਲ ਹਸਪਤਾਲ ਸੰਗਰੂਰ ਵਿਖੇ ਟੀ. ਬੀ. ਮਰੀਜ਼ਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਡਾਕਟਰ ਸੰਜੇ ਕਾਮਰਾ ਸਿਵਲ ਸਰਜਨ ਸੰਗਰੂਰ ਤੇ ਜ਼ਿਲ੍ਹਾ ਟੀ. ਬੀ. ਅਫ਼ਸਰ ਡਾਕਟਰ ਨੈਂਸੀ ਗਰਗ ਦੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ੍ਰੀ ਅਰੂਪ ਸਿੰਗਲਾ ਪ੍ਰਧਾਨ ਸ੍ਰੀ ਦੁਰਗਾ ਸੇਵਾ ਦਲ ਕੈਂਪਸ ਸਿਵਲ ਹਸਪਤਾਲ ਸੰਗਰੂਰ ਤੇ ਡਾਕਟਰ ਰਵਿੰਦਰ ਕੌਰ ਨੇ 15 ਟੀ. ਬੀ. ਮਰੀਜ਼ਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ, ਜਿਸ ਵਿੱਚ ਸਰ੍ਹੋਂ ਦਾ ਤੇਲ, ਸੋਇਆਬੀਨ ਦੀਆਂ ਵੜੀਆਂ, ਸੁੱਕਾ ਦੁੱਧ, ਦਾਲਾਂ, ਚਾਹ ਪੱਤੀ, ਚੀਨੀ, ਕਾਲੇ ਛੋਲੇ ਤੇ 10 ਕਿੱਲੋ ਆਟਾ (ਲਾਗਤ ਲੱਗਭਗ 800/-ਪ੍ਰਤੀ ਕਿੱਟ) ਵੰਡੀਆਂ ਗਈਆਂ।ਇਸ ਮੌਕੇ ਟੀ. ਬੀ. ਕਲੀਨਿਕ ਵੱਲੋਂ ਵਿਸ਼ਾਲਦੀਪ ਸ਼ਰਮਾ, ਜਗਤਾਰ ਸਿੰਘ, ਇੰਦਰ ਕੁਮਾਰ, ਕਰਮਜੀਤ ਸਿੰਘ, ਹਰਜਿੰਦਰ ਚੋਪੜਾ, ਰਵੀ ਸ਼ੰਕਰ, ਅੰਕਿਤ ਗੋਇਲ, ਰਵਿੰਦਰ ਕੁਮਾਰ ਭੀਖੀ ਆਦਿ ਹਾਜ਼ਰ ਸਨ।

## ਸੰਵਿਧਾਨ ਬਚਾਓ ਰੈਲੀ ਪਾਇਲ ਦਾਣਾ ਮੰਡੀ 'ਚ ਹੋਵੇਗੀ : ਗਿੱਲ ਬੇਰ ਕਲਾਂ



**ਦੋਰਾਹਾ (ਹਰਿਮੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕਾਂਗਰਸ ਪਾਰਟੀ ਦੀ ਸੰਵਿਧਾਨ ਬਚਾਓ ਰੈਲੀ 13 ਜੁਲਾਈ ਨੂੰ ਦਾਣਾ ਮੰਡੀ ਪਾਇਲ ਵਿਖੇ ਹੋਵੇਗੀ। ਇਸ ਰੈਲੀ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਬੜਿੰਗ ਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਪ੍ਰਧਾਨ ਗਿੱਲ ਨੇ ਕਿਹਾ ਕਿ ਸੰਵਿਧਾਨ ਬਚਾਓ ਰੈਲੀ ਨੂੰ ਲੈ ਕੇ ਪਿੰਡਾਂ ਤੇ ਸ਼ਹਿਰਾਂ ਵਿੱਚ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਲਵੰਤ ਸਿੰਘ ਸੀਨੀਅਰ ਕਾਂਗਰਸੀ ਆਗੂ, ਰਿੰਮਾ ਸਿੰਘ, ਜਗਮੋਹਨ ਸਿੰਘ, ਬਲਜੀਤ ਸਿੰਘ, ਜੱਸਾ ਟਿੱਬਾ, ਜੋਬਨ ਖਾਨ, ਜਗਜੀਤ ਸਿੰਘ ਜੱਗੀ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਰਾਮ ਨਗਰ ਬਸਤੀ ਵਿਖੇ ਨਸ਼ਾ ਤਸਕਰਾਂ ਵੱਲੋਂ ਕੀਤੀ ਨਜਾਇਜ਼ ਉਸਾਰੀ ਢਾਹੀ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹਾ ਪੁਲਸ ਮੁਖੀ ਸ੍ਰੀ ਸਰਤਾਜ ਸਿੰਘ ਚਾਹਲ ਦੀ ਅਗਵਾਈ ਵਿੱਚ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਰਾਮ ਨਗਰ ਬਸਤੀ ਉੱਭਾਵਾਲ ਰੋਡ ਵਿਖੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਨਜਾਇਜ਼ ਮਕਾਨ ਨੂੰ ਢਾਹਿਆ ਗਿਆ। ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਮੁਲਜ਼ਮ ਅਮਰਜੀਤ ਕੌਰ ਉਰਫ ਮਾਣੋ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਦੇ 9 ਅਤੇ ਹੋਰ ਵੱਖ ਵੱਖ ਮਾਮਲਿਆਂ ਸਬੰਧੀ 3, ਕੁੱਲ 12 ਕੇਸ ਦਰਜ ਹਨ। ਅਮਰਜੀਤ ਕੌਰ ਉਰਫ ਮਾਣੋ ਦੇ ਪਤੀ ਭੋਲਾ ਸਿੰਘ ਉਰਫ ਹਰਬੰਸ ਸਿੰਘ ਉਰਫ ਅਵਤਾਰ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਦੇ 2 ਕੇਸ ਦਰਜ ਹਨ। ਅਮਰਜੀਤ ਕੌਰ ਉਰਫ ਮਾਣੋ ਦੀ ਸੱਸ ਸੁਰਜੀਤ ਕੌਰ ਉਰਫ ਜੀਤੋ ਖਿਲਾਫ 6 ਕੇਸ ਦਰਜ ਹਨ। ਅਮਰਜੀਤ ਕੌਰ ਉਰਫ ਮਾਣੋ ਦੀ ਧੀ ਜੈਸਮੀਨ ਉਰਫ ਕਾਲੋ ਖਿਲਾਫ ਇੱਕ ਕੇਸ ਦਰਜ ਹੈ। ਇਸ ਤਰ੍ਹਾਂ ਇੱਕੋ ਪਰਿਵਾਰ ਦੇ 4 ਮੈਂਬਰਾਂ 'ਤੇ 21 ਕੇਸ ਦਰਜ ਹਨ। ਜ਼ਿਲ੍ਹਾ ਪੁਲਸ ਮੁਖੀ ਨੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ। ਨਸ਼ਾ ਤਸਕਰਾਂ ਨੇ ਸੂਬੇ ਦੀ ਜਵਾਨੀ ਨੂੰ ਕੁਰਾਹੇ ਪਾਇਆ ਹੈ ਤੇ ਪੰਜਾਬ ਸਰਕਾਰ ਜਵਾਨੀ ਨੂੰ ਬਚਾਉਣ ਲਈ ਪੂਰੀ ਤਰ੍ਹਾਂ ਦ੍ਰਿੜ੍ਹ ਹੈ। ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਨਿਰੰਤਰ ਜਾਰੀ ਰਹੇਗੀ ਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਐੱਸ. ਪੀ. ਨਵਰੀਤ ਸਿੰਘ ਵਿਰਕ, ਡੀ.ਐੱਸ.ਪੀ. ਸੁਖਦੇਵ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਹਾਜ਼ਰ ਸਨ।

## ਮੇਟ ਦੀ ਧੱਕੇਸ਼ਾਹੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਕੰਮੇਆਣਾ, ਚਮੇਲੀ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਤੇ ਸਰਬ ਭਾਰਤ ਨੌਜਵਾਨ ਸਭਾ ਵੱਲੋਂ ਸਥਾਨਕ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਚਮੇਲੀ ਵਿਖੇ ਨਰੇਗਾ ਕਾਮਿਆਂ ਨਾਲ ਮੇਟ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਸੰਬੰਧੀ ਨਰੇਗਾ ਕਾਮਿਆਂ ਦੀ ਇੱਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਕਾਮਰੇਡ ਵੀਰ ਸਿੰਘ ਕੰਮੇਆਣਾ, ਜ਼ਿਲ੍ਹਾ ਆਗੂ ਬਲਕਾਰ ਸਿੰਘ ਸਹੋਤਾ ਤੇ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਚਮੇਲੀ ਦੀ ਅਗਵਾਈ ਵਿੱਚ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਉਪਰੋਕਤ ਆਗੂਆਂ ਨੇ ਦੱਸਿਆ ਕਿ ਇਸ ਪਿੰਡ ਵਿੱਚ ਲਗਭਗ 40 ਦੀ ਗਿਣਤੀ ਵਿੱਚ ਨਰੇਗਾ ਮਜ਼ਦੂਰ ਕੰਮ ਕਰਦੇ ਹਨ, ਜਿਨ੍ਹਾਂ ਪਿੱਛੇ ਇੱਕ ਮੇਟ ਗੁਰਜੀਤ ਕੌਰ ਕੰਮ ਚਲਾ ਰਹੀ ਹੈ ਤੇ ਇਸ ਮੇਟ ਵੱਲੋਂ ਮਨਮਾਨੀਆਂ ਕਰਦੇ ਹੋਏ ਹੋਏ ਕੁਝ ਨਰੇਗਾ ਕਾਮਿਆਂ ਨਾਲ ਪੱਖਪਾਤ ਕੀਤਾ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਉਪਰੋਕਤ ਮੇਟ ਵੱਲੋਂ ਕੰਮ ਦੀਆਂ ਹਾਜ਼ਰੀਆਂ ਆਪਣੀ ਮਰਜ਼ੀ ਮੁਤਾਬਕ ਲਗਾਈਆਂ ਜਾ ਰਹੀਆਂ ਹਨ ਤੇ ਇੱਥੋਂ ਤੱਕ ਕਿ ਲਗਭਗ 2 ਮਹੀਨੇ ਕੰਮ ਕਰ ਚੁੱਕੇ ਕੁਝ ਨਰੇਗਾ ਮਜ਼ਦੂਰਾਂ ਦੇ ਪੈਸੇ ਉਨ੍ਹਾਂ ਦੇ ਖਾਤੇ ਵਿੱਚ ਪਾਉਣ ਦੀ ਬਜਾਏ ਕਿਸੇ ਹੋਰ ਦੇ ਖਾਤੇ ਵਿੱਚ ਪਾ ਕੇ ਉਨ੍ਹਾਂ ਦੀ ਲੁੱਟ ਕੀਤੀ ਹੈ। ਇਸ ਮੌਕੇ ਹਾਜ਼ਰ ਨਰੇਗਾ ਕਾਮਿਆਂ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕਰਦਿਆਂ ਕਿਹਾ ਕਿ ਉਪਰੋਕਤ ਮੇਟ ਖਿਲਾਫ ਬਣਦੀ ਕਾਰਵਾਈ ਕਰਕੇ ਇਸ ਨੂੰ ਬਦਲ ਕੇ ਪਿੰਡ ਵਿੱਚ ਕੋਈ ਇਮਾਨਦਾਰ ਮੇਟ ਲਾਇਆ ਜਾਵੇ ਤਾਂ ਜੋ ਨਰੇਗਾ ਦੇ ਕੰਮ ਨੂੰ ਪਾਰਦਰਸ਼ੀ ਢੰਗ ਨਾਲ ਚਲਾਇਆ ਜਾ ਸਕੇ।



## 9 ਕੁਇੰਟਲ ਚੂਰਾ ਪੋਸਤ ਤੇ ਟਰੱਕ ਸਮੇਤ 3 ਵਿਅਕਤੀ ਗ੍ਰਿਫ਼ਤਾਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੂਬਾ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਵਿੱਢੀ ਗਈ ਮੁਹਿੰਮ ਤਹਿਤ ਅਮਨੀਤ ਕੌਂਡਲ ਐੱਸ.ਐੱਸ.ਪੀ. ਤੇ ਅਵਨੀਤ ਕੌਰ ਏ.ਆਈ.ਜੀ. ਕਾਊਂਟਰ ਇੰਟੈਲੀਜੈਂਸ ਦੀ ਰਹਿਨੁਮਾਈ ਹੇਠ ਅਤੇ ਨਰਿੰਦਰ ਸਿੰਘ ਐੱਸ ਪੀ ਸਿਟੀ ਦੀ ਨਿਗਰਾਨੀ ਵਿੱਚ ਸੰਦੀਪ ਸਿੰਘ ਭਾਟੀ ਡੀ.ਐੱਸ.ਪੀ. ਸਿਟੀ-1 ਦੀ ਅਗਵਾਈ ਵਿੱਚ ਬਠਿੰਡਾ ਪੁਲਸ ਤੇ ਕਾਊਂਟਰ ਇੰਟੈਲੀਜੈਂਸ ਦੇ ਸਾਂਝੇ ਉਪਰੇਸ਼ਨ ਦੌਰਾਨ 9 ਕੁਇੰਟਲ ਚੂਰਾ ਪੋਸਤ ਤੇ ਇੱਕ ਟਰੱਕ ਸਮੇਤ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਵੱਡੀ ਕਾਮਯਾਬੀ ਹਾਸਲ ਕੀਤੀ। ਪੁਲਸ ਵੱਲੋਂ ਜਾਰੀ ਬਿਆਨ ਅਨੁਸਾਰ 6 ਜੁਲਾਈ ਨੂੰ ਸਥਾਨਕ ਥਾਣਾ ਕੈਨਾਲ ਕਲੋਨੀ ਤੇ ਕਾਊਂਟਰ ਇੰਟੈਲੀਜੈਂਸ ਦੀ ਪੁਲਸ ਪਾਰਟੀ ਵੱਲੋਂ ਸ਼ੱਕੀ ਪੁਰਸ਼ਾਂ ਤੇ ਸ਼ੱਕੀ ਵਹੀਕਲਾਂ ਦੀ ਚੈਕਿੰਗ ਸਬੰਧੀ ਨੰਨ੍ਹੀ ਛਾਂ ਚੌਕ ਕੋਲ ਗਸ਼ਤ ਕਰ ਰਹੇ ਸਨ, ਬਾਦਲ ਰੋਡ ਰਿੰਗ ਰੋਡ ਟੀ-ਪੁਆਇੰਟ 'ਤੇ ਇੱਕ ਟਰੱਕ ਨੰਬਰੀ ਆਰ ਜੇ 6 ਜੀ ਬੀ 8586 ਖੜਾ ਸੀ, ਜਿਸ 'ਤੇ 3 ਵਿਅਕਤੀ ਤਰਪਾਲ ਨਾਲ ਛੇੜਛਾੜ ਕਰ ਰਹੇ ਸਨ, ਜਿਨ੍ਹਾਂ ਨੂੰ ਪੁਲਸ ਪਾਰਟੀਆਂ ਵੱਲੋਂ ਚੈਕਿੰਗ ਕੀਤੀ ਗਈ ਤਾਂ ਟਰੱਕ ਵਿੱਚੋਂ ਭਾਰੀ ਮਾਤਰਾ ਵਿੱਚ ਚੂਰਾ ਪੋਸਤ ਬਰਾਮਦ ਹੋਇਆ। ਤਿੰਨਾਂ ਵਿਅਕਤੀਆਂ ਦੀ ਪਛਾਣ ਸਾਵਰ ਲਾਲ ਪੁੱਤਰ ਪੋਲੂ ਸਿੰਘ ਵਾਸੀ ਅਜਮੇਰ ਰਾਜਸਥਾਨ, ਜਗਦੀਪ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਪਿੰਡ ਨਿਊਰ ਜ਼ਿਲ੍ਹਾ ਬਠਿੰਡਾ ਤੇ ਗੁਰਤੇਜ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਪਿੰਡ ਕੋਠਾ ਗੁਰੂ ਜ਼ਿਲ੍ਹਾ ਬਠਿੰਡਾ ਵਜੋਂ ਹੋਈ। ਇਨ੍ਹਾਂ ਨੇ ਆਪਣੀ ਤਲਾਸ਼ੀ ਕਿਸੇ ਗਜ਼ਟਿਡ ਅਫਸਰ ਦੀ ਹਾਜ਼ਰੀ ਵਿੱਚ ਕਰਨ ਲਈ ਕਿਹਾ ਤਾਂ ਮੌਕੇ 'ਤੇ ਸ੍ਰੀ ਸੰਦੀਪ ਸਿੰਘ ਭਾਟੀ ਪੀ.ਪੀ.ਐੱਸ ਡੀ.ਐੱਸ.ਪੀ ਸਿਟੀ-1 ਬਠਿੰਡਾ ਵੱਲੋਂ ਕੀਤੀ ਗਈ। ਇਨ੍ਹਾਂ ਤਿੰਨਾਂ ਵਿਅਕਤੀਆਂ ਨੂੰ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਗਿਆ।

## ਨਰੇਸ਼ ਜਿੰਦਲ ਸਰਬਸੰਮਤੀ ਨਾਲ ਕੈਮਿਸਟ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਬਣੇ

### ਕੈਮਿਸਟਾਂ ਦੇ ਹਿੱਤਾਂ ਨੂੰ ਨੁਕਸਾਨ ਨਹੀਂ ਪਹੁੰਚਣ ਦੇਵਾਂਗੇ : ਜਿੰਦਲ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਦੀ ਮੀਟਿੰਗ ਵਿੱਚ ਨਰੇਸ਼ ਜਿੰਦਲ ਨੂੰ ਫਿਰ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ ਤੇ ਰਾਜੀਵ ਜੈਨ ਨੂੰ ਸਕੱਤਰ ਚੁਣਿਆ ਗਿਆ। ਜ਼ਿਲ੍ਹੇ ਦੇ ਕੈਮਿਸਟ ਲੰਬੇ ਸਮੇਂ ਤੋਂ ਉਕਤ ਪ੍ਰਤੀਨਿਧੀਆਂ 'ਤੇ ਵਿਸ਼ਵਾਸ ਪ੍ਰਗਟ ਕਰਦੇ ਆ ਰਹੇ ਹਨ। ਇਸ ਤੋਂ ਪਹਿਲਾਂ ਐਸੋਸੀਏਸ਼ਨ ਨੇ ਜਨਤਕ ਤੌਰ 'ਤੇ ਉਕਤ ਅਹੁਦਿਆਂ ਲਈ ਅਰਜ਼ੀਆਂ ਮੰਗੀਆਂ ਸਨ, ਪਰ ਕਿਸੇ ਵੀ ਕੈਮਿਸਟ ਨੇ ਅਰਜ਼ੀ ਨਹੀਂ ਦਿੱਤੀ। ਮੀਟਿੰਗ ਵਿੱਚ, ਕੈਮਿਸਟਾਂ ਨੂੰ ਦੁਬਾਰਾ ਇਨ੍ਹਾਂ ਅਹੁਦਿਆਂ ਲਈ ਅੱਗੇ ਆਉਣ ਲਈ ਕਿਹਾ ਗਿਆ। ਕੈਮਿਸਟਾਂ ਨੇ ਨਰੇਸ਼ ਜਿੰਦਲ ਤੇ ਰਾਜੀਵ ਜੈਨ ਦੀ ਅਗਵਾਈ ਵਿੱਚ ਵਿਸ਼ਵਾਸ ਦਾ ਐਲਾਨ ਕੀਤਾ ਤੇ ਦੋਵਾਂ ਨੂੰ ਕ੍ਰਮਵਾਰ ਪ੍ਰਧਾਨ ਤੇ ਸਕੱਤਰ ਚੁਣਿਆ। ਇਸ ਮੌਕੇ ਨਰੇਸ਼ ਜਿੰਦਲ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਕਿਸੇ ਵੀ ਕੈਮਿਸਟ ਦੇ ਹਿੱਤਾਂ ਨੂੰ ਨੁਕਸਾਨ ਨਹੀਂ ਪਹੁੰਚਾਉਣ ਦੇਣਗੇ। ਕੈਮਿਸਟਾਂ ਨੂੰ ਡਰੱਗ ਵਿਭਾਗ ਦੇ ਨਿਯਮਾਂ ਤੇ ਕਾਨੂੰਨਾਂ ਦੇ ਅੰਦਰ ਰਹਿ ਕੇ ਆਪਣਾ ਕਾਰੋਬਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕੇਂਦਰ ਤੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਦਵਾਈਆਂ ਦੀ ਆਨਲਾਈਨ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਜਾਵੇ। ਇਸ ਦੌਰਾਨ ਸੰਗਰੂਰ ਬਲਾਕ ਕੈਮਿਸਟ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਬਲਵਿੰਦਰ ਸਿੰਘ ਬਬਲਾ ਨੂੰ ਪ੍ਰਧਾਨ, ਵਿਨੀਤ ਜਿੰਦਲ ਨੂੰ ਜਨਰਲ ਸਕੱਤਰ ਬਣਾਇਆ ਗਿਆ। ਇਸ ਤੋਂ ਇਲਾਵਾ ਮੁਨੀਸ਼ ਸਿੰਗਲਾ ਨੂੰ ਥੋਕ ਕੈਮਿਸਟ ਐਸੋਸੀਏਸ਼ਨ ਦਾ ਪ੍ਰਧਾਨ ਤੇ ਸੁਸ਼ੀਲ ਉੱਪਲ ਨੂੰ ਜਨਰਲ ਸਕੱਤਰਸ ਪ੍ਰੇਮ ਚੰਦ ਨੂੰ ਚੇਅਰਮੈਨ, ਸਤੀਸ਼ ਸਿੰਗਲਾ ਨੂੰ ਖਜ਼ਾਨਚੀ, ਵਿਨੋਦ ਹੈਪੀ ਨੂੰ ਸੰਗਠਨ ਸਕੱਤਰ, ਰਾਕੇਸ਼ ਧੂਰੀ ਤੇ ਦਵਿੰਦਰ ਵਸ਼ਿਸ਼ਟ ਨੂੰ ਸੀਨੀਅਰ ਉੱਪ ਪ੍ਰਧਾਨ, ਪਰਮਿੰਦਰ ਸਿੰਘ, ਸਤਿੰਦਰ ਕੁਮਾਰ, ਫਕੀਰ ਚੰਦ, ਸਤਪਾਲ ਸ਼ਰਮਾ, ਕੌਰ ਸਿੰਘ ਢੀਂਡਸਾ, ਡਾ. ਰਾਮ ਲਾਲ, ਡਾ. ਗੁਰਚਰਨ ਸਿੰਘ ਤੇ ਗੋਗੀ ਚੀਮਾ ਨੂੰ ਉੱਪ-ਪ੍ਰਧਾਨ ਬਣਾਇਆ ਗਿਆ।

ਇਸ ਤੋਂ ਇਲਾਵਾ ਯੋਗੇਸ਼ ਚੋਪੜਾ ਨੂੰ ਵਧੀਕ ਜਨਰਲ ਸਕੱਤਰ, ਅਜਾਇਬ ਸਿੰਘ ਸੈਣੀ ਨੂੰ ਪੀ.ਆਰ.ਓ., ਡਾ. ਦਲਜੀਤ ਸਿੰਘ, ਖੁਸ਼ਵਿੰਦਰ ਸ਼ਰਮਾ, ਭੂਸ਼ਣ ਗੋਇਲ, ਗੁਰਜੰਟ ਸਿੰਘ, ਰਾਕੇਸ਼ ਕੁਮਾਰ, ਪ੍ਰਵੀਨ ਮਦਾਨ, ਗੁਰਿੰਦਰ ਕੁਮਾਰ, ਜਸਪ੍ਰੀਤ ਰੰਮੀ ਨੂੰ ਸੰਯੁਕਤ ਸਕੱਤਰ ਨਿਯੁਕਤ ਕੀਤਾ ਗਿਆ ਹੈ।

## ਸਪੈਸ਼ਲ ਟਿਕਟ ਜਾਂਚ ਮੁਹਿੰਮ 'ਚ 7.51 ਲੱਖ ਰੁਪਏ ਦੀ ਆਮਦਨ ਵਸੂਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਮੰਡਲ ਵਿੱਚ 7 ਜੁਲਾਈ 2025 ਨੂੰ ਇੱਕ ਵਿਸ਼ੇਸ਼ ਟਿਕਟ ਜਾਂਚ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਬਿਨਾਂ ਟਿਕਟ ਯਾਤਰਾ, ਅਨਿਯਮਤ ਯਾਤਰਾ ਅਤੇ ਟਿਕਟ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ। ਇਸ ਦੌਰਾਨ ਕੁੱਲ 1151 ਅਨਿਯਮਤ ਯਾਤਰੀਆਂ ਨੂੰ ਫੜਿਆ ਗਿਆ, ਜਿਸ ਨਾਲ 7.51 ਲੱਖ ਰੁਪਏ ਦੀ ਆਮਦਨ ਵਸੂਲ ਕੀਤੀ ਗਈ। ਇਹ ਜਾਂਚ ਮੁੱਖ ਤੌਰ 'ਤੇ 12238 (ਬੇਗਮਪੁਰਾ ਐਕਸਪ੍ਰੈਸ), 13006 (ਅੰਮ੍ਰਿਤਸਰ-ਹਾਵੜਾ ਮੇਲ), 15708 (ਆਮਰਪਾਲੀ ਐਕਸਪ੍ਰੈਸ), 12920 (ਮਾਲਵਾ ਐਕਸਪ੍ਰੈਸ), 12926 (ਪੱਛਮੀ ਐਕਸਪ੍ਰੈਸ), 19223 (ਜੰਮੂਤਵੀ ਐਕਸਪ੍ਰੈਸ), 19224 (ਸਾਬਰਮਤੀ ਐਕਸਪ੍ਰੈਸ), 19226 (ਜੰਮੂਤਵੀ-ਭਗਤ ਕੀ ਕੋਠੀ ਐਕਸਪ੍ਰੈਸ), 20423 (ਪਾਤਾਲਕੋਟ ਐਕਸਪ੍ਰੈਸ) ਤੇ 13308 (ਗੰਗਾ ਸਤਲੁਜ ਐਕਸਪ੍ਰੈਸ) ਟਰੇਨਾਂ ਵਿੱਚ ਕੀਤੀ ਗਈ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਰੇਲ ਯਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਹਮੇਸ਼ਾ ਜਾਇਜ਼ ਟਿਕਟ ਨਾਲ ਯਾਤਰਾ ਕਰਨ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਜਾਂ ਜੁਰਮਾਨੇ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਜਾਂਚ ਮੁਹਿੰਮਾਂ ਨਿਯਮਤ ਤੌਰ 'ਤੇ ਜਾਰੀ ਰਹਿਣਗੀਆਂ।

## ਚਾਰ ਕਿਸਾਨਾਂ ਦੀਆਂ ਖੇਤੀ ਮੋਟਰਾਂ ਤੋਂ ਕੇਬਲਾਂ ਚੋਰੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਕ੍ਰਿਪਾਲ ਸਿੰਘ ਵਾਲਾ 'ਚ ਇੱਕ ਗਿਰੋਹ ਵੱਲੋਂ ਚਾਰ ਕਿਸਾਨਾਂ ਦੀਆਂ ਖੇਤੀ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ ਕਰਕੇ ਲੈ ਜਾਣ ਦੀ ਖ਼ਬਰ ਮਿਲੀ ਹੈ।ਪੀੜਤ ਕਿਸਾਨਾਂ ਹੈਪੀ ਢਿੱਲੋਂ, ਜੋਗਿੰਦਰ ਸਿੰਘ ਢਿੱਲੋਂ, ਕਰਮਜੀਤ ਸਿੰਘ ਤੇ ਦਵਿੰਦਰ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਚੋਰਾਂ ਵੱਲੋਂ ਕਿਸਾਨ ਸੁਰਿੰਦਰ ਸਿੰਘ ਕਲੇਰ, ਹੈਪੀ ਢਿੱਲੋਂ, ਰਜਿੰਦਰ ਕੁਮਾਰ, ਅਮਰਜੀਤ ਸਿੰਘ ਕਲਾਲ ਮਾਜਰਾ ਦੀਆਂ ਖੇਤੀ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ ਹੋਣ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਪਹੁੰਚਿਆ ਹੈ।ਕਿਸਾਨਾਂ ਨੇ ਦੱਸਿਆ ਕਿ ਇਹ ਚੋਰੀ ਦੀ ਘਟਨਾ ਦਾ ਸਵੇਰੇ ਉਸ ਵੇਲੇ ਪਤਾ ਲੱਗਾ, ਜਦੋਂ ਉਹ ਖੇਤਾਂ ਵੱਲ ਗੇੜਾ ਮਾਰਨ ਪਹੁੰਚੇ।ਜ਼ਿਕਰਯੋਗ ਹੈ ਕਿ ਇਸ ਘਟਨਾ ਤੋਂ ਇੱਕ ਦਿਨ ਪਹਿਲਾ ਹੀ ਪਿੰਡ ਲੋਹਗੜ੍ਹ ਦੇ ਦਰਜਨਾਂ ਕਿਸਾਨਾਂ ਦੀਆਂ ਖੇਤੀ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ ਹੋਣ ਦੇ ਮਾਮਲੇ 'ਚ ਪੁਲਸ ਅਜੇ ਕਿਸੇ ਸਿੱਟੇ 'ਤੇ ਨਹੀਂ ਪਹੁੰਚ ਸਕੀ।ਉਪਰੋ ਥੱਲੀ ਲਗਾਤਾਰ ਵਾਪਰ ਰਹੀਆਂ ਚੋਰੀ ਦੀਆਂ ਘਟਨਾਵਾਂ ਨੇ ਲੋਕਾਂ ਦੇ ਨੱਕ 'ਚ ਦਮ ਕਰ ਰੱਖਿਆ ਹੈ।

## ਟ੍ਰੇਨਿੰਗ ਕੈਂਪ 'ਚ ਟ੍ਰੈਫ਼ਿਕ ਤੇ ਡਰੱਗ ਜਾਗਰੂਕਤਾ 'ਤੇ ਸੈਸ਼ਨ



**ਨਾਭਾ (ਵਰਿੰਦਰ ਵਰਮਾ)**-ਡੀ.ਐਸ.ਪੀ. ਟ੍ਰੈਫਿਕ ਪੰਜਾਬ, ਕਰਨੈਲ ਸਿੰਘ ਵੱਲੋਂ ਚੰਡੀਗੜ੍ਹ ਯੂਨੀਵਰਸਿਟੀ, ਮੁਹਾਲੀ ਵਿਖੇ ਐਨ.ਸੀ.ਸੀ. ਏਅਰ ਵਿੰਗ ਸਾਲਾਨਾ ਸਿਖਲਾਈ ਕੈਂਪ ਵਿਖੇ ਟ੍ਰੈਫਿਕ ਤੇ ਡਰੱਗ ਜਾਗਰੂਕਤਾ ਬਾਰੇ ਇੱਕ ਅਹਿਮ ਸੈਸ਼ਨ ਦਾ ਆਯੋਜਨ ਕੀਤਾ ਗਿਆ।ਡੀਐਸਪੀ ਕਰਨੈਲ ਸਿੰਘ ਨੇ 600 ਤੋਂ ਵੱਧ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਦੀ ਮਹੱਤਤਾ 'ਤੇ ਚਾਨਣਾ ਪਾਇਆ।ਉਨ੍ਹਾਂ ਲਾਪ੍ਰਵਾਹੀ ਨਾਲ ਗੱਡੀ ਚਲਾਉਣ ਦੇ ਖ਼ਤਰਿਆਂ ਤੇ ਇਸ ਦੇ ਸੰਭਾਵਿਤ ਨਤੀਜਿਆਂ ਬਾਰੇ ਚਰਚਾ ਕੀਤੀ।ਉਨ੍ਹਾਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਪ੍ਰਭਾਵ ਤੇ ਸਮਾਜ ਉੱਤੇ ਇਸ ਦੇ ਵਿਨਾਸ਼ਕਾਰੀ ਪ੍ਰਭਾਵ ਨੂੰ ਉਜਾਗਰ ਕੀਤਾ।ਡੀ.ਐਸ.ਪੀ. ਕਰਨੈਲ ਸਿੰਘ ਨੇ ਕੈਡਿਟਾਂ ਨੂੰ ਸੜਕ ਸੁਰੱਖਿਆ ਦੇ ਅੰਬੈਸਡਰ ਵਜੋਂ ਕੰਮ ਕਰਨ ਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਚੌਕਸ ਰਹਿਣ ਲਈ ਉਤਸ਼ਾਹਤ ਕੀਤਾ।ਸੈਸ਼ਨ ਦਾ ਉਦੇਸ਼ ਨੌਜਵਾਨ ਕੈਡਿਟਾਂ 'ਚ ਜ਼ਿੰਮੇਵਾਰੀ ਦੀ ਭਾਵਨਾ ਤੇ ਜਾਗਰੂਕਤਾ ਪੈਦਾ ਕਰਨਾ ਸੀ।ਕੈਂਪ ਕਮਾਂਡੈਂਟ ਗਰੁੱਪ ਕੈਪਟਨ ਅਜੈ ਭਾਰਦਵਾਜ ਤੇ ਡਾਇਰੈਕਟਰ ਚੰਡੀਗੜ੍ਹ ਯੂਨੀਵਰਸਿਟੀ ਕੈਪਟਨ (ਡਾ.) ਗੁਰਪ੍ਰੀਤ ਸਿੰਘ ਨੇ ਡੀ. ਐਸ. ਪੀ. ਕਰਨੈਲ ਸਿੰਘ ਦਾ ਉਨ੍ਹਾਂ ਦੇ ਪ੍ਰਭਾਵਸ਼ਾਲੀ ਸੈਸ਼ਨ ਲਈ ਧੰਨਵਾਦ ਕੀਤਾ ਤੇ ਸ਼ੁਭਕਾਮਨਾਵਾਂ ਦਿੱਤੀਆਂ।

## ਖੇਤੀਬਾੜੀ ਮੰਤਰੀ ਖੁੱਡੀਆਂ ਨੇ ਸੰਜੈ ਵਰਮਾ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਦੇ ਖੇਤੀਬਾੜੀ ਮੰਤਰੀ ਸ੍ਰ: ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਅਬੋਹਰ ਦੇ ਕਾਰੋਬਾਰੀ ਸੰਜੈ ਵਰਮਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ।ਉਨ੍ਹਾਂ ਇਸ ਮੌਕੇ ਮ੍ਰਿਤਕ ਸੰਜੈ ਵਰਮਾ ਦੇ ਭਰਾ ਜਗਤ ਵਰਮਾ ਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਸੰਜੈ ਵਰਮਾ ਦੇ ਰੂਪ ਵਿਚ ਇਕ ਬਹੁਤ ਹੀ ਨੇਕ ਇਨਸਾਨ ਸਾਥੋਂ ਵਿੱਛੜ ਗਿਆ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਜਾਣ ਨਾਲ ਨਾ ਕੇਵਲ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਸਗੋਂ ਇਹ ਇੱਕ ਵੱਡਾ ਸਮਾਜਿਕ ਨੁਕਸਾਨ ਵੀ ਹੈ।ਉਨ੍ਹਾਂ ਕਿਹਾ ਕਿ ਵਰਮਾ ਪਰਿਵਾਰ ਨੇ ਸਖ਼ਤ ਮਿਹਨਤ ਕਰਕੇ ਸਮਾਜ ਵਿੱਚ ਆਪਣਾ ਰੁਤਬਾ ਬਣਾਇਆ ਸੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਸੰਜੈ ਵਰਮਾ ਦੇ ਕਾਤਲਾਂ ਨੂੰ ਲੱਭ ਕੇ ਅਜਿਹੀ ਸਖ਼ਤ ਸਜ਼ਾ ਦਿਵਾਈ ਜਾਵੇ, ਜੋ ਹੋਰਨਾਂ ਮੁਜਰਮਾਂ ਲਈ ਵੀ ਖੌਫ ਦਾ ਕਾਰਨ ਬਣੇ।ਉਨ੍ਹਾਂ ਕਿਹਾ ਕਿ ਜੋ ਕੋਈ ਵੀ ਇਸ ਵਾਰਦਾਤ ਵਿੱਚ ਸ਼ਾਮਲ ਹੈ, ਉਸ ਨੂੰ ਕਾਨੂੰਨ ਅਨੁਸਾਰ ਸਖਤ ਤੋਂ ਸਖ਼ਤ ਸਜ਼ਾ ਦਿਵਾਈ ਜਾਵੇਗੀ।ਉਨ੍ਹਾਂ ਨੇ ਕਿਹਾ ਕਿ ਸਰਕਾਰ ਪਰਵਾਰ ਦੇ ਨਾਲ ਖੜੀ ਹੈ ਤੇ ਪਰਵਾਰ ਨੂੰ ਇਨਸਾਫ ਦਿਵਾਇਆ ਜਾਵੇਗਾ।ਇਸ ਮੌਕੇ ਸਾਬਕਾ ਵਿਧਾਇਕ ਅਰੁਣ ਨਾਰੰਗ ਵੀ ਉਨ੍ਹਾਂ ਦੇ ਨਾਲ ਹਾਜ਼ਰ ਸਨ।

## ਖੁੱਡੀਆਂ ਨੇ ਲੰਬੀ ਹਲਕੇ 'ਚ ਸੜਕਾਂ ਦੇ ਨਵੀਨੀਕਰਨ ਦੇ ਰੱਖੇ ਨੀਂਹ ਪੱਥਰ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ 'ਚ 6.44 ਕਰੋੜ ਦੀ ਲਾਗਤ ਨਾਲ ਹੋਣ ਵਾਲੀ ਵੱਖ-ਵੱਖ ਸੜਕਾਂ ਦੀ ਅਪਗ੍ਰੇਡੇਸ਼ਨ ਦੇ ਨੀਂਹ ਪੱਥਰ ਰੱਖੇ।ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਖੁੱਡੀਆਂ ਤੋਂ ਮੇਨ ਰੋਡ (ਐਪਲ ਸਕੂਲ) ਵਾਇਆ ਢਾਣੀ ਪਾਣੀਪਤ ਵਾਲਿਆਂ ਦੀ ਵਾਲੀ ਸੜਕ, ਜਿਸ ਦੀ ਲੰਬਾਈ 3.15 ਕਿਲੋਮੀਟਰ ਹੈ, ਨੂੰ 1 ਕਰੋੜ 18 ਲੱਖ ਰੁਪਏ ਨਾਲ ਤਿਆਰ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਲੰਬੀ ਤੋਂ ਖੁੱਡੀਆਂ ਮਹਾਂ ਸਿੰਘ ਸੜਕ, ਜਿਸ ਦੀ ਲੰਬਾਈ 3.20 ਕਿਲੋਮੀਟਰ ਹੈ, ਦਾ 1 ਕਰੋੜ 67 ਲੱਖ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸ਼ਹਿਣਾ ਖੇੜਾ ਤੋਂ ਟੀ. ਆਰ.-01 ਤੋਂ ਐੱਨ.ਐੱਚ. 09 ਤੱਕ 4.71 ਲੰਬਾਈ ਵਾਲੀ ਸੜਕ 2 ਕਰੋੜ 02 ਲੱਖ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤੀ ਜਾਵੇਗੀ ਤੇ ਗੁਰੂਸਰ ਯੋਧਾ ਤੋਂ ਸ਼ਾਮ ਖੇੜਾ ਤੱਕ 2.54 ਕਿਲੋਮੀਟਰ ਲੰਬੀ ਸੜਕ ਦਾ 1 ਕਰੋੜ 23 ਲੱਖ ਰੁਪਏ ਨਾਲ ਨਵੀਨੀਕਰਨ ਕੀਤਾ ਜਾਵੇਗਾ।ਇਸੇ ਤਰ੍ਹਾਂ ਸ਼ਾਮ ਖੇੜਾ ਤੋਂ ਬਲੋਚ ਕੇਰਾਂ ਰੋਡ ਤੋਂ ਢਾਣੀ ਜਰਮਨ ਸਿੰਘ/ਉਦੈਪਾਲ ਸਿੰਘ ਸੜਕ, ਜਿਸ ਦੀ ਲੰਬਾਈ 1.09 ਕਿਲੋਮੀਟਰ ਹੈ, ਨੂੰ 34 ਲੱਖ ਰੁਪਏ ਦੀ ਲਾਗਤ ਨਵੇਂ ਸਿਰੇ ਤੋਂ ਤਿਆਰ ਕੀਤਾ ਜਾਵੇਗਾ।ਕੈਬਨਿਟ ਖੁੱਡੀਆਂ ਨੇ ਕਿਹਾ ਕਿ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਨਿਰਧਾਰਤ ਪ੍ਰੋਜੈਕਟ ਨੂੰ ਸਮੇਂ ਸਿਰ ਮੁਕੰਮਲ ਕਰਨ ਤਾਂ ਜੋ ਲੋਕਾਂ ਨੂੰ ਸੜਕਾਂ ਨਾਲ ਸੰਬੰਧਤ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਿਕਾਸ ਪ੍ਰੋਜੈਕਟ ਨੂੰ ਨੇਪਰੇ ਚਾੜ੍ਹਨ ਮੌਕੇ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਲੋਕਾਂ ਦੇ ਪੈਸੇ ਦੀ ਪੂਰੇ ਸਹੀ ਢੰਗ ਨਾਲ ਵਰਤਿਆ ਜਾਵੇ ਤੇ ਕਿਸੇ ਵੀ ਪੱਧਰ 'ਤੇ ਕਿਸੇ ਵੀ ਤਰ੍ਹਾਂ ਦਾ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਰਛਪਾਲ ਸਿੰਘ ਚੇਅਰਮੈਨ, ਕੈਬਨਿਟ ਮੰਤਰੀ ਦੇ ਨਿੱਜੀ ਸਹਾਇਕ ਗੁਰਬਾਜ ਸਿੰਘ ਖੁੱਡੀਆਂ, ਮੰਡੀ ਬੋਰਡ ਤੋਂ ਵੀਨਸ ਗਰਗ, ਰੁਪਿੰਦਰ ਸਿੰਘ ਸਿੱਧੂ ਸਰਪੰਚ ਖੁੱਡੀਆਂ ਗੁਲਾਬ ਸਿੰਘ, ਹਰਮੇਲ ਸਿੰਘ ਸਰਪੰਚ ਖੁੱਡੀਆਂ ਮਹਾਂ ਸਿੰਘ, ਤੋਜੀ ਲੰਬੀ, ਸ਼ਿਵਰਾਜ ਸਿੰਘ ਲੰਬੀ, ਗੁਰਦਿਆਲ ਸਿੰਘ ਤੋਂ ਇਲਾਵਾ ਸੰਬੰਧਤ ਵੱਖ-ਵੱਖ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਸਰਪੰਚ, ਪੰਚ ਤੇ ਹੋਰ ਮੋਹਤਬਰ ਹਾਜ਼ਰ ਸਨ।

## ਅਬੋਹਰ ਹੱਤਿਆ ਮਾਮਲੇ 'ਤੇ ਵਪਾਰੀ ਵਰਗ 'ਚ ਰੋਸ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਪ੍ਰਦੇਸ਼ ਰਿਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਮੋਦ ਕੁਮਾਰ ਗੁਪਤਾ ਨੇ ਅਬੋਹਰ ਵਿਖੇ ਹੋਏ ਨਰਸੰਘਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਹੈ।ਉਨ੍ਹਾਂ ਕਿਹਾ ਕਿ ਉੱਤਰ ਭਾਰਤ ਦੇ ਪ੍ਰਸਿੱਧ ਡਰੈਸ ਡਿਜ਼ਾਈਨਰ ਜਗਤ ਵਰਮਾ ਦੇ ਭਰਾ ਸੰਜੇ ਵਰਮਾ ਦੀ ਸਵੇਰੇ 10:15 ਵਜੇ ਤਿੰਨ ਮੋਟਰਸਾਈਕਲ ਸਵਾਰ ਹਮਲਾਵਰਾਂ ਵੱਲੋਂ ਗੋਲੀ ਮਾਰ ਕੇ ਕੀਤੀ ਗਈ ਹੱਤਿਆ ਵਪਾਰੀ ਵਰਗ ਦੀ ਸੁਰੱਖਿਆ 'ਤੇ ਵੱਡੇ ਸਵਾਲ ਖੜੇ ਕਰਦੀ ਹੈ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਮੋਗਾ 'ਚ ਵੀ ਤਾਨੀਆ ਦੇ ਪਿਤਾ 'ਤੇ ਕਾਤਲਾਨਾ ਹਮਲਾ ਹੋਇਆ ਸੀ, ਹਾਲਾਂਕਿ ਹਮਲਾਵਰ ਫੜੇ ਜਾ ਚੁੱਕੇ ਹਨ।ਪ੍ਰਮੋਦ ਗੁਪਤਾ ਨੇ ਕਿਹਾ ਕਿ ਇਹ ਘਟਨਾਵਾਂ ਸਾਫ਼ ਦਰਸਾਉਂਦੀਆਂ ਹਨ ਕਿ ਅੱਜ ਵਪਾਰੀ ਵਰਗ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਵਪਾਰੀ ਖੁਦ ਦੇ ਇਲਾਕੇ ਵਿੱਚ ਵੀ ਸੁਰੱਖਿਅਤ ਨਹੀਂ ਮਹਿਸੂਸ ਕਰੇਗਾ, ਤਾਂ ਉਹ ਵਪਾਰ ਨੂੰ ਕਿਵੇਂ ਵਧਾ ਸਕੇਗਾ ? ਸਰਕਾਰਾਂ ਨੂੰ ਚਾਹੀਦਾ ਹੈ ਕਿ ਵਪਾਰੀ ਵਰਗ ਸਮੇਤ ਸਾਰੇ ਨਾਗਰਿਕਾਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇ।

## ਪੰਜਾਬ ਦੇ ਹੁਣ ਹਰ ਪਰਵਾਰ ਨੂੰ ਮਿਲੇਗਾ 10 ਲੱਖ ਦਾ ਮੁਫ਼ਤ ਸਾਲਾਨਾ ਇਲਾਜ : ਡਾ. ਅਰੋੜਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਆਪ ਸੁਪਰੀਮੋ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਵਾਸੀਆਂ ਨੂੰ ਇੱਕ ਵੱਡਾ ਤੋਹਫ਼ਾ ਦਿੱਤਾ ਹੈ।ਇਸ ਤਹਿਤ ਹੁਣ ਪੰਜਾਬ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਸਾਲਾਨਾ ਇਲਾਜ ਮਿਲੇਗਾ ਤੇ ਸਰਕਾਰ ਦੇ ਦਾਅਵੇ ਅਨੁਸਾਰ, ਪੰਜਾਬ ਦਾ ਹਰ ਵਾਸੀ ਇਸ ਯੋਜਨਾ ਤਹਿਤ ਇਲਾਜ ਸਹੂਲਤਾਂ ਦਾ ਹੱਕਦਾਰ ਹੋਵੇਗਾ।' ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ, ਮਾਲਵਾ ਸੈਂਟਰਲ ਮੇਨ ਵਿੰਗ ਦੀ ਉਪ-ਪ੍ਰਧਾਨ ਤੇ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੰਜਾਬ ਵਾਸੀਆਂ ਨੂੰ ਦਿੱਤੀ ਗਈ ਮੁਫ਼ਤ ਇਲਾਜ ਸਹੂਲਤ ਲਈ ਧੰਨਵਾਦ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਐਲਾਨ ਅਨੁਸਾਰ ਇਸ ਯੋਜਨਾ ਤਹਿਤ ਇਲਾਜ ਕਰਵਾਉਣ ਲਈ ਕਿਸੇ ਵੀ ਕਾਗਜ਼ੀ ਕਾਰਵਾਈ ਵਿੱਚ ਉਲਝਣ ਦੀ ਲੋੜ ਨਹੀਂ ਪਵੇਗੀ।ਜੇਕਰ ਤੁਹਾਡੇ ਕੋਲ ਕਾਰਡ ਨਹੀਂ ਹੈ, ਤਾਂ ਤੁਸੀਂ ਮੌਕੇ 'ਤੇ ਆਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟ੍ਰੇਸ਼ਨ ਕਰਵਾ ਕੇ ਇਲਾਜ ਕਰਵਾ ਸਕਦੇ ਹੋ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ ਲਗਭਗ 1500 ਨਿੱਜੀ ਹਸਪਤਾਲ ਇਸ ਤਹਿਤ ਪੰਜਾਬੀਆਂ ਦਾ ਮੁਫ਼ਤ ਇਲਾਜ ਕਰਨਗੇ।ਇਹ ਦਾਅਵਾ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਨਕਦੀ ਰਹਿਤ ਬੀਮਾ ਯੋਜਨਾ ਦਿੱਤੀ ਜਾਵੇਗੀ, ਸਰਕਾਰੀ ਤੇ ਨਿੱਜੀ ਹਸਪਤਾਲਾਂ ਵਿੱਚ ਹਰ ਬਿਮਾਰੀ ਦਾ ਇਲਾਜ ਮੁਫ਼ਤ ਹੋਵੇਗਾ, ਸਰਕਾਰੀ ਕਰਮਚਾਰੀ, ਆਂਗਣਵਾੜੀ, ਆਸ਼ਾ ਵਰਕਰ ਵੀ 100 ਪ੍ਰਤੀਸ਼ਤ ਕਵਰ ਹੋਣਗੇ।ਇਹ ਯੋਜਨਾ ਤਿੰਨ ਮਹੀਨਿਆਂ ਵਿੱਚ ਲਾਗੂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਵਿਅਕਤੀ ਨੂੰ ਮੁੱਖ ਮੰਤਰੀ ਸਿਹਤ ਕਾਰਡ ਮਿਲੇਗਾ ਤੇ ਹਰ ਕਿਸੇ ਦਾ ਇਲਾਜ ਪੂਰੀ ਤਰ੍ਹਾਂ ਨਕਦੀ ਰਹਿਤ ਹੋਵੇਗਾ।ਉਨ੍ਹਾਂ ਕਿਹਾ ਕਿ ਜੇਕਰ ਇਹ ਯੋਜਨਾ ਲਾਗੂ ਹੋ ਜਾਂਦੀ ਹੈ ਤਾਂ ਇਹ ਆਮ ਲੋਕਾਂ ਲਈ ਇੱਕ ਵੱਡੀ ਸਿਹਤ ਸਹੂਲਤ ਸਾਬਿਤ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਕੀਤਾ ਗਿਆ ਹਰ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ, ਜਿਸ ਕਾਰਨ ਅੱਜ ਹਰ ਵਰਗ ਪੰਜਾਬ ਦੀ ਭਗਵੰਤ ਮਾਨ ਸਰਕਾਰ ਨਾਲ ਜੁੜ ਰਿਹਾ ਹੈ।

## ਪੰਜਾਬ ਕੋ-ਐਜੂਕੇਸ਼ਨ ਸਕੂਲ ਵੱਲੋਂ ਕਵਿਤਾ ਤੇ ਸੁੰਦਰ ਲਿਖਾਈ ਮੁਕਾਬਲੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਪ੍ਰਿੰ. ਸ. ਗੁਰਦੇਵ ਸਿੰਘ, ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਦੀ ਰਹਿਨੁਮਾਈ ਹੇਠ ਐੱਲ ਕੇ ਜੀ ਤੋਂ ਪੰਜਾਵੀਂ ਜਮਾਤ ਦੇ ਬੱਚਿਆ ਦੇ ਕਵਿਤਾ ਤੇ ਅੰਗਰੇਜ਼ੀ ਦੀ ਸੁੰਦਰ ਲਿਖਾਈ ਮੁਕਾਬਲੇ ਗਏ, ਜਿਸ ਵਿੱਚ ਬੱਚਿਆਂ ਨੇ ਪਰਸਨਲ ਨੌਲਿਜ ਟੌਪਿਕ ਲਿਖ ਕੇ ਸੁੰਦਰ ਲਿਖਾਈ ਮੁਕਾਬਲੇ ਜਿੱਤੇ।ਇਨ੍ਹਾਂ ਮੁਕਾਬਿਲਆਂ ਵਿੱਚ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆਂ ਤੇ ਮੁਕਾਬਲੇ ਦੌਰਾਨ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸੰਸਥਾ ਦੇ ਬਾਨੀ ਪ੍ਰਿੰ. ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ, ਪ੍ਰਿੰਸੀਪਲ ਪ੍ਰਮਿੰਦਰ ਕੌਰ, ਕੋ-ਆਰਡੀਨੇਟਰ ਮੁਕੇਸ਼ ਅਰੋੜਾ, ਖੁਸ਼ਪ੍ਰੀਤ ਕੌਰ ਤੇ ਪ੍ਰਾਇਮਰੀ ਵਿਭਾਗ ਦੇ ਕੋ-ਆਰਡੀਨੇਟਰ ਮੈਡਮ ਰਿਚਾ ਵੱਲੋਂ ਸਰਟੀਫਿਕੇਟ ਇਨਾਮ ਵਜੋਂ ਦਿੱਤੇ ਅਤੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਕਿਹਾ ਕਿ ਬੱਚੇ ਦੀ ਰਚਨਾਤਮਕ, ਬੌਧਿਕ ਤੀਬਰਤਾ ਤੇ ਵਿਕਾਸ ਨੂੰ ਵਧਾਉਣ ਲਈ ਅਤੇ ਨਵੇਂ ਸ਼ਬਦਕੋਸ਼ ਵਿੱਚ ਵਾਧਾ ਕਰਨ ਲਈ ਇਹ ਮੁਕਾਬਲੇ ਬਹੁਤ ਜ਼ਰੂਰੀ ਹਨ।

## ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀ ਵੱਲੋਂ ਸੱਤਪਾਲ ਗਿਰਧਰ ਦਾ ਵਿਸ਼ੇਸ਼ ਸਨਮਾਨ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਜੇ ਕੇ ਐਸ ਪਬਲਿਕ ਸਕੂਲ ਦੇ ਡਾਇਰੈਕਟਰ-ਸੈਕਰੇਟਰੀ ਸਤਪਾਲ ਗਿਰਧਰ ਦਾ ਲੁਧਿਆਣਾ ਵਿਖੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀ ਵੱਲੋਂ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਤ ਕੀਤਾ ਗਿਆ।ਸੱਤਪਾਲ ਗਿਰਧਰ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਭਵਨ ਵਿਖੇ ਅਰਾਧਿਆ-ਏਕ ਅਹਿਸਾਸ ਫਾਊਂਡੇਸ਼ਨ ਵੱਲੋਂ 'ਐਜੂਕੇਟਰ ਪਿਨਾਕਲ ਅਵਾਰਡ' ਕਰਾਏ ਗਏ।ਸਮਾਗਮ ਵਿੱਚ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਿਸ ਵਿੱਚ ਭਾਰਤ ਦੇ ਵੱਖ ਵੱਖ ਰਾਜਾਂ ਪੰਜਾਬ, ਦਿੱਲੀ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਮਹਾਰਾਸ਼ਟਰ, ਰਾਜਸਥਾਨ ਤੇ ਹੋਰ ਰਾਜਾਂ ਦੇ ਚਾਰ ਸੋ ਤੋਂ ਵੱਧ ਪ੍ਰਿੰਸੀਪਲ, ਡਾਇਰੈਕਟਰ, ਫਾਊਂਡਰ, ਕੋਆਰਡੀਨੇਟਰਾਂ, ਟੀਚਰਾਂ ਤੇ ਮੈਨੇਜਮੈਂਟ ਦੇ ਮੈਂਬਰਾਂ ਨੇ ਹਿੱਸਾ ਲਿਆ।ਅਰਾਧਿਆ ਫਾਊਂਡੇਸ਼ਨ ਦੇ ਫਾਊਂਡਰ ਮਨੀਸ਼ ਗੁਪਤਾ ਵੱਲੋਂ ਸੱਤਪਾਲ ਗਿਰਧਰ ਨੂੰ ਵਿਸ਼ੇਸ਼ ਮਹਿਮਾਨ ਵੱਲੋਂ ਬੁਲਾਇਆ ਗਿਆ।ਇਸ ਵਿੱਚ ਲੁਧਿਆਣਾ ਦੇ ਗਿਆਨ ਨਿਕੇਤਨ ਤੇ ਡੀ ਏ ਵੀ ਸਕੂਲ ਦੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਇਸ ਤੋਂ ਇਲਾਵਾ ਭਾਸ਼ਣ, ਪੈਨਲ ਡਿਸਕਸ਼ਨ ਤੇ ਹੋਰ ਇਨਫਰਮੇਟਿਵ ਪ੍ਰੋਗਰਾਮ ਪੇਸ਼ ਕੀਤੇ ਗਏ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀ ਨੇ ਪ੍ਰਾਈਵੇਟ ਸਕੂਲਾਂ ਦੇ 'ਸਿੱਖਿਆ ਕ੍ਰਾਂਤੀ ਮਿਸ਼ਨ' ਤਹਿਤ ਅਨਮੁੱਲੇ ਯੋਗਦਾਨ ਲਈ ਪ੍ਰਾਈਵੇਟ ਸਕੂਲਾਂ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ।ਪ੍ਰੋਗਰਾਮ ਦੀ ਸਮਾਪਤੀ ਤੇ ਮੁੱਖ ਮਹਿਮਾਨ ਵੱਲੋਂ ਪਹਿਲਾਂ ਵਿਸ਼ੇਸ਼ ਮਹਿਮਾਨਾਂ ਨੂੰ ਤੇ ਫਿਰ ਪ੍ਰਿੰਸੀਪਲਾਂ, ਮੈਨੇਜਮੈਂਟ ਮੈਂਬਰਾਂ ਕੋਆਰਡੀਨੇਟਰਾਂ ਤੇ ਟੀਚਰਾਂ ਨੂੰ ਵੀ ਸਨਮਾਨਤ ਕੀਤਾ ਗਿਆ।

## ਸ਼ਹੀਦ ਭਗਤ ਸਿੰਘ ਨਰਸਿੰਗ ਕਾਲਜ ਦਾ ਬੀ ਐੱਸ ਸੀ ਨਰਸਿੰਗ ਨਤੀਜਾ ਸ਼ਾਨਦਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਸੋਡੇਵਾਲਾ ਸਥਿਤ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਵਿਖੇ ਬੀਐੱਸਸੀ ਨਰਸਿੰਗ (2023-27) ਦੇ ਦੂਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਪ੍ਰੀਖਿਆ ਵਿੱਚ ਕੋਮਲਪ੍ਰੀਤ ਕੌਰ ਸਪੁੱਤਰੀ ਸੁਰਜੀਤ ਸਿੰਘ ਨੇ ਪਹਿਲਾ, ਅਮਨਦੀਪ ਕੌਰ ਸਪੁੱਤਰੀ ਅਵਤਾਰ ਸਿੰਘ ਨੇ ਦੂਜਾ ਤੇ ਕੋਮਲਪ੍ਰੀਤ ਕੌਰ ਸਪੁੱਤਰੀ ਹਿੰਦਪਾਲ ਸਿੰਘ ਤੇ ਨਵਨੀਤ ਕੌਰ ਸਪੁੱਤਰੀ ਸਤਪਾਲ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਕਾਲਜ ਦੇ ਡਾਇਰੈਕਟਰ ਧਰਮਪਾਲ ਬਾਂਸਲ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹੈ। ਪੜ੍ਹਾਈ ਮਨੁੱਖ ਦਾ ਤੀਜਾ ਨੇਤਰ ਹੈ, ਜੋ ਗਿਆਨ ਦੀ ਰੋਸ਼ਨੀ ਨਾਲ ਜੀਵਨ ਨੂੰ ਸਫਲ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕਾਲਜ ਵੱਲੋਂ ਨਿਰੰਤਰ ਯਤਨ ਕੀਤੇ ਜਾਂਦੇ ਹਨ, ਜਿਸ ਨਾਲ ਸੰਸਥਾ ਨੇ ਸਿੱਖਿਆ ਦੇ ਖੇਤਰ ਵਿਚ ਵੱਖਰੀ ਪਛਾਣ ਬਣਾਈ ਹੈ। ਪ੍ਰਿੰਸੀਪਲ ਡਾ. ਮਨਜੀਤ ਕੌਰ ਸਲਵਾਨ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ, 'ਇਹ ਨਤੀਜਾ ਸਟਾਫ ਤੇ ਵਿਦਿਆਰਥੀਆਂ ਦੀ ਸਾਂਝੀ ਮਿਹਨਤ ਦਾ ਫਲ ਹੈ।'

## ਧੂਰੀ ਵਿਕਾਸ ਮੰਚ ਵੱਲੋਂ ਓਵਰ ਬਰਿੱਜ ਦੀ ਉਸਾਰੀ ਜਲਦ ਸ਼ੁਰੂ ਕਰਵਾਉਣ ਦੀ ਮੰਗ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਸ਼ਹਿਰ ਦੇ ਵਸਨੀਕਾਂ ਦੀ ਦਿਲੀ ਮੰਗ ਰਹੇ ਓਵਰ ਬਰਿੱਜ ਪ੍ਰਾਜੈਕਟ ਨੂੰ ਲੈ ਕੇ ਸਿਆਸੀ ਅਣਬਣ ਕਾਰਨ ਉਸਾਰੀ ਵਿੱਚ ਹੋ ਰਹੀ ਦੇਰੀ 'ਤੇ ਧੂਰੀ ਵਿਕਾਸ ਮੰਚ ਨੇ ਗੰਭੀਰ ਚਿੰਤਾ ਪ੍ਰਗਟਾਈ ਹੈ।ਸੰਸਥਾ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਉੱਪ-ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਸ ਮਾਮਲੇ 'ਚ ਜਲਦ ਕਾਰਵਾਈ ਕਰਦਿਆਂ ਪੁਲ ਦੀ ਉਸਾਰੀ ਦਾ ਕੰਮ ਸ਼ੁਰੂ ਕਰਵਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਓਵਰ ਬਰਿੱਜ ਦੀ ਲੋੜ ਕਈ ਸਾਲਾਂ ਤੋਂ ਮਹਿਸੂਸ ਕੀਤੀ ਜਾ ਰਹੀ ਹੈ, ਕਿਉਂਕਿ ਰੇਲਵੇ ਫਾਟਕ ਨੇ ਧੂਰੀ ਸ਼ਹਿਰ ਨੂੰ ਦੋ ਹਿੱਸਿਆਂ 'ਚ ਵੰਡ ਕੇ ਲੋਕਾਂ ਦੀ ਆਵਾਜਾਈ ਨੂੰ ਮੁਸ਼ਕਲ ਬਣਾਇਆ ਹੋਇਆ ਹੈ।ਸਕੂਲਾਂ, ਹਸਪਤਾਲਾਂ, ਬਜ਼ੁਰਗਾਂ, ਵਪਾਰੀਆਂ ਤੇ ਆਮ ਜਨਤਾ ਨੂੰ ਰੋਜ਼ਾਨਾ ਬੇਹੱਦ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਇਨ੍ਹਾਂ ਮੁਸ਼ਕਲਾਂ ਨੂੰ ਖਤਮ ਕਰਨ ਲਈ ਇਹ ਓਵਰ ਬਰਿੱਜ ਆਉਣ ਵਾਲੀ ਪੀੜ੍ਹੀਆਂ ਲਈ ਇਕ ਸਹੂਲਤ ਭਰਿਆ ਕੰਮ ਹੋਵੇਗਾ।ਮੰਚ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਤੇ ਨਵੇਂ ਕੇਂਦਰੀ ਰੇਲਵੇ ਮੰਤਰੀ ਰਵਨੀਤ ਸਿੰਘ ਬਿੱਟੂ ਤੋਂ ਉਮੀਦ ਸੀ ਕਿ ਇਹ ਪ੍ਰਾਜੈਕਟ ਹੁਣ ਜ਼ਮੀਨ 'ਤੇ ਉਤਰੇਗਾ, ਪਰ ਹਾਲੀਆ ਸਿਆਸੀ ਖਿੱਚਤਾਣ ਨੇ ਇਸ ਮਾਮਲੇ ਨੂੰ ਮੁੜ ਲਟਕਣ ਵਾਲੀ ਸਥਿਤੀ ਵਿੱਚ ਪਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਹ ਧੂਰੀ ਵਾਸੀਆਂ ਦੇ ਭਰੋਸੇ 'ਤੇ ਵੱਡਾ ਅਘਾਤ ਹੋਵੇਗਾ, ਜੇਕਰ ਇਹ ਪ੍ਰਾਜੈਕਟ ਰੁਕ ਜਾਂਦਾ ਹੈ।ਉਨ੍ਹਾਂ ਮੁੱਖ ਮੰਤਰੀ ਤੇ ਰੇਲਵੇ ਮੰਤਰੀ ਤੋਂ ਮੰਗ ਕੀਤੀ ਕਿ ਸਿਆਸੀ ਹਿੱਤਾਂ ਤੋਂ ਉੱਪਰ ਉੱਠ ਕੇ ਇਹ ਪ੍ਰਾਜੈਕਟ ਲਾਗੂ ਕੀਤਾ ਜਾਵੇ ਤੇ ਓਵਰ ਬਰਿੱਜ ਦੀ ਉਸਾਰੀ ਦਾ ਕੰਮ ਤੁਰੰਤ ਸ਼ੁਰੂ ਕਰਵਾਇਆ ਜਾਵੇ।ਇਸ ਮੌਕੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ, ਐਡਵੋਕੇਟ ਮਨਿੰਦਰ ਸਿੰਘ ਢੀਂਡਸਾ, ਸੁਰਿੰਦਰਪਾਲ ਸਿੰਘ ਨੀਟਾ, ਅਭਿਨਵ ਗੋਇਲ, ਸੰਜੀਵ ਜੋਨੀ, ਮੋਹਿਤ ਜਿੰਦਲ, ਹਰਸ਼ ਢੀਂਡਸਾ, ਮੱਖਣ ਸ਼ੇਰਗਿੱਲ, ਦਲਜੀਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web : www.nawanzamana.in**

9 July Page-3.qxd 7/8/2025 10:40 PM Page 1



# ਸਰਕਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾ ਕੇ ਲੋਕਾਂ ਦੇ ਅੱਖੀਂ ਘੱਟਾ ਪਾ ਰਹੀ : ਕਰਨਬੀਰ ਬੁਰਜ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਭ੍ਰਿਸ਼ਟਾਚਾਰ, ਨਸ਼ੇ ਤੋਂ ਪੰਜਾਬ ਨੂੰ ਮੁਕਤ ਕਰਨ ਦੇ ਨਾਅਰੇ ਨਾਲ ਪੰਜਾਬ ਵਿਚ ਚੱਲ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਤੇ ਫੇਲ ਹੋ ਗਈ ਹੈ ਤੇ ਲੋਕਾਂ ਨਾਲ



ਕੀਤੇ ਵਾਅਦਿਆਂ ਤੋਂ ਵੀ ਕੰਨੀ ਕਤਰਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਿੰਡ ਮਾਲੂਵਾਲ ਸੰਤਾਂ ਦੇ ਸਤਨਾਮ ਸਿੰਘ ਫੌਜੀ, ਭੁਪਿੰਦਰ ਸਿੰਘ ਫੌਜੀ ਤੇ ਖੁਸ਼ਵੰਤ ਸਿੰਘ ਮੱਲ੍ਹੀ ਵੱਲੋਂ ਕਰਵਾਈ ਕਾਂਗਰਸੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਲਕਾ ਤਰਨਤਾਰਨ ਦੇ ਕਾਂਗਰਸੀ ਆਗੂ ਕਰਨਬੀਰ ਸਿੰਘ ਬੁਰਜ ਨੇ ਕੀਤਾ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਚਾਰ ਗੁਣਾ ਵੱਧ ਗਿਆ ਹੈ ਤੇ ਕੋਈ ਵੀ ਕੰਮ ਕਰਵਾਉਣ ਲਈ ਲੋਕਾਂ ਨੂੰ ਆਪਣੀ ਕਮਾਈ ਦਾ ਬਹੁਤ ਵੱਡਾ ਹਿੱਸਾ ਗਵਾਉਣਾ ਪੈਂਦਾ ਹੈ ਤੇ ਖੱਜਲ ਖੁਆਰੀ ਵੱਖਰੀ। ਉਨ੍ਹਾਂ ਕਿਹਾ ਕਿ ਹਰ ਪਿੰਡ ਤੇ ਸ਼ਹਿਰ ਦੀ ਨੁੱਕਰ 'ਤੇ ਖੁੱਲ੍ਹੇ ਆਮ ਨਸ਼ੇ ਵਿਕ ਰਹੇ ਹਨ ਤੇ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਲੋਕਾਂ ਦੇ ਅੱਖੀਂ ਘੱਟਾ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ ਤੇ ਇਨ੍ਹਾਂ ਦੋਵਾਂ ਮਸਲਿਆਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਹਰ ਘਰ ਦੀ ਇਹ ਚਿੰਤਾ ਹੈ ਕਿ ਉਨ੍ਹਾਂ ਦੇ ਬੱਚੇ ਪੜ੍ਹ ਲਿਖ ਕੇ ਕੀ ਕਰਨਗੇ ਜਿਸ ਕਰਕੇ ਲੋਕ ਆਪਣੇ ਬੱਚਿਆਂ ਨੂੰ ਵਿਦੇਸ਼ਾਂ ਵੱਲ ਭੇਜ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ 'ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਰਾਹ ਖੋਲ੍ਹੇ ਜਾਣਗੇ। ਇਸ ਮੌਕੇ ਕਰਨਬੀਰ ਸਿੰਘ ਬੁਰਜ ਨੂੰ ਪਿੰਡ ਵਾਸੀਆਂ ਨੇ ਸਨਮਾਨਿਤ ਵੀ ਕੀਤਾ। ਇਸ ਮੌਕੇ ਅਮਰਜੀਤ ਸਿੰਘ ਸਰਪੰਚ ਬਘੇਲ ਸਿੰਘ ਵਾਲਾ, ਦਿਲਬਾਗ ਸਿੰਘ ਫੌਜੀ, ਗੁਰਵਿੰਦਰ ਸਿੰਘ ਚੱਕ ਸਿਕੰਦਰ, ਸਰਬੰਸ ਸਕੱਤਰ ਸਿੰਘ ਰਾਮ ਰੌਣੀ, ਖੁਸ਼ਵੰਤ ਸਿੰਘ ਮੱਲ੍ਹੀ ਮਾਲੂਵਾਲ, ਸ਼ਬੇਗ ਸਿੰਘ, ਸਵਿੰਦਰ ਸਿੰਘ, ਸੁਖਦੇਵ ਸਿੰਘ, ਕਰਤਾਰ ਸਿੰਘ, ਸਪੂਰਨ ਸਿੰਘ, ਅਵਤਾਰ ਸਿੰਘ, ਜਸਪਾਲ ਸਿੰਘ, ਜਗਜੀਤ ਸਿੰਘ ਚੱਕ ਸਿਕੰਦਰ, ਨਿਸ਼ਾਨ ਸਿੰਘ, ਕਸ਼ਮੀਰ ਸਿੰਘ, ਮੋਹਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਸਾਹਿਬ ਸਿੰਘ, ਹਰਪਾਲ ਸਿੰਘ, ਹਰਭਜਨ ਸਿੰਘ, ਜਗਤਾਰ ਸਿੰਘ ਅਤੇ ਵੀਰ ਸਿੰਘ ਆਦਿ ਹਾਜ਼ਰ ਸਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ ਜੇਲ੍ਹ ਦਾ ਦੌਰਾ, ਕੈਦੀਆਂ ਤੇ ਹਵਾਲਾਤੀਆਂ ਦੀਆਂ ਸੁਣੀਆਂ ਮੁਸ਼ਕਲਾਂ



**ਗੁਰਦਾਸਪੁਰ (ਜਨਕ ਮਹਾਜਨ)**- ਸ਼੍ਰੀ ਦਿਲਬਾਗ ਸਿੰਘ ਜੌਹਲ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਅਤੇ ਸ਼੍ਰੀ ਹਰਪ੍ਰੀਤ ਸਿੰਘ ਮਾਨਯੋਗ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਵੱਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਵੱਲੋਂ ਜੇਲ੍ਹ ਦੀ ਹਰ ਇੱਕ ਬੈਰਕ ਦਾ ਨਿਰੀਖਣ ਕੀਤਾ ਗਿਆ ਅਤੇ ਕੈਦੀਆਂ ਅਤੇ ਹਵਾਲਾਤੀਆਂ ਨਾਲ ਗੱਲਬਾਤ ਕੀਤੀ ਗਈ। ਇਸ ਮੌਕੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਵੱਲੋਂ ਜੇਲ੍ਹ ਦੇ ਲੰਗਰ ਹਾਲ ਅਤੇ ਹਸਪਤਾਲ ਦਾ ਦੌਰਾ ਵੀ ਕੀਤਾ ਗਿਆ ਅਤੇ ਹਸਪਤਾਲ ਵਿੱਚ ਇਲਾਜ ਕਰਵਾ ਰਹੇ ਹਵਾਲਾਤੀਆਂ ਅਤੇ ਕੈਦੀਆਂ ਨੂੰ ਮਿਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਹਵਾਲਾਤੀਆਂ ਅਤੇ ਕੈਦੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ। ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਸ਼੍ਰੀ ਦਿਲਬਾਗ ਸਿੰਘ ਜੌਹਲ ਨੇ ਹਵਾਲਾਤੀਆਂ ਅਤੇ ਕੈਦੀਆਂ ਨੂੰ ਕਾਨੂੰਨੀ ਨੁਕਤਿਆਂ ਬਾਰੇ ਜਾਣੂ ਕਰਵਾਇਆ ਅਤੇ ਨਾਲ ਹੀ ਉਨ੍ਹਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਜੇਲ੍ਹ ਅਥਾਰਟੀ ਨੂੰ ਮੌਕੇ 'ਤੇ ਹੀ ਨਿਰਦੇਸ਼ ਦੇ ਕੇ ਬੰਦੀਆਂ ਵੱਲੋਂ ਧਿਆਨ ਵਿੱਚ ਲਿਆਂਦੀਆਂ ਗੱਲਾਂ ਦਾ ਨਿਪਟਾਰਾ ਕੀਤਾ ਗਿਆ। ਇਸ ਦੌਰੇ ਦੌਰਾਨ ਕੇਂਦਰੀ ਜੇਲ੍ਹ ਗੁਰਦਾਸਪੁਰ ਦੇ ਜੇਲ੍ਹ ਸੁਪਰਡੈਂਟ ਨਵਦੀਪ ਰਾਜਾ ਅਤੇ ਡਿਪਟੀ ਜੇਲ੍ਹ ਸੁਪਰਡੈਂਟ ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਜੇਲ੍ਹ ਦਾ ਹੋਰ ਸਟਾਫ਼ ਵੀ ਹਾਜ਼ਰ ਸੀ।

# ਬੰਬੀ ਦੀ ਮੋਟਰ ਨੂੰ ਅੱਗ ਲਾਉਣ ਵਾਲੇ ਦੋਸ਼ੀਆਂ ਖ਼ਿਲਾਫ ਕਾਰਵਾਈ ਦੀ ਮੰਗ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਨਜ਼ਦੀਕੀ ਪੈਂਦੇ ਪਿੰਡ ਸਿੱਧਵਾਂ ਦੇ ਵਿੱਚ ਇੱਕ ਪਰਿਵਾਰ ਦੀ ਜ਼ਮੀਨ ਉਪਰ ਲੱਗੀ ਬੰਬੀ ਦੀ ਮੋਟਰ ਨੂੰ ਪਿੰਡ ਦੇ ਹੀ ਕੁਝ ਸ਼ਰਾਰਤੀ ਲੋਕਾਂ ਦੇ ਵੱਲੋਂ ਅੱਗ ਲਗਾ ਕੇ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਉਣ ਦਾ ਸਮਾਚਾਰ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਤ ਪਰਿਵਾਰਕ ਮੈਂਬਰ ਸਤਨਾਮ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਸਿੱਧਵਾਂ ਅਤੇ ਰਣਜੀਤ ਕੌਰ ਪਤਨੀ ਸਤਨਾਮ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਉਨ੍ਹਾਂ ਦੀ ਜ਼ਮੀਨ ਦਾ ਕੋਰਟ ਕੇਸ ਚੱਲ ਰਿਹਾ। ਉਹ ਘਰ ਤੋਂ ਕੋਰਟ 'ਚ ਤਰੀਕ 'ਤੇ ਗਏ ਹੋਏ ਸਨ।ਉਨ੍ਹਾਂ ਨੂੰ ਫੋਨ ਆਇਆ ਕਿ ਤੁਹਾਡੀ ਮੋਟਰ 'ਤੇ ਅੱਗ ਲੱਗੀ ਹੋਈ ਹੈ ਤੇ ਜਦੋਂ ਆ ਕੇ ਦੇਖਿਆ ਤਾਂ ਉਨ੍ਹਾਂ ਦੀ ਬੰਬੀ ਦੀ ਮੋਟਰ ਸਾਰੀ ਹੀ ਸੜ ਕੇ ਸਵਾਹ ਹੋ ਗਈ ਸੀ ਜਿਸ ਕਾਰਨ ਉਨ੍ਹਾਂ ਦਾ ਲੱਖਾਂ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਨੇ ਤੁਰੰਤ ਇਸ ਸਬੰਧੀ ਸਥਾਨਕ ਪੁਲਸ ਨੂੰ ਸੂਚਿਤ ਕੀਤਾ।ਨਾਲ ਹੀ ਐੱਸਐੱਸਪੀ ਗੁਰਦਾਸਪੁਰ ਨੂੰ ਵੀ ਲਿਖਤੀ ਸ਼ਿਕਾਇਤ ਦੇ ਕੇ ਕਾਰਵਾਈ ਦੀ ਮੰਗ ਕੀਤੀ ਪਰ ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਹੋਈ ਜਿਸ ਦੇ ਚੱਲਦਿਆਂ ਪੀੜਤ ਪਰਿਵਾਰ ਨੇ ਪੁਲਸ ਦੇ ਉਚ ਅਧਿਕਾਰੀਆਂ ਅਤੇ ਪ੍ਰਸ਼ਾਸਨ ਦੇ ਕੋਲੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੇ ਨਾਲ ਪਹਿਲਾਂ ਵੀ ਕਈ ਵਾਰ ਧੱਕੇ ਹੋ ਚੁੱਕੇ ਹਨ ਅਤੇ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਦਾ ਪਰ ਇਸ ਵਾਰ ਉਨ੍ਹਾਂ ਨੇ ਕਿਹਾ ਕਿ ਜੇਕਰ ਸਾਨੂੰ ਇਨਸਾਫ ਨਾ ਮਿਲਿਆ ਤਾਂ ਅਸੀਂ ਆਪਣੀ ਲੜਾਈ ਵੱਡੇ ਪੱਧਰ 'ਤੇ ਲੜਾਂਗੇ ਅਤੇ ਇਨਸਾਫ ਦੀ ਮੰਗ ਕਰਾਂਗੇ। ਅਖੀਰ ਵਿੱਚ ਪੀੜਤ ਪਰਿਵਾਰ ਨੇ ਕਿਹਾ ਕਿ ਸਾਨੂੰ ਇਨਸਾਫ ਦਿੱਤਾ ਜਾਵੇ ਅਤੇ ਦੋਸ਼ੀਆਂ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ।

# ਚੇਅਰਮੈਨ ਸੇਖਵਾਂ ਨੇ ਕਾਹਨੂੰਵਾਨ-ਚੱਕ ਸ਼ਰੀਫ਼ ਸੜਕ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

**ਗੁਰਦਾਸਪੁਰ (ਜਨਕ ਮਹਾਜਨ)**- ਕਾਹਨੂੰਵਾਨ-ਚੱਕ ਸ਼ਰੀਫ਼ ਸੜਕ ਨੂੰ 18 ਫੁੱਟ ਤੋਂ ਵਧਾ ਕੇ 23 ਫੁੱਟ ਚੌੜੀ ਕਰਨ ਅਤੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਜ਼ਿਲ੍ਹਾ ਯੋਜਨਾ ਕਮੇਟੀ



ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਵੱਲੋਂ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਜਸਪ੍ਰੀਤ ਸਿੰਘ ਅਤੇ ਇਲਾਕੇ ਦੇ ਮੁਹਤਬਰ ਵੀ ਹਾਜ਼ਰ ਸਨ। ਸੜਕ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸੜਕ ਦੇ ਨਵੀਨੀਕਰਨ ਉੱਪਰ 4.5 ਕਰੋੜ ਰੁਪਏ ਖ਼ਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਬੇਟ ਇਲਾਕੇ ਦੀ ਇਹ ਪ੍ਰਮੁੱਖ ਸੰਪਰਕ ਸੜਕ ਪਹਿਲਾਂ 18 ਫੁੱਟ ਚੌੜੀ ਸੀ ਜਿਸ ਨੂੰ ਹੁਣ 23 ਫੁੱਟ ਚੌੜਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਸੜਕ ਚੌੜੀ ਹੋਣ ਨਾਲ ਬੇਟ ਇਲਾਕੇ ਦੇ ਸੈਂਕੜੇ ਪਿੰਡਾਂ ਦੀ ਆਵਾਜਾਈ ਸੁਚੱਜੀ, ਸੁਰੱਖਿਅਤ ਅਤੇ ਤੇਜ਼ ਹੋਵੇਗੀ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੀਆਂ ਸੰਪਰਕ ਸੜਕਾਂ ਦੇ ਨਵੀਨੀਕਰਨ ਲਈ 35 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕੁਝ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ ਰਹਿੰਦੀਆਂ ਸੜਕਾਂ ਦਾ ਨਵੀਨੀਕਰਨ ਵੀ ਜਲਦ ਸ਼ੁਰੂ ਕਰ ਦਿੱਤਾ ਜਾਵੇਗਾ। ਸੜਕਾਂ ਦੇ ਨਵੀਨੀਕਰਨ ਪ੍ਰੋਜੈਕਟ ਲਈ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ।

# ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਸਾਲਾਨਾ ਮੁਫ਼ਤ ਇਲਾਜ ਦੇਣਾ 'ਆਪ' ਸਰਕਾਰ ਦੀ ਵੱਡੀ ਪ੍ਰਾਪਤੀ : ਧਾਲੀਵਾਲ

**ਅਜਨਾਲਾ, ਚੇਤਨਪੁਰਾ (ਸੁਖਤਿੰਦਰ ਸਿੰਘ ਰਾਜੂ/ਸੁਖਵੰਤ ਚੇਤਨਪੁਰੀ)**-ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਰਮਦਾਸ ਵਿਖੇ ਜਨਤਾ ਦਰਬਾਰ ਵਿੱਚ ਲੋਕਾਂ ਦੀਆਂ ਸ਼ਿਕਾਇਤਾਂ ਸੁਣਦੇ ਅਤੇ ਉਨ੍ਹਾਂ ਦੇ ਮਸਲੇ ਹੱਲ ਕਰਦੇ ਹੋਏ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ 'ਚ ਹਰ ਪਰਿਵਾਰ ਨੂੰ 10 ਲੱਖ ਤੱਕ ਦੇ ਸਾਲਾਨਾ ਮੁਫ਼ਤ



ਇਲਾਜ ਦੀ ਸਹੂਲਤ ਦਿੱਤੀ ਹੈ। ਪੰਜਾਬ ਦਾ ਹਰ ਇੱਕ ਵਾਸੀ ਇਸ ਸਕੀਮ ਅਧੀਨ ਇਲਾਜ ਦੀ ਸਹੂਲਤ ਦਾ ਹੱਕਦਾਰ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਇਲਾਜ ਲੈਣ ਲਈ ਕੋਈ ਕਾਗਜ਼ੀ ਕਾਰਵਾਈ 'ਚ ਉਲਝਣਾਂ ਨਹੀਂ ਪੈਣਗੀਆਂ। ਜੇ ਤੁਹਾਡੇ ਕੋਲ ਕਾਰਡ ਨਹੀਂ ਹੋਵੇਗਾ ਤਾਂ ਮੌਕੇ 'ਤੇ ਆਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟਰ ਕਰਵਾਉਣ ਉਪਰੰਤ ਇਲਾਜ ਕਰਵਾਇਆ ਜਾ ਸਕੇਗਾ।ਸ. ਧਾਲੀਵਾਲ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਸਮੇਤ ਕਰੀਬ 1500 ਨਿੱਜੀ ਹਸਪਤਾਲ ਇਸ ਤਹਿਤ ਪੰਜਾਬੀਆਂ ਦਾ ਮੁਫ਼ਤ ਇਲਾਜ ਕਰਨਗੇ।ਉਨ੍ਹਾਂ ਕਿਹਾ ਕਿ ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਕੈਸ਼ਲੈੱਸ ਬੀਮੇ ਦੀ ਸਹੂਲਤ ਦਿੱਤੀ ਗਈ ਹੈ ਜਿਸ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਹਰ ਬੀਮਾਰੀ ਦਾ ਇਲਾਜ ਮੁਫ਼ਤ ਵਿੱਚ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸਕੀਮ ਵਿਚ ਸਰਕਾਰੀ ਕਰਮਚਾਰੀ, ਆਂਗਣਵਾੜੀ, ਆਸ਼ਾ ਵਰਕਰ ਵੀ 100% ਕਵਰ ਹੋਣਗੇ। ਉਨ੍ਹਾਂ ਕਿਹਾ ਕਿ ਇਹ ਯੋਜਨਾ ਤਿੰਨ ਮਹੀਨੇ ਵਿੱਚ ਲਾਗੂ ਕੀਤੀ ਜਾਵੇਗੀ।ਉਨ੍ਹਾਂ ਨੇ ਦੱਸਿਆ ਕਿ ਉਹ ਲੋਕਾਂ ਦੇ ਕੰਮ ਕਰਨ ਲਈ ਹਫਤੇ ਵਿੱਚ ਦੋ ਵਾਰ ਅਜਨਾਲਾ ਅਤੇ ਰਮਦਾਸ ਵਿਖੇ ਜਨਤਾ ਦਰਬਾਰ ਲਗਾਉਂਦੇ ਹਨ ਅਤੇ ਅੱਜ ਵੀ ਇਸੇ ਯੋਜਨਾ ਤਹਿਤ ਰਮਦਾਸ ਵਿਖੇ ਜਨਤਾ ਦਰਬਾਰ ਲਗਾਇਆ ਗਿਆ ਸੀ ਜਿੱਥੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਲੋਕਾਂ ਦੇ ਮਸਲੇ ਮੌਕੇ ਉੱਤੇ ਹੱਲ ਕੀਤੇ ਗਏ।

# ਸ਼ਹਿਰ ਅੰਦਰ ਰੇਹੜੀ ਫੜ੍ਹੀ ਵਾਲਿਆਂ ਵੱਲੋਂ ਕੀਤੇ ਨਾਜਾਇਜ਼ ਕਬਜ਼ਿਆਂ ਤੋਂ ਲੋਕ ਪ੍ਰੇਸ਼ਾਨ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਅੰਦਰ ਜਗ੍ਹਾ-ਜਗ੍ਹਾ 'ਤੇ ਸੜਕਾਂ ਵਿਚਕਾਰ ਰੇਹੜੀਆਂ ਖੜੀਆਂ ਹੋਣ ਕਾਰਨ ਟਰੈਫਿਕ ਵਿੱਚ ਕਾਫੀ ਰੁਕਾਵਟਾਂ ਪੈਦਾ ਹੁੰਦੀਆਂ ਹਨ ਜਿਸ ਨਾਲ ਆਮ ਲੋਕਾਂ ਦੇ ਇਲਾਵਾ ਦੁਕਾਨਦਾਰਾਂ ਨੂੰ ਵੀ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਪਾਸੇ ਨਗਰ ਕੌਂਸਲ ਦੇ ਅਧਿਕਾਰੀਆਂ ਦਾ ਧਿਆਨ ਨਾ ਹੋਣ ਕਰਕੇ ਲੋਕਾਂ ਵਿੱਚ ਨਗਰ ਕੌਂਸਲ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਕੁਝ ਪ੍ਰਵਾਸੀਆਂ ਨੇ ਇਸ ਸ਼ਹਿਰ ਵਿੱਚ ਆ ਕੇ ਆਪਣੀਆਂ ਅੱਠ-ਅੱਠ ਰੇਹੜੀਆਂ ਬਣਾ ਲਈਆਂ ਹਨ ਜਿਨ੍ਹਾਂ 'ਤੇ ਰੋਜਾਨਾਂ ਫਰੂਟ, ਸਬਜ਼ੀਆਂ ਵੇਚਣ ਵਾਸਤੇ ਦਿਹਾੜੀ 'ਤੇ ਬੰਦੇ ਰੱਖੇ ਹੋਏ ਹਨ ਅਤੇ ਸਵੇਰੇ ਸਾਮਾਨ ਤੋਲ ਜਾਂ ਗਿਣ ਕੇ ਰੇਹੜੀ 'ਤੇ ਰੱਖੇ ਮਜ਼ਦੂਰਾਂ ਨੂੰ ਦੇ ਦਿੰਦੇ ਹਨ। ਇਹ ਦਿਹਾੜੀਦਾਰ ਮਜ਼ਦੂਰ ਲਾਇਬ੍ਰੇਰੀ ਰੋਡ, ਤਿੱਬੜੀ ਰੋਡ, ਦੋਰਾਂਗਲਾ ਰੋਡ, ਕਲਾਨੌਰ ਰੋਡ, ਬਟਾਲਾ ਰੋਡ, ਸਦਰ ਬਾਜ਼ਾਰ ਆਦਿ ਜਗ੍ਹਾ 'ਤੇ ਰੇਹੜੀਆਂ ਖੜੀਆਂ ਕਰਕੇ ਸੜਕ ਦੀ ਚੌੜਾਈ ਨੂੰ ਘੱਟ ਕਰ ਦਿੰਦੇ ਹਨ ਜਿਸ ਕਰਕੇ ਲੋਕਾਂ ਨੂੰ ਆਪਣੇ ਸਕੂਟਰ ਅਤੇ ਕਾਰਾਂ ਨੂੰ ਪਾਰਕ ਕਰਨ ਵਿੱਚ ਮੁਸ਼ਕਿਲ ਪੇਸ਼ ਆਉਂਦੀ ਹੈ। ਸ਼ਾਮ ਸਮੇਂ ਮਹਾਜਨ ਹਾਲ ਤੋਂ ਲੈ ਕੇ ਲਾਇਬ੍ਰੇਰੀ ਚੌਂਕ ਤੱਕ ਸੜਕ ਦੇ ਦੋਵੇਂ ਪਾਸੇ ਫਰੂਟ ਅਤੇ ਸਬਜ਼ੀ ਦੀਆਂ ਰੇਹੜੀਆਂ ਦੀ ਭਰਮਾਰ ਹੋ ਜਾਂਦੀ ਹੈ। ਇਸੇ ਤਰ੍ਹਾਂ ਹਨੂੰਮਾਨ ਚੌਂਕ ਨੇੜੇ ਫਾਸਟ ਫੂਡ ਵਾਲੀਆਂ ਰੇਹੜੀਆਂ ਜਿਵੇਂ ਨਿਊਡਲ, ਚਾਪਸ, ਡੋਸੇ ਆਦਿ ਵਾਲੇ ਵੀ ਸੜਕ ਦਾ ਕਾਫ਼ੀ ਹਿੱਸਾ ਮੱਲ ਕੇ ਖੜੇ ਹੁੰਦੇ ਹਨ। ਲੋਕਾਂ ਨੇ ਕਿਹਾ ਕਿ ਨਗਰ ਕੌਂਸਲ ਵੱਲੋਂ ਖ਼ਾਨਾ ਪੂਰਤੀ ਲਈ ਇਨ੍ਹਾਂ ਰੇਹੜੀ ਵਾਲਿਆਂ ਖਿਲਾਫ ਕਾਰਵਾਈ ਕੀਤੀ ਜਾਂਦੀ ਹੈ ਪਰ ਕਾਰਵਾਈ ਤੋਂ ਬਾਅਦ ਰੇਹੜੀ ਮਾਲਕ ਅਗਲੇ ਦਿਨ ਫਿਰ ਆਪਣੀਆਂ ਰੇਹੜੀਆਂ ਪਹਿਲਾਂ ਦੀ ਤਰ੍ਹਾਂ ਜਮਾ ਕੇ ਕੰਮ ਕਰਨ ਲੱਗ ਪੈਂਦੇ ਹਨ। ਲੋਕਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਟਰੈਫਿਕ ਸਮੱਸਿਆ ਦੇ ਹੱਲ ਲਈ ਰੇਹੜੀ ਵਾਲਿਆਂ ਨੂੰ ਕੋਈ ਸ਼ਹਿਰ ਤੋਂ ਬਾਹਰ ਜਗ੍ਹਾ ਦਿੱਤੀ ਜਾਵੇ ਜਿਸ ਨਾਲ ਲੋਕਾਂ ਨੂੰ ਆ ਰਹੀ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।

# ਕੀਰਤੀ ਪਠਾਨੀਆ ਦੀ ਸਾਹਿਤ ਦੇ ਖੇਤਰ 'ਚ ਵੱਡੀ ਪੁਲਾਂਘ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਦੀ ਕੀਰਤੀ ਪਠਾਨੀਆ ਨੇ ਆਪਣੀ ਪਹਿਲੀ ਪੁਸਤਕ (ਇੱਕ ਸਿਜ਼ੋਫ੍ਰੇਨਿਕ ਲੇਖਕ: ਮਨੁੱਖੀ ਅਨੁਭਵ ਦੀਆਂ ਡੂੰਘਾਈਆਂ 'ਚ) ਅਮੇਜ਼ਨ ਕਿੰਡਲ 'ਤੇ ਪ੍ਰਕਾਸ਼ਿਤ ਕੀਤੀ ਹੈ।ਇਹ ਕਿਤਾਬ ਮਨੁੱਖੀ ਭਾਵਨਾਵਾਂ, ਮਾਨਸਿਕ ਸਿਹਤ ਅਤੇ ਸਵੈ-ਚਿੰਤਨ ਵਰਗੇ ਗੁੰਝਲਦਾਰ ਵਿਸ਼ਿਆਂ ਨੂੰ ਡੂੰਘਾਈ ਨਾਲ ਛੂੰਹਦੀ ਹੈ।ਇੱਕ ਗੁੰਝਲਦਾਰ ਪਾਤਰ ਦੇ ਜ਼ਰੀਏ ਬੁਣੀ ਗਈ ਇਹ ਕਹਾਣੀ ਪਾਠਕਾਂ ਨੂੰ ਇੱਕ ਸੰਵੇਦਨਸ਼ੀਲ ਅਤੇ ਪ੍ਰਭਾਵਸ਼ਾਲੀ ਸਫ਼ਰ 'ਤੇ ਲੈ ਜਾਂਦੀ ਹੈ।ਸਕੂਲ ਦੇ ਸਮੁੱਚੇ ਸਟਾਫ ਨੇ ਕੀਰਤੀ ਪਠਾਨੀਆ ਅਤੇ ਉਸਦੇ ਮਾਤਾ-ਪਿਤਾ ਨੂੰ ਇਸ ਅਦਭੁਤ ਕਾਮਯਾਬੀ 'ਤੇ ਮੁਬਾਰਕਬਾਦ ਦਿੱਤੀ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਕੀਰਤੀ ਨੂੰ ਆਪਣਾ ਪ੍ਰੇਰਣਾ ਸਰੋਤ ਮੰਨਦੇ ਹੋਏ ਆਪਣੇ ਅੰਦਰਲੇ ਲੇਖਕ ਨੂੰ ਲੱਭਣ ਦਾ ਯਤਨ ਕਰਨ ਦੀ ਅਪੀਲ ਕੀਤੀ।

# ਰੋਟਰੀ ਕਲੱਬ ਮੇਨ ਦਾ ਤਾਜਪੋਸ਼ੀ ਸਮਾਗਮ ਧੂਮਧਾਮ ਨਾਲ ਸੰਪੰਨ

## ● ਪੰਡਿਤ ਮਹਿੰਦਰ ਪਾਲ ਦੇ ਸਿਰ ਸਜਿਆ ਰੋਟਰੀ ਕਲੱਬ ਮੇਨ ਦੀ ਪ੍ਰਧਾਨਗੀ ਦਾ ਤਾਜ



**ਅੰਮ੍ਰਿਤਸਰ (ਅਰੋੜਾ)**: ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਹਰ ਸਾਲ ਰੋਟਰੀ ਦੀ ਪ੍ਰਧਾਨਗੀ ਕਿਸੇ ਸੀਨੀਅਰ ਰੋਟੇਰੀਅਨ ਨੂੰ ਸੌਂਪੇ ਜਾਣ ਦੀ ਪ੍ਰਥਾ ਹੈ। ਇਸੇ ਪ੍ਰਥਾ ਦੇ ਚੱਲਦੇ ਸਾਲ 24.25 ਦੇ ਪ੍ਰਧਾਨ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਰੋਟਰੀ ਕਲੱਬ ਮੇਨ ਦੀ ਪ੍ਰਧਾਨਗੀ ਦੀ ਜ਼ਿੰਮੇਦਾਰੀ ਸੀਨੀਅਰ ਰੋਟੇਰੀਅਨ ਪੰਡਿਤ ਮਹਿੰਦਰ ਪਾਲ ਸ਼ਰਮਾ ਨੂੰ ਸੌਂਪੀ ਗਈ।ਸਕੱਤਰ ਦੇ ਅਹੁਦੇ ਤੇ ਇੰਜੀ. ਮਨਜੀਤ ਸਿੰਘ ਨੂੰ ਸੁਸ਼ੋਭਿਤ ਕੀਤਾ ਗਿਆ। ਇਸ ਸੰਬੰਧ ਵਿੱਚ ਕਲੱਬ ਦੇ ਵੱਲੋਂ ਤਾਜਪੋਸ਼ੀ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਕਰਮਜੀਤ ਸਿੰਘ ਮੁੱਖ ਮਹਿਮਾਨ ਅਤੇ ਸਾਬਕਾ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਅਤੇ ਰੋਟਰੀ 3070 ਦੇ ਸਾਬਕਾ ਗਵਰਨਰ ਸੀ. ਏ. ਦਵਿੰਦਰ ਸਿੰਘ ਅਤੇ ਸਾਬਕਾ ਗਵਰਨਰ ਡਾ. ਪੀ. ਐੱਸ. ਗ੍ਰੋਵਰ ਖਾਸ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ। ਸਮਾਗਮ ਦਾ ਸ਼ੁੱਭ ਆਰੰਭ ਰੋਟਰੀ ਪ੍ਰਥਾ ਦੇ ਅਨੁਸਾਰ ਰਾਸ਼ਟਰੀ ਗੀਤ ਦੇ ਨਾਲ ਕੀਤਾ ਗਿਆ ਉਸ ਤੋਂ ਬਾਅਦ ਸਾਰੇ ਮੈਂਬਰਾਂ ਅਤੇ ਮਹਿਮਾਨਾਂ ਨੇ ਸ਼ਮ੍ਹਾ ਰੌਸ਼ਨ ਕਰਕੇ ਭਾਰਤੀ ਸੰਸਕ੍ਰਿਤੀ ਦੀ ਰਸਮ ਨਿਭਾਈ।ਸਾਬਕਾ ਪ੍ਰਧਾਨ ਸੁਰਿੰਦਰ ਨੇ ਸਾਲ 2024.25 ਦੇ ਦੌਰਾਨ ਕੀਤੇ ਗਏ ਪ੍ਰਾਜੈਕਟਾਂ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੇ ਸੰਬੰਧ ਵਿੱਚ ਵਿਸਤਾਰ ਨਾਲ ਜਾਣਕਾਰੀ ਦਿੱਤੀ। ਨਵੇਂ ਬਣੇ ਪ੍ਰਧਾਨ ਪੰਡਿਤ ਮਹਿੰਦਰ ਪਾਲ ਸ਼ਰਮਾ ਅਤੇ ਸਕੱਤਰ ਇੰਜੀ. ਮਨਜੀਤ ਸਿੰਘ ਨੇ ਆਪਣੇ ਕਾਰਜਕਾਲ ਵਿੱਚ ਕੀਤੇ ਜਾਣ ਵਾਲੇ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੀ ਰੂਪ ਰੇਖਾ ਦੇ ਬਾਰੇ ਜਾਣਕਾਰੀ ਦਿੱਤੀ ਅਤੇ ਸਾਰੇ ਮੈਂਬਰਾਂ ਨੂੰ ਸਹਿਯੋਗ ਦੇਣ ਦੀ ਗੱਲ ਕਹੀ।ਰੋਟਰੀ ਮੇਨ ਦੇ ਵੱਲੋਂ ਸਾਲ 2024.25 ਦੇ ਦੌਰਾਨ ਸ਼ਲਾਘਾਯੋਗ ਕੰਮ ਕਰਨ ਵਾਲੇ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਨਵੇਂ ਬਣੇ ਪ੍ਰਧਾਨ ਨੇ ਆਪਣੀ ਨਵੀਂ ਟੀਮ ਦਾ ਐਲਾਨ ਕੀਤਾ ਜਿਸ ਵਿੱਚ ਪ੍ਰਧਾਨ ਦਲਜੀਤ ਸਿੰਘ ਅਰੋੜਾ, ਉਪ ਪ੍ਰਧਾਨ ਜਸਮੀਨ ਕੌਰ ਗਿੱਲ, ਗੁਰਿੰਦਰ ਪਾਲ ਕੌਰ, ਵਿੱਤ ਸਕੱਤਰ ਅਸ਼ੋਕ ਸ਼ਰਮਾ, ਸੰਪੂਰਨ ਸਹਾਇਕ ਨਿਰਮਲ ਸਿੰਘ ਆਨੰਦ, ਸੰਯੁਕਤ ਸਕੱਤਰ ਸੌਰਵ ਕੱਕੜ, ਰੋਟਰੀ ਮੈਂਬਰਾਂ ਨੂੰ ਰੋਟਰੀ ਸੰਬੰਧੀ ਟ੍ਰੇਨਿੰਗ ਦੇਣ ਦੇ ਲਈ ਸਾਬਕਾ ਗਵਰਨਰ ਸੀ. ਏ ਦਵਿੰਦਰ ਸਿੰਘ, ਕਲੱਬ ਦੇ ਡਾਇਰੈਕਟਰ ਸੁਰਿੰਦਰ ਸਿੰਘ ਗਾਂਧੀ, ਪ੍ਰਤਾਪ ਸਿੰਘ ਮਲਹੋਤਰਾ, ਗੀਟਾ ਸ਼ਰਮਾ, ਪ੍ਰਤਾਪ ਭੱਟੀ, ਐਡਵਾਈਜ਼ਰ ਸੀ. ਏ. ਦਵਿੰਦਰ ਸਿੰਘ, ਐਡਵੋਕੇਟ ਸੁਦਰਸ਼ਨ ਕਪੂਰ, ਮਹੇਸ਼ ਸਾਗਰ, ਵਿਜੇ ਨਈਅਰ, ਸਾਬਕਾ ਪ੍ਰਧਾਨ ਸੀ. ਏ. ਵਿਕਾਸ ਕੁਮਾਰ ਦੇ ਨਾਂਅ ਐਲਾਨੇ।ਸਮਾਗਮ ਦੇ ਅੰਤ ਵਿੱਚ ਮੁੱਖ ਮਹਿਮਾਨ ਪ੍ਰੋ. ਕਰਮਜੀਤ ਸਿੰਘ ਅਤੇ ਖਾਸ ਮਹਿਮਾਨ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਖਾਸ ਤੌਰ 'ਤੇ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਅਕਾਲੀ ਦਲ ਬਾਦਲ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨਗੀ ਦੀ ਚੋਣ ਸੰਬੰਧੀ ਡੈਲੀਗਟ ਇਜਲਾਸ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼੍ਰੋਮਣੀ ਅਕਾਲੀ ਦਲ ਬਾਦਲ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨਗੀ ਦੀ ਚੋਣ ਸਬੰਧੀ ਜ਼ਿਲ੍ਹਾ ਪੱਧਰੀ ਡੈਲੀਗੇਟ ਇਜਲਾਸ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਚਰਨਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਵਿਖੇ ਹੋਇਆ। ਇਸ ਇਜਲਾਸ ਵਿੱਚ ਅਕਾਲੀ ਦਲ ਦੇ ਸੀਨੀਅਰ ਆਗੂ ਹੀਰਾ ਸਿੰਘ ਗਾਬੜੀਆ ਸਾਬਕਾ

## ● ਸਾਬਕਾ ਕੈਬਨਿਟ ਮੰਤਰੀ ਹੀਰਾ ਸਿੰਘ ਗਾਬੜੀਆਂ ਬਤੌਰ ਆਬਜ਼ਰਵਰ ਸ਼ਾਮਲ ਹੋਏ

ਕੈਬਨਿਟ ਮੰਤਰੀ ਪੰਜਾਬ ਬਤੌਰ ਚੋਣ ਆਬਜ਼ਰਵਰ ਸ਼ਾਮਲ ਹੋਏ। ਇਸ ਇਜਲਾਸ ਦੌਰਾਨ ਅਕਾਲੀ ਆਗੂਆਂ ਦੇ ਵੱਡੇ ਇੱਕਠ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆ ਨੇ ਕਿਹਾ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਕੁਰਬਾਨੀਆਂ ਭਰਿਆ ਹੈ। ਮੌਜੂਦਾ ਪੰਜਾਬ ਸਰਕਾਰ ਵੱਲੋਂ ਝੂਠ ਦੇ ਪੁਲੰਦੇ ਬੰਨ੍ਹ ਕੇ ਅਕਾਲੀ ਆਗੂਆਂ 'ਤੇ ਝੂਠੇ ਪਰਚੇ ਕਰਵਾ ਕੇ ਧੱਕੇਸ਼ਾਹੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਸਾਬਕਾ ਮੰਤਰੀ ਪੰਜਾਬ ਬਿਕਰਮ ਸਿੰਘ ਮਜੀਠੀਆ 'ਤੇ ਕੀਤੇ ਪਰਚੇ ਨੂੰ ਝੂਠ ਦਾ ਪੁਲੰਦਾ ਦੱਸਿਆ ਕਿਹਾ ਸ਼੍ਰੋਮਣੀ ਅਕਾਲੀ ਦਲ ਬਾਦਲ ਇਨ੍ਹਾਂ ਧੱਕਸ਼ਾਹੀਆਂ ਤੋਂ ਡਰਨ ਵਾਲਾ ਨਹੀਂ ਹੈ। ਸ੍ਰ.ਗਾਬੜੀਆ ਨੇ ਸਮੂਹ ਅਕਾਲੀ ਦਲ ਆਗੂਆਂ ਨੂੰ ਇੱਕਜੁੱਟ ਹੋ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦੀ



ਅਪੀਲ ਕੀਤੀ। ਸਾਬਕਾ ਕੈਬਨਿਟ ਮੰਤਰੀ ਪੰਜਾਬ ਜਥੇ. ਸੁੱਚਾ ਸਿੰਘ ਲੰਗਾਹ ਨੇ ਅਕਾਲੀ ਦਲ ਬਾਦਲ ਵਿੱਚੋਂ ਵੱਖ ਹੋਣ ਵਾਲੇ ਸਮੂਹ ਆਗੂਆਂ ਨੂੰ ਅਪੀਲ ਕੀਤੀ ਕਿ ਜੋ ਮਾਣ ਸਤਿਕਾਰ ਆਪਣੇ ਘਰ ਵਿੱਚ ਹੁੰਦਾ ਹੈ ਬੇਗਾਨੇ ਘਰ ਨਹੀਂ ਹੁੰਦਾ, ਇਸ ਲਈ ਸਾਰੇ ਸਾਥੀਆਂ ਨੂੰ ਅਕਾਲੀ ਦਲ ਵਿੱਚ ਘਰ ਵਾਪਸੀ ਕਰਨੀ ਚਾਹੀਦੀ ਹੈ। ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਸਮੂਹ ਹਾਜਰੀਨ ਦਾ ਧੰਨਵਾਦਾ ਕੀਤਾ। ਇਸ ਇਜਲਾਸ ਵਿੱਚ ਸਾਬਕਾ ਕੈਬਨਿਟ ਮੰਤਰੀ ਪੰਜਾਬ ਜਥੇਦਾਰ ਸੁੱਚਾ ਸਿੰਘ ਲੰਗਾਹ ਮੈਂਬਰ ਕੋਰ ਕਮੇਟੀ ਅਕਾਲੀ ਦਲ, ਸਾਬਕਾ ਵਿਧਾਇਕ ਗੁਰਬਚਨ ਸਿੰਘ ਬੱਬੇਹਾਲੀ ਮੈਂਬਰ ਕੋਰ ਕਮੇਟੀ, ਸਾਬਕਾ ਵਿਧਾਇਕ ਲਖਬੀਰ ਸਿੰਘ ਲੋਧੀਨੰਗਲ ਮੈਂਬਰ ਕੋਰ ਕਮੇਟੀ, ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਮੈਂਬਰ ਵਰਕਿੰਗ ਕਮੇਟੀ, ਹਲਕਾ ਇੰਚਾਰਜ ਡੇਰਾ ਬਾਬਾ ਨਾਨਕ ਦੇ ਇੰਚਾਰਜ ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਹਲਕਾ ਸ੍ਰੀ ਹਰਗੋਬਿੰਦਪੁਰ ਦੇ ਇੰਚਾਰਜ ਰਾਜਨਬੀਰ ਸਿੰਘ ਘੁਮਾਣ, ਸਾਬਕਾ ਜ਼ਿਲ੍ਹਾ ਪ੍ਰਧਾਨ ਰਮਨਦੀਪ ਸਿੰਘ ਸੰਧ, ਹਲਕਾ ਦੀਨਾਨਗਰ ਦੇ ਇੰਚਾਰਜ ਕਮਲਜੀਤ ਸਿੰਘ ਚਾਹਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਤੁਗਲਵਾਲ, ਸ਼੍ਰੋਮਣੀ ਕਮੇਟੀ ਮੈਂਬਰ ਗੁਰਿੰਦਰਪਾਲ ਸਿੰਘ ਗੋਰਾ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ, ਸਾਬਕਾ ਚੇਅਰਮੈਨ ਪੰਜਾਬ ਸੁਖਬੀਰ ਸਿੰਘ ਵਾਹਲਾ, ਐੱਸਸੀ ਵਿੰਗ ਦੇ ਸੀਨੀਅਰ ਆਗੂ ਲਖਵਿੰਦਰ ਸਿੰਘ ਘੁੰਮਣ, ਨਗਰ ਕੌਂਸਲ ਕਾਦੀਆਂ ਦੇ ਸਾਬਕਾ ਪ੍ਰਧਾਨ ਜਰਨੈਲ ਸਿੰਘ ਮਾਹਲ, ਯੂਥ ਆਗੂ ਸਮਸ਼ੇਰ ਸਿੰਘ ਚੀਮਾ ਬਟਾਲਾ, ਸੀਨੀਅਰ ਯੂਥ ਆਗੂ ਕੰਵਲਪ੍ਰੀਤ ਸਿੰਘ ਕਾਕੀ, ਹਰਦੇਵ ਸਿੰਘ ਬਾਜੇਚੱਕ, ਸੁੱਚਾ ਸਿੰਘ ਸੁਚੇਤਗੜ੍ਹ, ਨਰਿੰਦਰ ਸਿੰਘ ਸੇਖਵਾਂ, ਬਾਬਾ ਨੱਥਾ ਸਿੰਘ ਸੰਧਵਾਂ, ਪਰਮਵੀਰ ਸਿੰਘ ਲਾਡੀ, ਕੁਲਬੀਰ ਸਿੰਘ ਰਿਆੜ, ਸਰਕਲ ਪ੍ਰਧਾਨ ਕਸਮੀਰ ਸਿੰਘ ਸਿੰਘਪੁਰਾ, ਨਾਜਰ ਸਿੰਘ ਡੇਹਰੀਵਾਲ ਦਰੋਗਾ, ਮੱਖਣ ਸਿੰਘ ਕਾਹਲੋਂ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਗੁਰਤਿੰਦਰਪਾਲ ਸਿੰਘ ਭਾਟੀਆ, ਸਾਬਕਾ ਕੌਂਸਲ ਵਿਜੇ ਕੁਮਾਰ ਕਾਦੀਆਂ, ਸਾਬਕਾ ਕੌਂਸਲ ਗਿੰਨੀ ਭਾਟੀਆ ਕਾਦੀਆਂ, ਡਾ: ਦਲੇਰ ਸਿੰਘ ਥੇਹਤਿੱਖਾ, ਮਹਿੰਦਰ ਸਿੰਘ ਸਿੱਧਵਾਂ ਆਦਿ ਸਮੇਤ ਜ਼ਿਲ੍ਹੇ ਭਰ ਤੋਂ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਸ਼ਾਮਲ ਹੋਏ।

# ਪੈਂਡਿੰਗ ਮੰਗਾਂ ਨੂੰ ਲੈ ਕੇ ਪੈਨਸ਼ਨਰ ਐਸੋਸੀਏਸ਼ਨ ਵੈਸਟ ਮੰਡਲ ਨੇ ਕੀਤੀ ਹੰਗਾਮੀ ਮੀਟਿੰਗ

**ਅੰਮ੍ਰਿਤਸਰ (ਅਰੋੜਾ)**: ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਪਾਵਰ ਅਤੇ ਟ੍ਰਾਂਸਕੋ ਐਸੋਸੀਏਸ਼ਨ ਪੱਛਮ ਮੰਡਲ ਦੀ ਖਾਸ ਬੈਠਕ ਪ੍ਰਧਾਨ ਇਕਬਾਲ ਸਿੰਘ ਦੀ ਪ੍ਰਧਾਨਗੀ ਵਿੱਚ ਓ. ਸੀ. ਐੱਮ. ਮਿਲ ਖੰਡਵਾਲਾ ਦੇ ਸਾਹਮਣੇ ਸੰਪੰਨ ਹੋਈ।ਬੈਠਕ ਵਿੱਚ ਪੱਛਮ ਮੰਡਲ ਦੇ ਵੱਖ-ਵੱਖ ਕਾਰਜ ਸਥਾਨਾਂ ਤੋਂ ਭਾਰੀ ਗਿਣਤੀ ਵਿੱਚ ਪੈਨਸ਼ਨਰ ਸਾਥੀਆਂ ਨੇ ਭਾਗ ਲਿਆ।ਬੈਠਕ ਨੂੰ ਸੰਬੋਧਨ ਕਰਦੇ ਸਾਬਕਾ ਜੇ. ਈ. ਜੋਗਿੰਦਰ ਸਿੰਘ ਨੇ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀਆਂ ਦੇ ਨਾਲ ਹੋ ਰਹੀ ਬੇਇਨਸਾਫ਼ੀ ਦੀ ਆਲੋਚਨਾ ਕਰਦੇ ਮੰਗ ਕੀਤੀ ਕਿ ਸੇਵਾ ਮੁਕਤ ਬਿਜਲੀ ਕਰਮਚਾਰੀਆਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਕਿਉਂਕਿ ਪੰਜਾਬ ਦੇ ਛੇਵੇਂ ਵੇਤਨ ਕਮਿਸ਼ਨਰ ਵੱਲੋਂ ਪੈਨਸ਼ਨਰਾਂ ਦੇ ਲਈ ਸਿਫ਼ਾਰਿਸ਼ ਕੀਤੀ ਗਈ ਜਿਸ ਵਿੱਚ 2, 5, 9 ਦਾ ਗ੍ਰਾਂਟ ਮੰਨਣ ਦੇ ਬਾਵਜੂਦ ਲਾਗੂ ਨਹੀਂ ਕੀਤਾ ਗਿਆ।ਉਨ੍ਹਾਂ ਨੇ ਕਿਹਾ ਕਿ ਪੈਨਸ਼ਨਰਾਂ ਦੇ ਨਾਲ ਪੰਜਾਬ ਸਰਕਾਰ ਭਾਰੀ ਨਾਇਨਸਾਫ਼ੀ ਕਰ ਰਹੀ ਹੈ। ਪੰਜਾਬ ਵਿੱਚ ਪੈਨਸ਼ਨਰਾਂ ਨੂੰ ਬਾਕੀ ਸਾਰੇ ਰਾਜਾਂ ਤੋਂ ਘੱਟ ਡੀ. ਏ. ਅਤੇ ਹੋਰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕੀਤੇ ਜਾਣ ਦੀ ਮੰਗ ਵੀ ਕੀਤੀ ਗਈ।ਸਰਕਲ ਆਗੂ ਜਸਵੰਤ ਸਿੰਘ ਭਿੱਟੇਵੱਡ ਨੇ ਪਾਵਰ ਕਾਰਪੋਰੇਸ਼ਨ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਨੇਤਾਵਾਂ ਦੇ ਨਾਲ ਕੀਤੇ ਗਏ ਸਮਝੌਤੇ ਨੂੰ ਲਾਗੂ ਕੀਤਾ ਜਾਵੇ। ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲਾਗੂ



ਕੀਤਾ ਜਾਵੇ।ਉਨ੍ਹਾਂ ਨੇ ਕਰਮਚਾਰੀਆਂ ਦੀ ਸਰਵਿਸ ਨੂੰ ਅੰਮ੍ਰਿਤਸਰ ਵਿੱਚ ਹੀ ਦਿੱਤੇ ਜਾਣ ਦੀ ਮੰਗ ਕੀਤੀ। ਉਨ੍ਹਾਂ ਨੇ ਕਿਹਾ ਕਿ ਟ੍ਰੇਡ ਯੂਨੀਅਨ ਵੱਲੋਂ 9 ਜੁਲਾਈ ਨੂੰ ਕੀਤੀ ਜਾਣ ਵਾਲੀ ਹੜਤਾਲ ਦਾ ਪੂਰਾ ਸਮਰਥਨ ਕੀਤਾ ਜਾਵੇਗਾ ਅਤੇ ਹੜਤਾਲ ਦੇ ਸੰਬੰਧ ਵਿੱਚ ਬੱਸ ਸਟੈਂਡ ਅੰਮ੍ਰਿਤਸਰ ਵਿੱਚ ਕੀਤੀ ਜਾਣ ਵਾਲੀ ਰੈਲੀ ਵਿੱਚ ਭਾਰੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਭਾਗ ਲੈਣਗੇ।ਬੈਠਕ ਵਿੱਚ ਬੋਲਦੇ ਹੋਏ ਸਾਰੇ ਪੈਨਸ਼ਨਰ ਆਗੂਆਂ ਨੇ ਆਪਣੀਆਂ ਮੰਗਾਂ ਦੇ ਸੰਬੰਧ ਵਿੱਚ ਸਰਕਾਰ ਨੂੰ ਬੇਨਤੀ ਕੀਤੀ ਕਿ ਉਨ੍ਹਾਂ ਨੂੰ ਉਹ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਜਿਸਦੇ ਉਹ ਹੱਕਦਾਰ ਹਨ।ਬੈਠਕ ਵਿੱਚ ਸਾਥੀ ਦਲਬੀਰ ਸਿੰਘ, ਕਸ਼ਮੀਰ ਸਿੰਘ, ਪਰਮਜੀਤ ਸਿੰਘ ਅਟਾਰੀ, ਨਿਰੰਜਨ ਸਿੰਘ, ਕੁਲਵੰਤ ਸਿੰਘ, ਪਰਮਜੀਤ ਸਿੰਘ, ਗੁਲਜਾਰ ਸਿੰਘ, ਤਰਸੇਮ ਸਿੰਘ ਸਹਿਤ ਪੈਨਸ਼ਨਰ ਐਸੋਸੀਏਸ਼ਨ ਦੇ ਕਈ ਮੈਂਬਰਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ।

# ਸ਼ਹੀਦ ਬਾਬਾ ਸਿੱਧ ਸੌਂਹ ਰੰਧਾਵਾ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੇ ਨਜ਼ਦੀਕੀ ਹਿੰਦ-ਪਾਕਿ ਸਰਹੱਦ ਡੇਰਾ ਬਾਬਾ ਨਾਨਕ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਨੇੜੇ ਗੁਰਦੁਆਰਾ ਸ਼ਹੀਦ ਬਾਬਾ ਸਿੱਧ ਸੌਂਹ ਰੰਧਾਵਾ ਵਿਖੇ ਅੱਜ ਕਸਬਾ ਡੇਰਾ ਬਾਬਾ ਨਾਨਕ ਅਤੇ ਨਾਲ ਲੱਗਦੇ ਵੱਖ-ਵੱਖ ਪਿੰਡਾਂ ਦੇ ਰੰਧਾਵਾ ਪਰਿਵਾਰਾਂ ਸਮੇਤ ਐੱਨ ਆਰ ਆਈ ਵੀਰਾਂ ਦੇ



ਸਹਿਯੋਗ ਨਾਲ ਸ਼ਹੀਦ ਬਾਬਾ ਸਿੱਧ ਸੌਂਹ ਰੰਧਾਵਾ ਜੀ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਪਹਿਲਾਂ ਤੋ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗ੍ਰੰਥੀ ਸਿੰਘ ਹਰਜੋਤ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਭਾਈ ਮਨਜਿੰਦਰ ਸਿੰਘ ਧਾਰੋਵਾਲੀ ਵਾਲਿਆਂ ਦੇ ਕੀਰਤਨੀ ਜਥੇ ਸਮੇਤ ਵੱਖ-ਵੱਖ ਕੀਰਤਨੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਢਾਡੀ ਜਥਾ ਗੁਰਮੇਜ ਸਿੰਘ ਬੀਏ ,ਢਾਡੀ ਜਥਾ ਭਾਈ ਸਤਨਾਮ ਸਿੰਘ ਲਾਲੂ ਘੁੰਮਣ, ਕਵੀਸ਼ਰ ਜਥਾ ਭਾਈ ਸੁੱਚਾ ਸਿੰਘ ਡੇਰੇ ਪਠਾਣਾ, ਭਾਈ ਮਲਕੀਤ ਸਿੰਘ ਰਮਦਾਸ ਦੇ ਕਵੀਸ਼ਰੀ ਜਥੇ ਸਮੇਤ ਵੱਖ ਵੱਖ ਰਾਗੀ ਢਾਡੀ ਜਥਿਆਂ ਵੱਲੋਂ ਵੀ ਹਾਜ਼ਰੀ ਭਰ ਕੇ ਸੰਗਤਾਂ ਨੂੰ ਸਿੱਖੀ ਇਤਿਹਾਸ ਤੇ ਜਾਣੂ ਕਰਵਾਇਆ ਗਿਆ। ਇਸ ਮੌਕੇ ਮੇਲਾ ਪ੍ਰਬੰਧਕ ਕਮੇਟੀ ਵੱਲੋਂ ਕੀਰਤਨੀ ਜਥਿਆਂ ਸਮੇਤ ਮੇਲੇ ਮੌਕੇ ਆਈਆਂ ਹੋਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕੌਂਸਲਰ ਹਰਿੰਦਰ ਸਿੰਘ, ਸਾਬਕਾ ਕੌਂਸਲਰ ਤਰਲੋਚਨ ਸਿੰਘ ਰੰਧਾਵਾ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਮੁਖਤਿਆਰ ਸਿੰਘ ਫੌਜੀ, ਬਲਜੀਤ ਸਿੰਘ ਸਾਬੀ, ਮਲਕੀਤ ਸਿੰਘ ਸਾਬੀ, ਚਰਨਜੀਤ ਸਿੰਘ, ਰਵਿੰਦਰ ਸਿੰਘ ਰੰਧਾਵਾ (ਸੋਨੂੰ ਟੀ ਟੀ), ਬਾਬਾ ਰਣਧੀਰ ਸਿੰਘ, ਹਰਪਿੰਦਰ ਸਿੰਘ ਮਿੰਟਾ, ਅਮਨ ਸਿੰਘ ਰੰਧਾਵਾ, ਹੀਰਾ ਸਿੰਘ, ਭੁਪਿੰਦਰ ਸਿੰਘ ਰੰਧਾਵਾ, ਗੁਰਨਾਮ ਸਿੰਘ ਰੰਧਾਵਾ ਪੱਖੋਕੇ, ਮਲਕੀਤ ਸਿੰਘ, ਜਸਕਰਨ ਸਿੰਘ, ਬਿੱਟੂ ਯੂ ਕੇ, ਗੁਰਵਿੰਦਰ ਸਿੰਘ, ਪ੍ਰਸ਼ੋਤਮ ਲਾਲ ਕਾਨੂੰਗੋ, ਮਨਦੀਪ ਸਿੰਘ, ਸਰਦੂਲ ਸਿੰਘ, ਰਤਿੰਦਰ ਸਿੰਘ, ਦਰਸ਼ਨ ਸਿੰਘ ਰੰਧਾਵਾ, ਆਜ਼ਾਦ ਸਿੰਘ, ਸੁਰਜੀਤ ਸਿੰਘ ਮਹਾਲ ਨੰਗਲ, ਜਗਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਰਾਜਦੀਪ ਸਿੰਘ ਕਰਨਦੀਪ ਸਿੰਘ, ਸਰਬਜੀਤ ਸਿੰਘ ਫੌਜੀ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸ਼ਹਿਰ ਦੇ ਵਿਕਾਸ 'ਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ : ਐਡਵੋਕੇਟ ਧਲੀਵਾਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਆਮ ਆਦਮੀ ਪਾਰਟੀ ਦੇ ਸਥਾਨਕ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ ਨੇ ਕਿਹਾ ਕਿ ਅਜਨਾਲਾ ਸ਼ਹਿਰ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਆਉਂਦੇ ਦਿਨਾਂ ਵਿੱਚ ਬਹੁਤ ਜਲਦ ਹੋਰ ਵਿਕਾਸ ਕਾਰਜ ਜੰਗੀ ਪੱਧਰ ਤੇ ਆਰੰਭ ਕਰ ਦਿੱਤੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਅਜਨਾਲਾ ਸ਼ਹਿਰ ਵਿੱਚ ਸਟਰੀਟ ਲਾਈਟ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਫਤਿਹਗੜ੍ਹ ਚੂੜੀਆਂ ਰੋਡ ਤੋਂ ਲੈ ਕੇ ਨਵੀਂ ਦਾਣਾ ਮੰਡੀ ਤੱਕ ਸਟਰੀਟ ਲਾਈਟ ਲਾਉਣ ਦਾ ਕੰਮ ਵੀ ਚੱਲ ਰਿਹਾ ਹੈ ਔਰ ਆਉਂਦੇ ਥੋੜੇ ਦਿਨਾਂ ਦੇ ਵਿੱਚ ਸਟਰੀਟ ਲਾਈਟ ਦੇ ਕੰਮ ਨੂੰ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ।ਸ਼ਹਿਰ ਵਿੱਚ ਕੈਮਰੇ ਲਾਉਣ ਦੀ ਵੀ ਸ਼ੁਰੂਆਤ ਕੀਤੀ ਜਾ ਰਹੀ ਹੈ ਅਤੇ ਸਰਦਾਰ ਕੁਲਦੀਪ ਸਿੰਘ ਧਾਲੀਵਾਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਦੀ ਯੋਗ ਅਗਵਾਈ ਹੇਠ ਅਜਨਾਲਾ ਸ਼ਹਿਰ ਨੂੰ ਨਮੂਨੇ ਦਾ



ਸ਼ਹਿਰ ਬਣਾਇਆ ਜਾਵੇਗਾ। ਇਸ ਮੌਕੇ ਪੱਤਰਕਾਰਾਂ ਨਾਲ ਵਧੇਰੇ ਜਾਣਕਾਰੀ ਸਾਂਝੀ ਕਰਦਿਆਂ ਅਮਨਦੀਪ ਕੌਰ ਧਾਲੀਵਾਲ ਨੇ ਕਿਹਾ ਕਿ ਬਹੁਤ ਜਲਦ ਸ਼ਹਿਰ ਵਾਸੀਆਂ ਨੂੰ ਇੱਕ ਸੁੰਦਰ ਪਾਰਕ ਅਤੇ ਸਟੇਡੀਅਮ ਬਣਾ ਕੇ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਅਜਨਾਲਾ ਸ਼ਹਿਰ ਦੇ ਸੁੰਦਰੀਕਰਨ ਵਾਸਤੇ ਚਾਰ ਗੇਟ ਬਣਾਉਣ ਦੀ ਪ੍ਰਪੋਜ਼ਲ ਸਰਕਾਰ ਦੇ ਵਿਚਾਰ ਅਧੀਨ ਹੈ ਅਤੇ ਬਹੁਤ ਜਲਦ ਗੇਟ ਬਣਾਉਣ ਦੇ ਕਾਰਜ ਵੀ ਸ਼ੁਰੂ ਕਰ ਦਿੱਤੇ ਜਾਣਗੇ। ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ ਅਜਨਾਲਾ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ਼ ਅਤੇ ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ ਹਾਜ਼ਰ ਸਨ।

# ਸਕੂਲ ਮੈਨੇਜਮੈਂਟ ਕਮੇਟੀ 'ਚ ਪਿੰਡ ਤੋਂ ਬਾਹਰੀ ਨੁਮਾਇੰਦਾ ਪਾਉਣ ਦੇ ਫੈਸਲੇ ਦੀ ਐਲੀਮੈਂਟਰੀ ਟੀਚਰਜ਼ ਯੂਨੀਅਨ ਵੱਲੋਂ ਨਿਖੇਧੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਐਲੀਮੈਂਟਰੀ ਟੀਚਰਜ਼ ਯੂਨੀਅਨ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 26 ਅਪ੍ਰੈਲ ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਸਰਕਾਰੀ ਸਕੂਲਾਂ ਦੀਆਂ ਮੈਨੇਜਮੈਂਟ ਕਮੇਟੀਆਂ ਵਿੱਚ ਖੇਤਰ ਦੇ ਚੁਣੇ ਹੋਏ ਪ੍ਰਤੀਨਿਧ ਨੂੰ ਜਾਂ ਉਸ ਵੱਲੋਂ ਨਾਮਜ਼ਦ ਮੈਂਬਰ ਨੂੰ ਸਕੂਲ ਮੈਨੇਜਮੈਂਟ ਕਮੇਟੀ ਦਾ ਹਿਸਾ ਬਣਾਉਣ ਦੇ ਹੁਕਮ ਕੀਤੇ ਹਨ, ਜਦਕਿ ਸਿੱਖਿਆ ਅਧਿਕਾਰ ਕਾਨੂੰਨ ਦੇ ਸੈਕਸ਼ਨ 21 ਤਹਿਤ ਮਾਪਿਆਂ ਤੋਂ ਇਲਾਵਾ ਸਥਾਨਕ ਅਥਾਰਟੀ (ਪੰਚਾਇਤ) ਦਾ ਚੁਣਿਆ ਹੋਇਆ ਮੈਂਬਰ ਹੀ ਸਕੂਲ ਮੈਨੇਜਮੈਂਟ ਕਮੇਟੀ ਦਾ ਮੈਂਬਰ ਬਣ ਸਕਦਾ ਹੈ। ਇਸ ਤਰ੍ਹਾਂ ਨਵੇਂ ਨੋਟੀਫਿਕੇਸ਼ਨ ਅਨੁਸਾਰ ਸਰਕਾਰ ਨੇ ਰਾਜਨੀਤਿਕ ਦਖਲਅੰਦਾਜ਼ੀ ਵਧਾਉਣ ਦੇ ਉਦੇਸ਼ ਨਾਲ ਸਥਾਨਕ ਅਥਾਰਟੀ (ਪੰਚਾਇਤਾਂ) ਦੇ ਚੁਣੇ ਹੋਏ ਮੈਂਬਰ ਲਈ ਸਕੂਲ ਕਮੇਟੀ ਦੇ ਮੈਂਬਰ ਬਣਨ ਵਿੱਚ ਅੜਿੱਕਾ ਡਾਹ ਦਿੱਤਾ ਹੈ ਅਤੇ ਖੇਤਰ ਦੇ ਚੁਣੇ ਹੋਏ ਪ੍ਰਤੀਨਿਧ ਨੂੰ ਅਧਿਕਾਰ ਦੇ ਦਿੱਤਾ ਹੈ ਕਿ ਉਹ ਖੁਦ ਜਾਂ ਆਪਣੇ ਨਾਮਜਦ ਕੀਤੇ ਵਿਅਕਤੀ ਰਾਹੀਂ ਸਕੂਲ ਦੇ ਕੰਮ ਵਿੱਚ ਦਖਲਅੰਦਾਜ਼ੀ ਕਰ ਸਕਦਾ ਹੈ, ਭਾਵੇਂ ਉਹ ਵਿਅਕਤੀ ਉਸ ਪਿੰਡ ਜਾਂ ਸ਼ਹਿਰ ਦਾ ਵਸਨੀਕ ਵੀ ਨਾ ਹੋਵੇ ਜਿਸ ਪਿੰਡ ਜਾਂ ਸ਼ਹਿਰ ਵਿੱਚ ਸਕੂਲ ਪੈਂਦਾ ਹੈ। ਪੰਜਾਬ ਸਰਕਾਰ ਵੱਲੋਂ



ਜਾਰੀ ਨੋਟੀਫਿਕੇਸ਼ਨ ਰਾਹੀਂ ਇਸ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਅਧਿਆਪਕਾ ਆਗੂਆਂ ਅਸ਼ਵਨੀ ਫੱਜੂਪੁਰ, ਹਰਪ੍ਰੀਤ ਪਰਮਾਰ ਆਦਿ ਨੇ ਸਰਕਾਰ ਇਸ ਫੈਸਲੇ ਨੂੰ ਸਿੱਖਿਆ ਅਧਿਕਾਰ ਕਾਨੂੰਨ ਦੀ ਉਲੰਘਣਾ ਕਰਨ ਦੇ ਨਾਲ ਨਾਲ ਸਿੱਖਿਆ ਵਰਗੇ ਸੰਵੇਦਨਸ਼ੀਲ ਖੇਤਰ ਵਿੱਚ ਸਿੱਧੀ ਸਿਆਸੀ ਦਖਲਅੰਦਾਜ਼ੀ ਕਰਾਰ ਦਿੱਤਾ ਅਤੇ ਇਸ ਫੈਸਲੇ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ। ਅਧਿਆਪਕ ਆਗੂਆਂ ਨੇ ਦੱਸਿਆ ਸਿੱਖਿਆ ਅਧਿਕਾਰ ਕਾਨੂੰਨ ਦੇ ਸੈਕਸਨ 21 ਤਹਿਤ 2009 ਤਹਿਤ ਸਕੂਲਾਂ ਦੇ ਪ੍ਰਬੰਧ ਨੂੰ ਦੇਖਣ ਲਈ ਸਕੂਲ ਮੈਨੇਜਮੈਂਟ ਕਮੇਟੀਆਂ ਦਾ ਉਪਬੰਧ ਕੀਤਾ ਗਿਆ ਹੈ। ਕਾਨੂੰਨ ਤਹਿਤ ਇਸ ਕਮੇਟੀ ਵਿੱਚ ਮੁੱਖ ਤੌਰ 'ਤੇ ਮਾਪਿਆਂ ਨੂੰ ਸ਼ਾਮਲ ਕੀਤਾ ਜਾਂਦਾ ਹੈ ਅਤੇ ਨਾਲ ਹੀ ਸਥਾਨਕ ਅਥਾਰਟੀ (ਪੰਚਾਇਤ) ਦੇ ਚੁਣੇ ਹੋਏ ਮੈਂਬਰ ਅਤੇ ਚੁਣੇ ਹੋਏ ਅਧਿਆਪਕਾਂ ਨੂੰ ਕਮੇਟੀ ਵਿੱਚ ਲਿਆ ਜਾਣਾ ਹੈ। ਪਰ ਨਵੇਂ ਨੋਟੀਫਿਕੇਸ਼ਨ ਵਿੱਚ ਸਥਾਨਕ ਅਥਾਰਟੀ ਨੂੰ ਗਾਇਬ ਕਰਕੇ ਖੇਤਰ ਦੇ ਪ੍ਰਤੀਨਿਧ ਸ਼ਬਦ ਦੀ ਵਰਤੋਂ ਕਰਕੇ ਸਥਾਨਕ ਅਥਾਰਟੀ (ਪੰਚਾਇਤ/ਐੱਮ ਸੀ) ਨੂੰ ਇਸ ਅਧਿਕਾਰ ਤੋਂ ਵਾਂਝੇ ਕਰ ਦਿੱਤਾ ਗਿਆ ਹੈ। ਆਗੂਆਂ ਨੇ ਦੱਸਿਆ ਕਿ ਸਕੂਲ ਮੈਨੇਜਮੈਂਟ ਕਮੇਟੀਆਂ ਵਿੱਚੋਂ ਪੰਚਾਇਤਾਂ/ਸਥਾਨਕ ਅਥਾਰਟੀ ਦੀ ਸਕੂਲਾਂ ਵਿੱਚ ਨੁਮਾਇੰਦਗੀ ਵਿੱਚ ਫੇਰਬਦਲ ਕਰਨਾ ਸਰਕਾਰ ਦੀ ਮਾੜੀ ਭਾਵਨਾ ਨੂੰ ਦਰਸਾਉਂਦਾ ਹੈ, ਜਿਸ ਤਹਿਤ ਆਉਣ ਵਾਲੇ ਸਮੇਂ ਸਕੂਲਾਂ ਦੇ ਸਿਆਸੀ ਪਾਰਟੀਬਾਜ਼ੀ ਵਾਲੇ ਅਖਾੜੇ ਬਣ ਜਾਣ ਦੀ ਸੰਭਾਵਨਾ ਵਧੇਗੀ। ਜੱਥੇਬੰਦੀ ਦੇ ਆਗੂਆਂ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ, ਪ੍ਰਭਜੋਤ ਸਿੰਘ ਦੂਲਾਨੰਗਲ, ਰਛਪਾਲ ਉਦੋਕੇ, ਸੁਖਦੀਪ ਸਿੰਘ ਜੋਲੀ, ਸਤਿਬੀਰ ਕਾਹਲੋਂ, ਗੁਰਵਿੰਦਰ ਸੈਣੀ ਆਦਿ ਨੇ ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਅਸਹਿਮਤੀ ਜਤਾਉਂਦੇ ਹੋਏ ਸਕੂਲ ਮੈਨੇਜਮੈਂਟ ਕਮੇਟੀਆਂ ਦੇ ਗਠਨ ਲਈ ਸਿੱਖਿਆ ਅਧਿਕਾਰ ਕਾਨੂੰਨ ਦੀ ਇੰਨ-ਬਿੰਨ ਪਾਲਣਾ ਕਰਦਿਆਂ ਮਾਪਿਆਂ, ਵਿਦਿਆਰਥੀਆਂ, ਸਥਾਨਕ ਅਥਾਰਟੀ ਅਤੇ ਅਧਿਆਪਕਾਂ ਨੂੰ ਹੀ ਸਕੂਲ ਕਮੇਟੀ ਦਾ ਮੈਂਬਰ ਬਣਾਇਆ ਜਾਵੇ ਅਤੇ ਸਿੱਖਿਆ ਅਧਿਕਾਰ ਕਾਨੂੰਨ ਦੀ ਉਲੰਘਣਾ ਕਰਦਿਆਂ ਕਿਸੇ ਬਾਹਰੀ ਵਿਅਕਤੀ ਨੂੰ ਸਕੂਲ ਦੀ ਕਮੇਟੀ ਵਿੱਚ ਸ਼ਾਮਲ ਕਰਾਉਣ ਵਾਲੇ ਨੋਟੀਫਿਕੇਸ਼ਨ ਨੂੰ ਤੁਰੰਤ ਰੱਦ ਕੀਤਾ ਜਾਵੇ।

# 'ਵਿਸ਼ਵ ਪੱਧਰ 'ਤੇ ਪਲਾਸਟਿਕ ਪ੍ਰਦੂਸ਼ਣ ਦਾ ਅੰਤ' ਵਿਸ਼ੇ 'ਤੇ ਸੈਮੀਨਾਰ-ਕਮ-ਵਰਕਸ਼ਾਪ ਕਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖਾਲਸਾ ਕਾਲਜ ਫਾਰ ਵੂਮੈਨ ਵਿਖੇ ਵਿਗਿਆਨ ਵਿਭਾਗ ਨੇ ਸਾਇੰਸ ਕਲੱਬ ਅਤੇ ਈਕੋ ਕਲੱਬ ਦੇ ਸਾਂਝੇ ਯਤਨਾਂ ਸਦਕਾ ਪਰਿਆਵਰਣ ਸੰਰਕਸ਼ਣ ਗਤੀਵਿਧੀ (ਹਰਿਆਵਲ ਪੰਜਾਬ) ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਣ ਦਿਵਸ ਨੂੰ ਸਮਰਪਿਤ 'ਵਿਸ਼ਵ ਪੱਧਰ 'ਤੇ ਪਲਾਸਟਿਕ ਪ੍ਰਦੂਸ਼ਣ ਦਾ ਅੰਤ' ਵਿਸ਼ੇ 'ਤੇ ਸੈਮੀਨਾਰ-ਕਮ-ਵਰਕਸ਼ਾਪ ਕਰਵਾਈ ਗਈ।ਉਕਤ ਪ੍ਰੋਗਰਾਮ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਦੇ ਉਪਰਾਲੇ ਸਦਕਾ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਡੀਨ ਸੀਡੀਸੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਪ੍ਰੋਗਰਾਮ ਦੌਰਾਨ ਪੁੱਜੇ ਸਮੂੰਹ ਮਹਿਮਾਨਾਂ ਦਾ ਪੌਦਾ ਭੇਟ ਕਰਕੇ ਸਵਾਗਤ ਕਰਨ ਉਪਰੰਤ ਆਪਣੇ ਸੰਬੋਧਨ 'ਚ ਪਲਾਸਟਿਕ ਪ੍ਰਦੂਸ਼ਣ ਨੂੰ ਇਕ ਮਹੱਤਵਪੂਰਨ ਵਿਸ਼ਵਵਿਆਪੀ ਚਿੰਤਾ ਵਜੋਂ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸਮਾਗਮ 'ਚ ਪਰਿਆਵਰਣ ਸੰਰਕਸ਼ਣ ਗਤੀਵਿਧੀ ਦੇ ਬੁਲਾਰਿਆਂ ਦਾ ਇਕ ਵਿਸ਼ੇਸ਼ ਪੈਨਲ ਸ਼ਾਮਿਲ ਸੀ, ਜਿਸ 'ਚ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ ਸ: ਰਾਜਬੀਰ ਸਿੰਘ, ਡਾ. ਰਾਜੀਵ, ਡਾ. ਗਾਇਤਰੀ ਸ਼ੂਰ, ਪੀ. ਐੱਨ. ਸ਼ਰਮਾ ਅਤੇ ਹੋਰ ਪਤਵੰਤਿਆਂ ਨੇ ਸ਼ਿਰਕਤ ਕਰਦਿਆਂ ਵਾਤਾਵਰਣ ਸੁਰੱਖਿਆ ਅਤੇ ਟਿਕਾਊ ਅਭਿਆਸਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਵਿਗਿਆਨ ਵਿਭਾਗ ਮੁੱਖੀ ਡਾ. ਮਨਬੀਰ ਕੌਰ ਨੇ ਕਾਲਜ ਦੇ ਫਰਵਰੀ 2025 'ਚ ਸ਼ੁਰੂ ਕੀਤੇ ਗਏ ਜ਼ੀਰੋ ਵੇਸਟ ਕੈਂਪਸ ਵੱਲ ਉਤਸ਼ਾਹੀ ਕਦਮ ਨੂੰ ਉਜਾਗਰ ਕੀਤਾ ਗਿਆ।ਇਸ ਦੌਰਾਨ ਇੰਟਰਐਕਟਿਵ ਸੈਸ਼ਨਾਂ 'ਚ ਹਰਿਆਵਲ ਪੰਜਾਬ ਟੀਮ ਦੇ ਡਾ. ਰਾਜੀਵ ਨੇ ਪਲਾਸਟਿਕ ਰਹਿੰਦ-ਖੂੰਹਦ ਤੋਂ ਈਕੋ-ਇੱਟਾਂ ਬਣਾਉਣਾ ਅਤੇ ਗਿੱਲੇ ਰਹਿੰਦ-ਖੂੰਹਦ ਤੋਂ ਬਾਇਓਐਨਜ਼ਾਈਮ ਤਿਆਰ ਕਰਨਾ ਵਾਤਾਵਰਣ-ਅਨੁਕੂਲ ਅਭਿਆਸਾਂ ਸਬੰਧੀ ਗਿਆਨ ਪ੍ਰਦਾਨ ਕੀਤਾ ਜਦਕਿ ਸ: ਰਾਜਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਜਨਮਦਿਨ 'ਤੇ ਰੁੱਖ ਲਗਾਉਣਾ, ਰਿਡਿਊਸ, ਰੀਯੂਜ਼ ਅਤੇ ਰੀਸਾਈਕਲ ਦੇ ਸਿਧਾਂਤਾਂ ਦੇ ਮੱਦੇਨਜ਼ਰ ਟਿਕਾਊ ਆਦਤਾਂ ਅਪਨਾਉਣ ਲਈ ਉਤਸ਼ਾਹਿਤ ਕੀਤਾ। ਇਸ ਦੌਰਾਨ ਡਾ. ਸੁਰਿੰਦਰ ਕੌਰ ਨੇ ਪ੍ਰਬੰਧਕ ਟੀਮ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਸਮੂਹ ਸੰਸਥਾਗਤ ਪੱਧਰਾਂ 'ਤੇ ਨਿਰੰਤਰ ਵਾਤਾਵਰਣ ਸ਼ਮੂਲੀਅਤ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇਸ ਮੌਕੇ ਸਾਇੰਸ ਕਲੱਬ ਦੀ ਕੋਆਰਡੀਨੇਟਰ ਡਾ. ਨਿਰਮਲ ਕੌਰ ਅਤੇ ਈਕੋ ਕਲੱਬ ਦੀ ਕੋਆਰਡੀਨੇਟਰ ਡਾ. ਕੁਮਾਰੀ ਸੀਤਾ ਨੂੰ ਮਿਸਾਲੀ ਤਾਲਮੇਲ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



9-July-PAGE-4.qxd 7/8/2025 10:36 PM Page 1

ਨਵਾਂ ਜ਼ਮਾਨਾ
ਬੁੱਧਵਾਰ, 9 ਜੁਲਾਈ 2025

# ਮਨਰੇਗਾ 'ਤੇ ਇੱਕ ਹੋਰ ਵਾਰ

*ਮਹਾਤਮਾ ਗਾਂਧੀ ਕੌਮੀ ਰੋਜ਼ਗਾਰ ਗਰੰਟੀ ਯੋਜਨਾ 2005 ਵਿੱਚ ਸੰਸਦ ਨੇ ਪਾਸ ਕੀਤੀ ਸੀ। ਇਸ ਤਹਿਤ ਕੰਮ ਮੰਗਣ ਵਾਲੇ ਪੇਂਡੂਆਂ ਨੂੰ 100 ਦਿਨ ਦੇ ਰੁਜ਼ਗਾਰ ਦੀ ਗਰੰਟੀ ਦਿੱਤੀ ਜਾਂਦੀ ਹੈ।*

*ਕੇਂਦਰ ਵਿੱਚ ਮੋਦੀ ਦੀ ਸਰਕਾਰ ਆਉਣ ਤੋਂ ਬਾਅਦ ਮਨਰੇਗਾ ਯੋਜਨਾ ਹਮੇਸ਼ਾ ਸਰਕਾਰ ਦੀਆਂ ਅੱਖਾਂ ਵਿੱਚ ਚੁੱਭਦੀ ਰਹੀ ਹੈ। ਅਸਲ ਵਿੱਚ ਇਸ ਕਾਰਨ ਪੂੰਜੀਪਤੀਆਂ ਨੂੰ ਮਿਲਦੀ ਸਸਤੀ ਮਜ਼ਦੂਰੀ ਉੱਤੇ ਕੁਝ ਹੱਦ ਤੱਕ ਰੋਕ ਲਗਦੀ ਹੈ, ਜਿਸ ਕਾਰਨ ਉਨ੍ਹਾਂ ਦਾ ਮੁਨਾਫ਼ਾ ਘਟਦਾ ਹੈ। ਯਾਦ ਰਹੇ ਕਿ 2020-21 ਵਿੱਚ ਜਦੋਂ ਕੋਰੋਨਾ ਮਹਾਂਮਾਰੀ ਰੋਕਣ ਦੇ ਨਾਂਅ 'ਤੇ ਮੋਦੀ ਸਰਕਾਰ ਨੇ ਲਾਕ-ਡਾਊਨ ਲਾਇਆ ਸੀ ਤੇ ਕਰੋੜਾਂ ਮਜ਼ਦੂਰਾਂ ਨੂੰ ਸ਼ਹਿਰ ਛੱਡ ਕੇ ਆਪਣੇ ਪਿੰਡਾਂ 'ਚ ਪਰਤਣਾ ਪਿਆ ਸੀ ਤਾਂ ਇਹ ਮਨਰੇਗਾ ਹੀ ਸੀ, ਜਿਸ ਨੇ ਕਰੋੜਾਂ ਪਰਵਾਰਾਂ ਦੀ ਰੋਜ਼ੀ-ਰੋਟੀ ਦਾ ਬੰਦੋਬਸਤ ਕੀਤਾ ਸੀ। ਅੰਕੜੇ ਗਵਾਹ ਹਨ ਕਿ ਮਹਾਂਮਾਰੀ ਤੋਂ ਪਹਿਲਾਂ 2019-20 ਵਿੱਚ ਜਿੱਥੇ ਮਨਰੇਗਾ ਤਹਿਤ ਕੰਮ ਮੰਗਣ ਵਾਲਿਆਂ ਦੀ ਗਿਣਤੀ 6.16 ਕਰੋੜ ਸੀ ਤਾਂ 2020-21 ਵਿੱਚ ਇਹ ਵਧ ਕੇ 8.55 ਕਰੋੜ ਤੱਕ ਪੁੱਜ ਗਈ ਸੀ।*

*ਮੋਦੀ ਰਾਜ ਦੌਰਾਨ ਇਸ ਯੋਜਨਾ ਦੇ ਰਾਹ ਵਿੱਚ ਕਦਮ-ਕਦਮ 'ਤੇ ਅੜਿੱਕੇ ਡਾਹੇ ਜਾਂਦ/ ਰਹੇ ਹਨ। ਕਦੇ ਜੌਬ ਕਾਰਡ ਬਣਾਉਣ ਤੋਂ ਇਨਕਾਰ ਕਰ ਦਿੱਤਾ ਜਾਂਦੈ। ਕੰਮ ਮੰਗਣ 'ਤੇ ਕੰਮ ਦੇਣ ਤੋਂ ਟਾਲ-ਮਟੋਲ ਕੀਤਾ ਜਾਂਦਾ ਹੈ। ਸਮੇਂ ਸਿਰ ਮਜ਼ਦੂਰੀ ਦਾ ਭੁਗਤਾਨ ਵੀ ਨਹੀਂ ਕੀਤਾ ਜਾਂਦਾ। ਪਿਛਲੇ ਵਿੱਤੀ ਵਰ੍ਹੇ ਦਾ 21000 ਕਰੋੜ ਰੁਪਏ ਹਾਲੇ ਤੱਕ ਅਦਾ ਨਹੀਂ ਕੀਤਾ ਗਿਆ। ਇਹਨਾਂ ਗੱਲਾਂ ਕਾਰਨ ਕੰਮ ਮੰਗਣ ਵਾਲਿਆਂ ਦੀ ਗਿਣਤੀ ਲਗਾਤਾਰ ਘਟ ਰਹੀ ਹੈ। ਇਹੋ ਸਰਕਾਰ ਚਾਹੁੰਦੀ ਹੈ, ਤਾਂ ਜੋ ਇਸ ਯੋਜਨਾ ਦਾ ਭੋਗ ਪਾਇਆ ਜਾ ਸਕੇ।*

*ਹੁਣ ਕੇਂਦਰ ਸਰਕਾਰ ਨੇ ਇਸ ਯੋਜਨਾ ਦੇ ਖਰਚ 'ਤੇ ਪਾਬੰਦੀ ਲਾ ਦਿੱਤੀ ਹੈ। ਕੇਂਦਰੀ ਪੇਂਡੂ ਵਿਕਾਸ ਮੰਤਰਾਲੇ ਨੇ ਵਿੱਤੀ ਸਾਲ 2025-26 ਦੀ ਪਹਿਲੀ ਛਿਮਾਹੀ ਲਈ ਮਨਰੇਗਾ ਤਹਿਤ ਹੋਣ ਵਾਲੇ ਖਰਚ 'ਤੇ ਕੁਲ ਫੰਡ ਦਾ 60 ਫ਼ੀਸਦੀ ਖਰਚਣ ਦੀ ਹੱਦ ਤੈਅ ਕਰ ਦਿੱਤੀ ਹੈ। ਇਹੋ ਨਹੀਂ ਕੇਂਦਰੀ ਵਿੱਤ ਮੰਤਰਾਲੇ ਨੇ ਕਿਹਾ ਹੈ ਕਿ ਅੱਗੇ ਤੋਂ ਮਨਰੇਗਾ ਤਹਿਤ ਹੋਣ ਵਾਲੇ ਖਰਚੇ ਨੂੰ ਮਾਸਿਕ/ਤਿਮਾਹੀ ਖਰਚ ਯੋਜਨਾ ਅਧੀਨ ਲਿਆਂਦਾ ਜਾਵੇਗਾ। ਹੁਣ ਤੱਕ ਇਸ ਯੋਜਨਾ ਅਧੀਨ ਖਰਚ ਦੀ ਕੋਈ ਹੱਦ ਨਹੀਂ ਸੀ, ਕਿਉਂਕਿ ਇਹ ਯੋਜਨਾ ਇੱਕ ਮੰਗ ਅਧਾਰਤ ਯੋਜਨਾ ਹੈ, ਜਿਸ ਅਨੁਸਾਰ ਕੰਮ ਮੰਗਣ ਵਾਲੇ ਨੂੰ ਕੰਮ ਦੇਣਾ ਲਾਜ਼ਮੀ ਹੈ। ਇਸੇ ਕਾਰਨ ਕੇਂਦਰੀ ਵਿੱਤ ਮੰਤਰਾਲੇ ਵੱਲੋਂ 2017 ਤੋਂ ਸਭ ਮੰਤਰਾਲਿਆਂ ਨੂੰ ਮਾਸਿਕ/ਤਿਮਾਹੀ ਖਰਚ ਯੋਜਨਾ ਅਧੀਨ ਲਿਆਂਦਾ ਗਿਆ ਸੀ, ਪਰ ਮਨਰੇਗਾ ਸਕੀਮ ਨੂੰ ਇਸ ਤੋਂ ਬਾਹਰ ਰੱਖਿਆ ਗਿਆ ਸੀ।*

*ਵਿੱਤੀ ਸਾਲ 2025-26 ਦੌਰਾਨ ਮਨਰੇਗਾ ਲਈ ਬਜਟ ਵਿੱਚ 86000 ਕਰੋੜ ਰੁਪਏ ਰੱਖੇ ਗਏ ਸਨ। ਸਰਕਾਰ ਦੀ ਨਵੀਂ ਵਿਵਸਥਾ ਮੁਤਾਬਕ ਪਹਿਲੀ ਛਿਮਾਹੀ ਵਿੱਚ 51600 ਕਰੋੜ ਖਰਚ ਹੋਣੇ ਹਨ। ਮੰਤਰਾਲੇ ਮੁਤਾਬਕ ਪਿਛਲੇ ਵਿੱਤੀ ਵਰ੍ਹੇ ਦੀਆਂ 21000 ਕਰੋੜ ਦੀਆਂ ਦੇਣਦਾਰੀਆਂ ਬਕਾਇਆ ਹਨ। ਇਸ ਨਵੇਂ ਹੁਕਮ ਨਾਲ ਰੋਜ਼ਗਾਰ ਦੇਣ ਦਾ ਕੰਮ ਪ੍ਰਭਾਵਤ ਹੋਵੇਗਾ। ਇਹ ਹੁਕਮ ਉਸ ਸਮੇਂ ਆਇਆ ਹੈ, ਜਦੋਂ ਇਹ ਮੰਗ ਲਗਾਤਾਰ ਜ਼ੋਰ ਫੜ ਰਹੀ ਹੈ ਕਿ 100 ਦਿਨ ਦੀ ਰੋਜ਼ਗਾਰ ਗਰੰਟੀ ਨੂੰ ਵਧਾ ਕੇ 150 ਦਿਨ ਦੀ ਕੀਤਾ ਜਾਵੇ ਅਤੇ ਮਜ਼ਦੂਰਾਂ ਦੀ ਦਿਹਾੜੀ ਵਧਾ ਕੇ ਘੱਟੋ-ਘੱਟ 700 ਰੁਪਏ ਕੀਤੀ ਜਾਵੇ। ਇਸ ਸਮੇਂ ਪੰਜਾਬ 'ਚ 346 ਤੇ ਕਈ ਰਾਜਾਂ ਵਿੱਚ 400 ਰੁਪਏ ਦਿਹਾੜੀ ਹੈ। ਸਰਕਾਰ ਦੇ ਇਸ ਨਵੇਂ ਆਦੇਸ਼ ਦਾ ਅਸਰ ਸਿਰਫ਼ ਮਨਰੇਗਾ ਮਜ਼ਦੂਰਾਂ 'ਤੇ ਹੀ ਨਹੀਂ ਪਵੇਗਾ, ਸਗੋਂ ਪੇਂਡੂ ਖੇਤਰ ਦੇ ਵਿਕਾਸ, ਸੜਕਾਂ ਦੀ ਉਸਾਰੀ, ਸਿੰਜਾਈ ਪ੍ਰਬੰਧਾਂ ਤੇ ਜਲ ਸੁਰੱਖਿਆ ਲਈ ਪੁੱਟੇ ਜਾਂਦੇ ਤਲਾਬਾਂ 'ਤੇ ਵੀ ਪਵੇਗਾ।*

**-ਚੰਦ ਫਤਿਹਪੁਰੀ**

## ਦਵਾਈਆਂ 'ਚ ਹੋ ਰਹੀ ਆਮ ਲੋਕਾਂ ਦੀ ਲੁੱਟ

ਮੇਰਾ ਦੋਸਤ ਕਾਫੀ ਦਿਨਾਂ ਤੋਂ ਬਿਮਾਰ ਸੀ। ਉਸ ਨੇ ਬਹੁਤ ਸਾਰੇ ਡਾਕਟਰਾਂ ਤੋਂ ਦਵਾਈਆਂ ਖਾ ਲਈਆਂ ਸਨ,ਪਰ ਉਸ ਨੂੰ ਕੋਈ ਫਰਕ ਨਹੀਂ ਪਿਆ, ਪੰਜ ਮਹੀਨੇ ਦਵਾਈਆਂ ਖਾਣ ਤੋਂ ਬਾਅਦ ਉਸ ਦਾ ਮੈਨੂੰ ਫੋਨ ਆਇਆ ਕਿ ਮੈਂ ਬਹੁਤ ਪਰੇਸ਼ਾਨ ਹਾਂ ਕਿ ਵਧੀਆ ਡਾਕਟਰ ਦੱਸ ਕਿ ਮੈਂ ਠੀਕ ਹੋ ਜਾਵਾ। ਮੈਂ ਉਸ ਨੂੰ ਅਗਲੇ ਦਿਨ ਹੀ ਪਟਿਆਲਾ ਆਉਣ ਲਈ ਕਿਹਾ, ਮੈਂ ਡਾਕਟਰ ਨੂੰ ਫੋਨ ਕਰਕੇ ਪੁੱਛਿਆ ਕਿ ਡਾਕਟਰ ਸਾਹਿਬ ਘਰ ਕਦੋਂ ਮਿਲੋਗੇ,ਤਾਂ ਡਾਕਟਰ ਨੇ ਕਿਹਾ ਕਿ ਸ਼ਾਮ ਨੂੰ ਸਾਢੇ ਚਾਰ ਵਜੇ ਘਰ ਆ ਜਾਇਓ। ਮੈਂ ਆਪਣੇ ਦੋਸਤ ਨੂੰ ਡਾਕਟਰ ਕੋਲ ਲੈ ਕੇ ਚਲਾ ਗਿਆ। ਡਾਕਟਰ ਨੇ ਟੈਸਟ ਕਰਵਾਉਣ ਲਈ ਕਿਹਾ, ਜਿਸ ਵਿੱਚ ਡਾਕਟਰ ਨੇ ਖ਼ੂਨ, ਪਿਸ਼ਾਬਤੇ ਅਲਟਰਾਸਾਊਂਡ ਲਿਖਿਆ, ਅਸੀਂ ਟੈਸਟ ਕਰਵਾਉਣ ਲਈ ਪਟਿਆਲਾ ਦੀ ਨਾਮਵਰ ਲੈਬੋਰਟਰੀ ਵਿੱਚ ਚਲੇ ਗਏ, ਜਿਸ ਵਿੱਚ ਉਹਨਾਂ ਟੈਸਟਾਂ ਦੇ ਇੱਕੀ ਸੌ ਰੁਪਏ ਲਏ, ਫੇਰ ਅਸੀਂ ਡੈਲਟਾ ਅਲਟਰਾਸਾਊਂਡ ਵਾਲਿਆਂ ਕੋਲ ਗਏ, ਜਿਸ ਵਿੱਚ ਉਹਨਾਂ ਬਾਈ ਸੌ ਰੁਪਏ ਲਏ। ਸਾਰੇ ਟੈਸਟ ਕਰਵਾਉਣ ਤੋਂ ਬਾਅਦ ਅਸੀ ਰਿਪੋਰਟਾਂ ਲੈ ਕੇ ਫੇਰ ਡਾਕਟਰ ਕੋਲ ਚਲੇ ਗਏ। ਡਾਕਟਰ ਨੇ ਰਿਪੋਰਟਾਂ ਦੇਖ ਕੇ ਦਵਾਈਆਂ ਲਿਖ ਦਿੱਤੀਆਂ। ਜੋ ਦਵਾਈਆਂ ਡਾਕਟਰ ਨੇ ਲਿਖੀਆਂ ਸਨ, ਉਹ ਕਾਫੀ ਮਹਿੰਗੀਆਂ ਸਨ। ਅਸੀ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਦੇ ਬਾਹਰੋਂ ਮੈਡੀਕਲ ਸਟੋਰਾਂ 'ਤੇ ਦਵਾਈਆਂ ਲੈਣ ਚਲੇ ਗਏ।ਪਹਿਲਾਂ ਇੱਕ ਮੈਡੀਕਲ ਸਟੋਰ 'ਤੇ ਦਵਾਈ ਲੈਣ ਗਏ, ਜੋ ਅਮਰ ਹਸਪਤਾਲ ਦੇ ਬਿਲਕੁਲ ਸਾਹਮਣੇ ਹੈ, ਜਿਸ ਨੇ ਉਹ ਦਵਾਈਆਂ ਚਾਰ ਹਜ਼ਾਰ ਰੁਪਏ ਦੀਆਂ ਬਣਾਈਆਂ, ਕਹਿੰਦਾ ਪੰਜ ਪਰਸੈਂਟ ਲੈੱਸ ਕਰ ਦੇਵਾਂਗਾ। ਅਸੀਂ ਉਸ ਤੋਂ ਦਵਾਈਆਂ ਨਹੀ ਖਰੀਦੀਆਂ, ਸਾਨੂੰ ਮਹਿੰਗੀਆਂ ਲੱਗੀਆਂ, ਫੇਰ ਅਸੀ ਹੋਰ ਮੈਡੀਕਲ ਸਟੋਰ 'ਤੇ ਗਏ, ਜਿਸ ਨੇ ਉਹੀ ਦਵਾਈਆਂ ਅਠਾਈ ਸੌ ਰੁਪਏ ਦੀਆਂ ਬਣਾਈਆਂ। ਅਸੀ ਉਥੋਂ ਦਵਾਈਆਂ ਖਰੀਦ ਲਈਆਂ, ਤੁਸੀਂ ਦੇਖ ਸਕਦੇ ਹੋ, ਕਿੰਨਾ ਫਰਕ ਮਿਲਿਆ ਦਵਾਈਆਂ ਦੇ ਰੇਟ ਵਿੱਚ। ਇਸੇ ਤਰ੍ਹਾਂ ਆਮ ਲੋਕਾਂ ਨਾਲ ਲੁੱਟਮਾਰ ਹੋ ਰਹੀ ਏ। ਸਰਕਾਰੀ ਹਸਪਤਾਲਾਂ ਵਿੱਚ ਸਿਰਫ ਗਰੀਬ ਹੀ ਇਲਾਜ ਕਰਵਾਉਣ ਲਈ ਆਉਂਦਾ ਹੈ, ਨਾ ਕਿ ਅਮੀਰ। ਅੱਜਕੱਲ੍ਹ ਮਹਿੰਗਾਈ ਦੇ ਯੁੱਗ ਵਿੱਚ ਗਰੀਬ ਨੂੰ ਰੋਜ਼ੀ-ਰੋਟੀ ਕਮਾਉਣੀ ਬਹੁਤ ਔਖੀ ਹੈ, ਹਸਪਤਾਲ ਵਿੱਚ ਦੁਖੀ ਤੋਂ ਦੁਖੀ ਲੋਕ ਆਉਂਦੇ ਹਨ, ਨਾ ਕਿ ਸੁਖੀ ਲੋਕ। ਮੈਡੀਕਲਾਂ ਸਟੋਰਾਂ ਵਾਲੇ ਆਮ ਲੋਕਾਂ ਨੂੰ ਦੁਖੀ ਕਰਕੇ ਤੇ ਲੁੱਟ ਕਰਕੇ ਕਮਾਈਆਂ ਕਰ ਰਹੇ ਹਨ। ਜਿਹੜੀ ਦਵਾਈ ਦਸ ਰੁਪਏ ਦੀ ਮਿਲਦੀ ਹੈ, ਉਸ ਨੂੰ ਉਹ ਐਮ ਆਰ ਪੀ ਰੇਟ ਸੌ ਰੁਪਏ ਤੋਂ ਲੈ ਕੇ ਦੋ ਰੁਪਏ ਵਿੱਚ ਵੇਚਦੇ ਹਨ। ਪੰਜਾਬ ਸਰਕਾਰ ਤੇ ਸਿਹਤ ਵਿਭਾਗ ਨੂੰ ਇਨ੍ਹਾਂ ਮੈਡੀਕਲ ਸਟੋਰਾਂ 'ਤੇ ਸ਼ਿਕੰਜਾ ਕੱਸਣਾ ਚਾਹੀਦਾ ਹੈ, ਤਾਂ ਕਿ ਆਮ ਲੋਕਾਂ ਦੀ ਹੋ ਰਹੀ ਲੁੱਟ ਨੂੰ ਰੋਕਿਆ ਜਾ ਸਕੇ ਅਤੇ ਗਰੀਬ ਲੋਕਾਂ ਦਾ ਭਲਾ ਹੋ ਸਕੇ।

**- ਚਰਨਜੀਤ ਸਿੰਘ**
**# ਸੰਪਰਕ : 94171-05175**

# ਕੇਂਦਰ ਸਰਕਾਰ ਦੀਆਂ ਨੀਤੀਆਂ ਖਿਲਾਫ ਦੇਸ਼-ਵਿਆਪੀ ਹੜਤਾਲ

**ਪੇਸ਼ਕਸ਼ : ਐੱਮ ਐੱਸ ਭਾਟੀਆ**



ਅਮਰਜੀਤ ਕੌਰ

> *"ਇਸ ਹੜਤਾਲ ਦੀ ਮਹੱਤਤਾ ਇਹ ਹੈ ਕਿ ਇਹ ਭਾਰਤ ਵਿੱਚ ਵੱਡੇ ਅੰਦੋਲਨਾਂ ਦੀ ਸ਼ੁਰੂਆਤ ਹੋਵੇਗੀ। ਹੁਣ ਹੋਰ ਨਹੀਂ ਸਹਿਣਾ। ਸਰਕਾਰ ਨੇ ਨੌਕਰੀਆਂ 'ਤੇ ਰੋਕ ਲਾ ਦਿੱਤੀ ਹੈ। ਉਹ ਨੌਜਵਾਨਾਂ ਲਈ ਨਵੇਂ ਰੋਜ਼ਗਾਰ ਪੈਦਾ ਨਹੀਂ ਕਰ ਰਹੀ।"*

ਭਾਰਤ ਵਿੱਚ ਨਿਵੇਸ਼ ਮਜ਼ਦੂਰਾਂ ਕਰਕੇ ਨਹੀਂ ਰੁਕ ਰਿਹਾ, ਬਲਕਿ ਇਸ ਕਰਕੇ ਰੁਕ ਰਿਹਾ ਹੈ, ਕਿਉਂਕਿ ਸਰਕਾਰ ਸਿਰਫ਼ ਦੋ ਕੰਪਨੀਆਂ ਦਾ ਪੱਖ ਲੈ ਰਹੀ ਹੈ।

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (AITUC) ਦੀ ਜਨਰਲ ਸਕੱਤਰ ਅਤੇ ਸੀਨੀਅਰ ਟਰੇਡ ਯੂਨੀਅਨ ਆਗੂ ਅਮਰਜੀਤ ਕੌਰ ਨੇ ਕਿਹਾ ਕਿ 9 ਜੁਲਾਈ ਨੂੰ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ 17 ਸੂਤਰਾਂ ਵਾਲੀਆਂ ਮੰਗਾਂ ਨੂੰ ਲੈ ਕੇ ਬੁਲਾਈ ਗਈ ਹੜਤਾਲ, ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਦੇ ਵਿਰੋਧ 'ਚ ਅਤੇ ਮਜ਼ਦੂਰਾਂ ਅਤੇ ਬੇਰੋਜ਼ਗਾਰ ਨੌਜਵਾਨਾਂ ਦੇ ਹੱਕਾਂ ਲਈ ਹੈ।

ਦਿ ਹਿੰਦੂ ਨੂੰ ਦਿੱਤੇ ਇੰਟਰਵਿਊ ਵਿੱਚ ਉਨ੍ਹਾਂ ਕਿਹਾ ਕਿ ਇਹ ਹੜਤਾਲ ਕਾਰਜਸ਼ੀਲ ਵਰਗ, ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੂੰ ਲੰਬੀ ਲੜਾਈ ਲਈ ਤਿਆਰ ਕਰਨ ਵੱਲ ਇਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਟਰੇਡ ਯੂਨੀਅਨ ਹੱਕਾਂ ਨੂੰ ਘਟਾਉਣ ਵਾਲੀਆਂ ਸਰਕਾਰੀ ਕੋਸ਼ਿਸ਼ਾਂ 'ਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਨਿਵੇਸ਼ ਮਜ਼ਦੂਰਾਂ ਕਰਕੇ ਨਹੀਂ ਰੁਕ ਰਿਹਾ, ਪਰ ਇਸ ਲਈ ਕਿ ਸਰਕਾਰ ਸਿਰਫ਼ ਇਕ ਜਾਂ ਦੋ ਕੰਪਨੀਆਂ ਨੂੰ ਹੀ ਤਰਜੀਹ ਦੇ ਰਹੀ ਹੈ।

**ਕੀ ਇਹ ਹੜਤਾਲ ਪਿਛਲੇ ਸਾਲਾਂ ਨਾਲੋਂ ਵਧੇਰੇ ਪ੍ਰਭਾਵਸ਼ਾਲੀ ਹੈ ?**

ਇਸ ਹੜਤਾਲ ਦੀ ਮਹੱਤਤਾ ਇਹ ਹੈ ਕਿ ਇਹ ਭਾਰਤ ਵਿੱਚ ਵੱਡੇ ਅੰਦੋਲਨਾਂ ਦੀ ਸ਼ੁਰੂਆਤ ਹੋਵੇਗੀ। ਹੁਣ ਹੋਰ ਨਹੀਂ ਸਹਿਣਾ। ਸਰਕਾਰ ਨੇ ਨੌਕਰੀਆਂ 'ਤੇ ਰੋਕ ਲਾ ਦਿੱਤੀ ਹੈ। ਉਹ ਨੌਜਵਾਨਾਂ ਲਈ ਨਵੇਂ ਰੋਜ਼ਗਾਰ ਪੈਦਾ ਨਹੀਂ ਕਰ ਰਹੀ। ਇਸ ਦੇ ਉਲਟ, ਜੋ ਲੋਕ ਪਹਿਲਾਂ ਹੀ ਰਿਟਾਇਰ ਹੋ ਚੁੱਕੇ ਹਨ, ਉਨ੍ਹਾਂ ਨੂੰ ਘੱਟ ਤਨਖਾਹਾਂ 'ਤੇ ਅਤੇ ਬਿਨਾਂ ਕਿਸੇ ਸਮਾਜਿਕ ਸੁਰੱਖਿਆ ਦੇ ਰੀ-ਇੰਪਲਾਇ (ਦੁਬਾਰਾ ਨੌਕਰੀਆਂ 'ਤੇ ਰੱਖਿਆ ਜਾ ਰਿਹਾ ਹੈ) ਕੀਤਾ ਜਾ ਰਿਹਾ ਹੈ - ਇਹ ਰੇਲਵੇ ਅਤੇ ਸਟੀਲ ਖੇਤਰ ਵਿੱਚ ਹੋ ਰਿਹਾ ਹੈ।

ਕੇਂਦਰ ਸਰਕਾਰ ਅਤੇ ਸਰਵਜਨਿਕ ਖੇਤਰਾਂ ਵਿੱਚ ਲੱਗਭੱਗ 15 ਲੱਖ ਅਸਾਮੀਆਂ ਖਾਲੀ ਹਨ, ਪਰ ਸਰਕਾਰ ਨਿਯੁਕਤੀਆਂ ਕਰਨ ਦੇ ਮੂਡ ਵਿੱਚ ਨਹੀਂ ਹੈ। ਇਨ੍ਹਾਂ ਦੀ ਥਾਂ ਨੌਕਰੀਆਂ ਨੂੰ ਆਊਟਸੋਰਸ ਕੀਤਾ ਜਾ ਰਿਹਾ ਹੈ ਜਾਂ ਠੇਕੇ 'ਤੇ ਦਿੱਤਾ ਜਾ ਰਿਹਾ ਹੈ। ਇਹ ਸਾਫ਼ ਹੈ ਕਿ ਦੇਸ਼ ਵਿੱਚ ਬੇਰੋਜ਼ਗਾਰੀ ਇੱਕ ਗੰਭੀਰ ਸੰਕਟ ਬਣ ਰਹੀ ਹੈ।

ਮੌਜੂਦਾ ਕਰਮਚਾਰੀਆਂ ਲਈ ਸਰਕਾਰ ਨੇ ਪੁਰਾਣੀ ਪੈਨਸ਼ਨ ਯੋਜਨਾ (OPS) ਨੂੰ ਮੁੜ ਲਾਗੂ ਨਾ ਕਰਨ ਦਾ ਫੈਸਲਾ ਲਿਆ ਹੈ। ਹੁਣ ਉਹ ਏਕੀਕ੍ਰਿਤ ਪੈਨਸ਼ਨ ਯੋਜਨਾ (UPS) ਲਾਗੂ ਕਰ ਰਹੇ ਹਨ, ਜੋ ਕਿ ਰਾਸ਼ਟਰੀ ਪੈਨਸ਼ਨ ਯੋਜਨਾ (NPS) ਨਾਲੋਂ ਵੀ ਖ਼ਰਾਬ ਹੈ। UPS ਚੁਣਨ ਤੋਂ ਬਾਅਦ ਨਾ ਤਾਂ ਤੁਸੀਂ NPS ਵਿੱਚ ਜਾ ਸਕਦੇ ਹੋ, ਨਾ OPS ਵਿੱਚ। ਇਨ੍ਹਾਂ ਤੋਂ ਇਲਾਵਾ, ਸਰਕਾਰ ELI - ਰੋਜ਼ਗਾਰ ਨਾਲ ਜੁੜੀ ਪ੍ਰੋਤਸਾਹਨ ਯੋਜਨਾ ਨੂੰ ਜਾਰੀ ਰੱਖ ਰਹੀ ਹੈ, ਜਿਸ ਤਹਿਤ EPFO ਦੇ ਪੈਸੇ ਦੀ ਵਰਤੋਂ ਮਾਲਿਕਾਂ ਨੂੰ ਸਹਾਇਤਾ ਦੇਣ ਲਈ ਕੀਤੀ ਜਾ ਰਹੀ ਹੈ।

ਅਸੀਂ ਮੰਗ ਕਰਦੇ ਹਾਂ ਕਿ ਮਨਰੇਗਾ ਅਧੀਨ ਕੰਮ ਦੇ ਦਿਨ ਵਧਾਏ ਜਾਣ, ਹਰ ਖੇਤਰ ਲਈ 26,000 ਪ੍ਰਤੀ ਮਹੀਨਾ ਦੀ ਰਾਸ਼ਟਰੀ ਪੱਧਰ 'ਤੇ ਘੱਟੋ-ਘੱਟ ਮਜ਼ਦੂਰੀ ਨਿਰਧਾਰਤ ਹੋਵੇ, PF ਪੈਨਸ਼ਨ ? 9,000 ਮਹੀਨਾ ਹੋਵੇ ਅਤੇ ਜਿਨ੍ਹਾਂ ਕੋਲ ਕੋਈ ਪੈਨਸ਼ਨ ਯੋਜਨਾ ਨਹੀਂ, ਉਨ੍ਹਾਂ ਨੂੰ 6,000 ਪ੍ਰਤੀ ਮਹੀਨਾ ਦੀ ਸਮਾਜਿਕ ਪੈਨਸ਼ਨ ਦਿੱਤੀ ਜਾਵੇ।

**ਕੀ ਸਰਕਾਰ ਨੇ ਇਸ ਚਾਰਟਰ ਉੱਤੇ ਗੱਲਬਾਤ ਕੀਤੀ ਹੈ ?**

ਪਿਛਲੇ ਸਾਲ ਅਸੀਂ ਕੇਂਦਰੀ ਲੇਬਰ ਮੰਤਰੀ ਮਨਸੁਖ ਮਾਂਡਵੀਆ ਨਾਲ ਮਿਲੇ ਅਤੇ ਆਪਣੀਆਂ ਮੰਗਾਂ ਰੱਖੀਆਂ। ਉਨ੍ਹਾ ਕਿਹਾ ਕਿ ਉਹ ਇਹਨਾਂ ਦੀ ਪੜਚੋਲ ਕਰਨਗੇ, ਪਰ ਇਸ ਦੀ ਥਾਂ ਸਰਕਾਰ ਚਾਰ ਸ਼੍ਰਮ ਕੋਡਾਂ ਨੂੰ ਲਾਗੂ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਕਿ ਮਜ਼ਦੂਰ ਹੱਕਾਂ ਖਿਲਾਫ ਹਨ। ਸਰਕਾਰ ਕਿਸੇ ਵੀ ਸਲਾਹ-ਮਸ਼ਵਰੇ 'ਚ ਵਿਸ਼ਵਾਸ ਨਹੀਂ ਰੱਖਦੀ। ਇੰਡੀਅਨ ਲੇਬਰ ਕਾਨਫਰੰਸ ਨੂੰ ਦਸ ਸਾਲ ਹੋ ਚੁੱਕੇ ਹਨ - ਅਜੇ ਤੱਕ ਨਹੀਂ ਬੁਲਾਇਆ ਗਿਆ। ਮਾਂਡਵੀਆ ਨੇ ਮਾਰਚ 'ਚ ਕਿਹਾ ਸੀ ਕਿ ਸਰਕਾਰ ਲੇਬਰ ਕੋਡ ਲਾਗੂ ਕਰੇਗੀ। ਅਸੀਂ ਫੈਸਲਾ ਕੀਤਾ ਕਿ ਜਿਸ ਦਿਨ ਇਹ ਕੋਡ ਲਾਗੂ ਹੋਣਗੇ, ਅਸੀਂ ਉਨ੍ਹਾਂ ਦੀਆਂ ਕਾਪੀਆਂ ਸਾੜ ਦੇਵਾਂਗੇ ਅਤੇ 20 ਮਈ ਨੂੰ ਹੜਤਾਲ ਕਰਾਂਗੇ, ਪਰ ਸੀਮਾ ਸਥਿਤੀ ਦੇ ਮੱਦੇਨਜ਼ਰ ਹੜਤਾਲ ਨੂੰ 9 ਜੁਲਾਈ ਤੱਕ ਟਾਲਿਆ ਗਿਆ। ਸਰਕਾਰ ਨੇ ਹਾਲੇ ਤੱਕ ਕੋਈ ਧਿਆਨ ਨਹੀਂ ਦਿੱਤਾ। ਪ੍ਰਧਾਨ ਮੰਤਰੀ ਦਫ਼ਤਰ ਨੇ ਸਾਰੇ ਰਾਜਾਂ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਆਪਣੇ ਕਾਨੂੰਨਾਂ ਅਤੇ ਨਿਯਮਾਂ ਨੂੰ ਲੇਬਰ ਕੋਡ ਦੇ ਅਨੁਸਾਰ ਬਦਲੋ।

ਸਰਕਾਰ ਅਤੇ ਭਾਰਤੀ ਮਜ਼ਦੂਰ ਸੰਘ (ਬੀ ਐੱਮ ਐੱਸ) ਕਹਿ ਰਹੇ ਹਨ ਕਿ ਲੇਬਰ ਕੋਡ ਰਾਜ ਸਰਕਾਰਾਂ ਵੱਲੋਂ ਲਾਗੂ ਕੀਤੇ ਜਾ ਰਹੇ ਹਨ, ਇਸ ਲਈ ਵਿਰੋਧ ਉਨ੍ਹਾਂ ਦੇ ਖਿਲਾਫ ਹੋਣਾ ਚਾਹੀਦਾ ਹੈ।

ਬੀ ਜੇ ਪੀ-ਸ਼ਾਸਤ ਰਾਜਾਂ ਤੋਂ ਇਲਾਵਾ ਕਿਸੇ ਹੋਰ ਰਾਜ ਨੇ ਇਨ੍ਹਾਂ ਕੋਡਾਂ ਨੂੰ ਨੋਟੀਫਾਈ ਨਹੀਂ ਕੀਤਾ। ਇਹ ਗੱਲ ਕੇਂਦਰ ਨੂੰ ਪਤਾ ਹੈ, ਫਿਰ ਵੀ ਉਹ ਦੂਹਰੀ ਭੂਮਿਕਾ ਨਿਭਾਅ ਰਹੀ ਹੈ। ਕੇਂਦਰ ਨੇ 29 ਮਜ਼ਦੂਰ ਕਾਨੂੰਨਾਂ ਨੂੰ ਮਿਲਾ ਕੇ ਚਾਰ ਕੋਡਾਂ 'ਚ ਬਦਲ ਦਿੱਤਾ ਹੈ। ਹੁਣ ਇਹਨਾਂ ਕੋਡਾਂ ਦੇ ਆਧਾਰ 'ਤੇ ਰਾਜਾਂ ਨੂੰ ਕਹਿ ਰਹੀ ਹੈ ਕਿ ਆਪਣੇ ਨਿਯਮ ਬਦਲੋ। ਟਰੇਡ ਯੂਨੀਅਨਾਂ ਰਾਜ ਸਰਕਾਰਾਂ ਖ਼ਿਲਾਫ ਵੀ ਲੜ ਰਹੀਆਂ ਹਨ। ਅਸੀਂ ਚੇਤਾਵਨੀ ਦਿੱਤੀ ਹੈ ਕਿ ਲੇਬਰ ਕੋਡ ਲਾਗੂ ਨਾ ਕੀਤੇ ਜਾਣ।

'Ease of Doing Business' ਅਤੇ ਨਿਵੇਸ਼ ਲਈ ਲੇਬਰ ਕੋਡ ਲਾਜ਼ਮੀ ਹਨ—ਇਹ ਸਰਕਾਰ ਦਾ ਦਾਅਵਾ ਹੈ।

ਉਹ ਰਾਜਾਂ ਨੂੰ ਡਰਾ ਰਹੇ ਹਨ ਕਿ ਜੇ ਲੇਬਰ ਕੋਡ ਲਾਗੂ ਨਾ ਕੀਤੇ ਤਾਂ ਨਿਵੇਸ਼ ਨਹੀਂ ਆਏਗਾ, ਪਰ ਰਾਜਾਂ ਨੂੰ ਭਾਰਤੀ ਸੰਵਿਧਾਨ ਅਤੇ ਮਜ਼ਦੂਰ ਕਾਨੂੰਨਾਂ ਦੀ ਪਾਲਣਾ ਕਰਨੀ ਹੋਵੇਗੀ। ਗੰਭੀਰ ਨਿਵੇਸ਼ਕਾਂ ਨੂੰ ਪਤਾ ਹੁੰਦਾ ਹੈ ਕਿ ਸਥਿਰਤਾ ਅਤੇ ਉਦਯੋਗਿਕ ਅਮਨ-ਚੈਨ ਲਾਜ਼ਮੀ ਹੈ। ਨਿਵੇਸ਼ ਵਿੱਚ ਕਮੀ ਦਾ ਕਾਰਨ ਮਜ਼ਦੂਰ ਨਹੀਂ ਹਨ ਪਰ ਸਰਕਾਰ ਦੀਆਂ ਆਰਥਿਕ ਅਤੇ ਸਮਾਜਿਕ ਨੀਤੀਆਂ ਹਨ, ਅਤੇ ਵਿਸ਼ਵ ਆਰਥਿਕ ਮੰਦੀ ਵੀ। ਕੋਈ ਵੀ ਵਿਦੇਸ਼ੀ ਨਿਵੇਸ਼ਕ ਉਥੇ ਕਿਉਂ ਆਵੇਗਾ, ਜਿੱਥੇ ਧਾਰਮਿਕ ਹਿੰਸਾ ਆਮ ਹੈ? ਕਾਨੂੰਨ-ਵਿਵਸਥਾ ਵੱਡਾ ਮਸਲਾ ਹੈ। ਨਾਲ ਹੀ ਕਰੋਨੀ ਕੈਪਟਲਿਜ਼ਮ (ਪੂੰਜੀਵਾਦੀ ਭਾਈਵਾਦ) ਇੱਕ ਹੋਰ ਰੁਕਾਵਟ ਹੈ।ਜ਼ਿਆਦਾਤਰ ਸਰੋਤ ਅਡਾਨੀ ਅਤੇ ਅੰਬਾਨੀ ਨੂੰ ਦਿੱਤੇ ਜਾ ਚੁੱਕੇ ਹਨ।ਜਦੋਂ ਨਿਵੇਸ਼ਕ ਦੇਖਦੇ ਹਨ ਕਿ ਸਰਕਾਰ ਸਿਰਫ ਦੋ ਕਾਰਪੋਰੇਟ ਘਰਾਣਿਆਂ ਦੇ ਨਾਲ ਖੜੀ ਹੈ, ਤਾਂ ਉਹ ਕਿਉਂ ਨਿਵੇਸ਼ ਕਰਨਗੇ? ਇੱਥੇ ਮਜ਼ਦੂਰ ਅੰਦੋਲਨਾਂ ਨੂੰ ਦਬਾਅ ਦਿੱਤਾ ਜਾਂਦਾ ਹੈ।

**ਇਸ ਵਾਰੀ ਕਿੰਨੇ ਖੇਤਰਾਂ ਵਿੱਚ ਹੜਤਾਲ ਹੋਵੇਗੀ ?**

ਬੈਂਕ, ਬੀਮਾ, ਸਟੀਲ, ਕੋਲਾ, ਖਣਿਜ, ਪੈਟਰੋਲ, ਤੰਬਾ ਖੇਤਰ ਅਤੇ ਕੁਝ ਹਵਾਈ ਅੱਡਿਆਂ ਵਿੱਚ ਹੜਤਾਲ ਦੀ ਜਾਣਕਾਰੀ ਮਿਲੀ ਹੈ। ਰੇਲਵੇ ਮਜ਼ਦੂਰ ਹੜਤਾਲ ਦਾ ਸਮਰਥਨ ਕਰਨਗੇ, ਪਰ ਰੇਲਵੇ 'ਚ ਹੜਤਾਲ ਨਹੀਂ ਹੋਏਗੀ। ਰੱਖਿਆ ਖੇਤਰ ਵਿੱਚ ਹੜਤਾਲ ਹੋਏਗੀ। ਹਰ ਰਾਜ ਵਿੱਚ ਸਰਕਾਰੀ ਕਰਮਚਾਰੀ ਹੜਤਾਲ ਦੀ ਸੂਚਨਾ ਦੇ ਚੁੱਕੇ ਹਨ। ਅਸਾਮ, ਤਾਮਿਲਨਾਡੂ, ਗੋਆ, ਪੰਜਾਬ, ਬਿਹਾਰ, ਕੇਰਲ, ਪੱਛਮੀ ਬੰਗਾਲ ਅਤੇ ਹੋਰ ਰਾਜਾਂ ਵਿੱਚ ਬੰਦ ਵਰਗਾ ਮਾਹੌਲ ਬਣੇਗਾ। ਯੂਨੀਅਨਾਂ ਨੇ ਵਿਰੋਧੀ ਪਾਰਟੀਆਂ ਨਾਲ ਸੰਪਰਕ ਕੀਤਾ ਹੈ ਅਤੇ ਉਨ੍ਹਾਂ ਨੂੰ ਸਮਰਥਨ ਵੀ ਮਿਲਿਆ ਹੈ। ਸੰਦੇਸ਼ ਸਾਫ਼ ਹੈ। ਬੀ ਐੱਮ ਐੱਸ ਨਾਲ ਜੁੜੀਆਂ ਯੂਨੀਅਨਾਂ ਦੇ ਮਜ਼ਦੂਰਾਂ ਨੇ ਵੀ ਸਮਰਥਨ ਦਾ ਵਾਅਦਾ ਕੀਤਾ ਹੈ। ਇਹ ਹੜਤਾਲ ਮਜ਼ਦੂਰ ਵਰਗ, ਕਿਸਾਨ ਭਾਈਚਾਰੇ ਅਤੇ ਖੇਤੀ ਮਜ਼ਦੂਰਾਂ ਨੂੰ ਲੰਬੀ ਲੜਾਈ ਲਈ ਤਿਆਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

*(ਇਹ ਲੇਖ ਏ.ਐੱਮ. ਜਿਗੀਸ਼ ਵੱਲੋਂ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਦੀ ਜਨਰਲ ਸਕੱਤਰ ਅਮਰਜੀਤ ਕੌਰ ਨਾਲ ਕੀਤੇ ਗਏ ਇੰਟਰਵਿਊ 'ਤੇ ਆਧਾਰਤ ਹੈ। thehindu.com 'ਚ ਪ੍ਰਕਾਸ਼ਿਤ ਹੋਇਆ ਸੀ।)*

# ਸਿੱਖਿਆ ਪ੍ਰਣਾਲੀ ਦੇ ਬਦਲਦੇ ਰੂਪ



ਜਸਪਾਲ ਸਿੰਘ ਲੋਹਾਮ

ਕੋਈ ਸਮਾਂ ਸੀ, ਜਦੋਂ ਸਕੂਲ ਵਿਚ ਸਾਰਾ ਕੰਟਰੋਲ ਅਧਿਆਪਕ ਕੋਲ ਸੀ। ਅਧਿਆਪਕ ਖੁਦ ਹੀ ਪਾਠਕ੍ਰਮ ਦੀ ਵੰਡ ਕਰਦਾ ਸੀ। ਪਹਿਲੀ ਟਰਮ, ਦੂਸਰੀ ਟਰਮ ਅਤੇ ਸਾਲਾਨਾ ਪੇਪਰ ਤਿੰਨ ਹਿੱਸਿਆਂ ਵਿਚ ਵੰਡਿਆ ਜਾਂਦਾ ਸੀ। ਕਿਤਾਬ ਵਿੱਚੋਂ ਪਾਠਕ੍ਰਮ ਲੈ ਕੇ ਵੰਡ ਕਰ ਲਈ ਜਾਂਦੀ ਸੀ। ਇਸੇ ਤਰ੍ਹਾਂ ਪ੍ਰਸ਼ਨ ਪੱਤਰ ਵੀ ਖੁਦ ਆਪ ਤਿਆਰ ਕਰਦਾ। ਕਈ ਵਾਰ ਕਾਰਬਨ ਪੇਪਰ ਰੱਖ ਕੇ ਕਾਪੀਆਂ ਤਿਆਰ ਕੀਤੀਆਂ ਜਾਂਦੀਆਂ ਸਨ। ਆਪ ਹੀ ਪੇਪਰ ਲੈਂਦੇ ਅਤੇ ਫਿਰ ਆਪ ਹੀ ਪੇਪਰ ਚੈੱਕ ਕਰਨੇ ਹੁੰਦੇ ਸਨ। ਖੁਦ ਆਪਣੇ ਨਤੀਜੇ ਤਿਆਰ ਕਰਦੇ ਸਨ। ਉਸ ਸਮੇਂ ਫੰਡਾਂ ਦੀ ਘਾਟ ਸੀ। ਸਕੂਲ ਨੂੰ ਗ੍ਰਾਂਟਾਂ ਬਹੁਤ ਘੱਟ ਮਿਲਦੀਆਂ ਸੀ। ਪਿੰਡ ਵਾਸੀ ਰਲਮਿਲ ਕੇ ਪੈਸੇ ਇਕੱਠੇ ਕਰਕੇ ਸਕੂਲ 'ਤੇ ਲਗਾਉਂਦੇ ਸਨ। ਸਮਾਜ ਸੇਵੀਆਂ ਦਾ ਸਕੂਲ ਵਿਚ ਤਕੜਾ ਰੋਲ ਹੁੰਦਾ ਸੀ। ਇੱਕ-ਇੱਕ ਕਰਕੇ ਕਮਰੇ ਉਸਾਰੇ ਜਾਂਦੇ ਸਨ। ਇਮਾਰਤ ਔਖੇ-ਸੌਖੇ ਤਿਆਰ ਕਰ ਲੈਂਦੇ ਸੀ। ਸਕੂਲ ਮੁਖੀਆਂ ਅਤੇ ਅਧਿਆਪਕਾਂ ਦੀ ਟੀਮ ਸਾਰੇ ਰਲਮਿਲ ਕੇ ਕੰਮ ਕਰਦੇ ਸੀ। ਸਾਰਾ ਖਰਚਾ ਪਿੰਡ ਵਾਸੀਆਂ ਦਾ ਹੁੰਦਾ ਸੀ। ਹਰ ਇੱਕ ਨੂੰ ਸਮੇਂ ਸਿਰ ਨਿਬੇੜ ਲੈਂਦੇ ਸੀ। ਬਿਜਲੀ ਦੇ ਚਲੇ ਜਾਣ 'ਤੇ ਕਲਾਸਾਂ ਰੁੱਖਾਂ ਥੱਲੇ ਆ ਜਾਂਦੀਆਂ ਸੀ। ਚੱਕਵੇਂ ਤਿੰਨ ਲੱਤਾਂ ਵਾਲੇ ਬਲੈਕਬੋਰਡ ਵੀ ਦਰੱਖਤਾਂ ਥੱਲੇ ਆ ਜਾਂਦੇ ਸੀ। ਧੜਾਧੜ ਮੈਥ ਦੇ ਸਵਾਲ ਕਰਵਾਏ ਜਾਂਦੇ ਸੀ। ਪ੍ਰਯੋਗ ਵੀ ਦਰੱਖਤਾਂ ਹੇਠਾਂ ਲਿਜਾ ਕੇ ਬੱਚਿਆਂ ਨੂੰ ਕਰਾਏ ਜਾਂਦੇ ਸਨ। ਬਿਜਲੀ ਦੀ ਘਾਟ ਵਿਚ ਹਵਾ ਦੇ ਬੁੱਲਿਆਂ 'ਤੇ ਦਰੱਖਤਾਂ ਥੱਲੇ ਪੀਰੀਅਡ ਲਗਾਉਣ ਦਾ ਵੱਖਰਾ ਹੀ ਆਨੰਦ ਸੀ। ਕਲਾਸਾਂ ਤੋਂ ਵੱਧ ਦਰੱਖਤ ਹੁੰਦੇ ਸੀ। ਕਈ ਅਧਿਆਪਕਾਂ ਨੇ ਜਗ੍ਹਾ ਪੱਕੀ ਮੱਲੀ ਹੁੰਦੀ ਸੀ, ਬਈ ਮੈਂ ਇਥੇ ਹੀ ਆਪਣੇ ਪੀਰੀਅਡ ਲਗਾਉਣੇ ਹਨ। ਮੈਂ ਤਾਂ ਮੈਥ ਦੇ ਤਿੰਨ-ਤਿੰਨ ਪੀਰੀਅਡ ਇਕੱਠੇ ਹੀ ਲਗਾ ਲੈਂਦਾ ਸੀ। ਫਿਰ ਬੱਚਿਆਂ ਨੂੰ ਸਾਹ ਦਿਵਾਉਂਦਾ ਸੀ। ਡਾਕ ਦਾ ਕੰਮ ਬਹੁਤ ਘੱਟ ਸੀ, ਨਾਮਾਤਰ ਸੀ। ਕੋਈ ਜ਼ਰੂਰੀ ਡਾਕ ਆਉਂਦੀ ਸੀ ਤਾਂ ਰਲ ਕੇ ਬਣਾ ਕੇ ਭੇਜ ਦਿੰਦੇ ਸੀ। ਸਾਰਾ ਕੰਮ ਹੱਥੀਂ ਕਰਦੇ ਸੀ। ਕਾਰਬਨ ਪੇਪਰ ਨਾਲ ਇੱਕ ਨਕਲ ਹੋਰ ਬਣਾ ਲੈਂਦੇ ਸੀ। ਘਰੋਂ ਸਾਈਕਲ ਤੇ ਜਾਣਾ, ਫਿਰ ਅੱਗੋਂ ਬੱਸ ਤੇ ਜਾਣਾ ਫਿਰ ਅੱਗੇ ਸਾਈਕਲ 'ਤੇ ਸਕੂਲ ਜਾਣਾ। ਇਸ ਤਰ੍ਹਾਂ ਸਰਦੀਆਂ ਵਿਚ ਸਾਰਾ ਦਿਨ ਲੰਘ ਜਾਂਦਾ ਸੀ।

ਅੱਜ ਦੀ ਸਿੱਖਿਆ ਪ੍ਰਣਾਲੀ ਪੁਰਾਤਨ ਸਮੇਂ ਦੀ ਪ੍ਰਣਾਲੀ ਤੋਂ ਬਹੁਤ ਭਿੰਨ ਹੈ, ਜ਼ਮੀਨ-ਆਸਮਾਨ ਦਾ ਫਰਕ ਹੈ। ਹਰ ਸਮੇਂ ਪੱਖ ਚੰਗੇ-ਮਾੜੇ ਹੁੰਦੇ ਹਨ। ਹੁਣ ਮੋਬਾਇਲ ਅਤੇ ਕੰਪਿਊਟਰ 'ਤੇ ਡਾਕ ਆਉਂਦੀ ਹੈ। ਦਫਤਰਾਂ ਵਿਚ ਜਿੰਨੇ ਮੁਲਾਜ਼ਮ ਓਨੀਆਂ ਹੀ ਡਾਕਾਂ ਆਉਂਦੀਆਂ ਹਨ। ਹੁਣ ਆਈ ਤੇ ਹੁਣੇ ਹੀ ਜਵਾਬ ਦਿਓ। ਡਾਕ ਵਿਚ ਸਮਾਂਬੱਧ ਮਿਤੀਬੱਧ ਲਿਖ ਕੇ ਭੇਜਿਆ ਜਾਂਦਾ ਹੈ। ਸਾਰੇ ਕੰਮ ਛੱਡ ਕੇ ਡਾਕ ਭੇਜਣੀ ਪੈਂਦੀ ਹੈ। ਸਾਨੂੰ ਸਮੇਂ ਦੇ ਹਾਣੀ ਬਣਨਾ ਪੈਣਾ ਹੈ, ਨਹੀਂ ਤਾਂ ਪਿੱਛੇ ਰਹਿ ਜਾਵਾਂਗੇ। ਮਹਿਕਮਾ ਏਹੋ ਜਿਹੇ ਲੇਟਲਤੀਫ ਤੇ ਢਿੱਲੇ ਕੰਮ ਵਾਲਿਆਂ ਨੂੰ ਬਰਦਾਸ਼ਤ ਨਹੀਂ ਕਰਦਾ। ਸਕੂਲ ਦੇ ਕੰਮ ਪੋਰਟਲ 'ਤੇ ਹੁੰਦੇ ਹਨ ਅਤੇ ਸਾਰਾ ਰਿਕਾਰਡ ਦਰਜ ਕੀਤਾ ਜਾਂਦਾ ਹੈ ਤੇ ਇਹ ਕੰਮ ਅਧਿਆਪਕ ਖੁਦ ਕਰਦੇ ਹਨ। ਅਕਸਰ ਸਕੂਲਾਂ ਵਿਚ ਕਲਰਕਾਂ ਦੀ ਘਾਟ ਹੈ, ਫਿਰ ਤਾਂ ਅਜਿਹੇ ਕੰਮ ਖੁਦ ਹੀ ਕਰਨੇ ਪੈਣੇ ਹਨ। ਕਈ ਸਕੂਲ ਅਜਿਹੇ ਹਨ, ਜਿੱਥੇ ਕਲਰਕ ਦੀ ਪੋਸਟ ਹੀ ਨਹੀਂ, ਦੱਸੋ ਉਥੇ ਕਲਰਕ ਕਿਵੇਂ ਆਵੇਗਾ।

ਅਧਿਆਪਕ ਨੂੰ ਪੜ੍ਹਾਈ ਦੇ ਨਾਲ-ਨਾਲ ਹਰ ਤਰ੍ਹਾਂ ਦੇ ਗੈਰ- ਵਿਦਿਅਕ ਕੰਮ ਕਰਨੇ ਪੈਂਦੇ ਹਨ। ਭਾਵੇਂ ਉਹ ਮੋਬਾਇਲਾਂ 'ਤੇ ਕਰੇ, ਭਾਵੇਂ ਕਰੇ ਕੰਪਿਊਟਰ 'ਤੇ, ਭਾਵੇਂ ਹੱਥ ਲਿਖਤ ਹੋਵੇ। ਇਹ ਡਾਕਾਂ ਤੇਜ਼ੀ ਨਾਲ ਆਉਂਦੀਆਂ ਹਨ ਅਤੇ ਉਦੋਂ ਹੀ ਜਵਾਬ ਮੰਗਿਆ ਜਾਂਦਾ ਹੈ। ਡਾਕ ਵਿਚ ਇੱਕ ਲਾਈਨ ਪੱਕੀ ਲਿਖੀ ਹੁੰਦੀ ਹੈ ਕਿ ਜੇ ਡਾਕ ਸਮੇਂ ਸਿਰ ਨਾ ਭੇਜੀ ਤਾਂ ਸਕੂਲ ਮੁਖੀ ਜ਼ੁੰਮੇਵਾਰ ਹੋਵੇਗਾ। ਕਈ ਵਾਰ ਕੰਮਾਂ ਦੀ ਬਹੁਤਾਦ ਕਰਕੇ ਡਾਕ ਭੇਜਣ ਤੋਂ ਰਹਿ ਜਾਂਦੀ ਹੈ। ਇਸ ਤਰ੍ਹਾਂ ਦੇ ਕੇਸਾਂ ਵਿਚ ਜ਼ਿਲ੍ਹਾ ਪੱਧਰ 'ਤੇ ਦਫ਼ਤਰਾਂ ਵਿਚ ਪੁੱਛ-ਪੜਤਾਲ ਕੀਤੀ ਜਾਂਦੀ ਹੈ, ਕਈ ਵਾਰ ਲਿਖ ਕੇ ਲੈਂਦੇ ਹਨ। ਅਫ਼ਸਰ ਵੀ ਰੱਜ ਕੇ ਬੇਇੱਜ਼ਤੀ ਕਰਦੇ ਹਨ। ਸਕੂਲ ਦਾ ਰਿਕਾਰਡ ਸਕੂਲ ਵਿਚ ਮੁਕੰਮਲ ਹੋਣਾ ਚਾਹੀਦਾ ਹੈ, ਉਹਨੂੰ ਆਨਲਾਈਨ ਕਰਨ ਦੀ ਕੋਈ ਜ਼ਰੂਰਤ ਨਹੀਂ ਹੋਣੀ ਚਾਹੀਦੀ। ਇੱਕ ਗੱਲ ਸਮਝ ਨਹੀਂ ਆ ਰਹੀ ਨਾਲੇ ਤਾਂ ਰਜਿਸਟਰਾਂ ਵਿਚ ਰਿਕਾਰਡ ਦਰਜ਼ ਕਰੋ, ਫਿਰ ਆਨਲਾਈਨ ਵੀ ਕਰੋ। ਇਹ ਦੁਕੱਮਣ ਕਿਉਂ ਕਰਾਇਆ ਜਾਂਦਾ ਹੈ। ਇਹ ਫਾਲਤੂ ਦੀਆਂ ਟੱਕਰਾਂ ਮਰਾਉਣ ਦੀ ਪ੍ਰਣਾਲੀ ਲੱਗਦੀ ਜਾਪਦੀ ਹੈ। ਅਧਿਆਪਕਾਂ ਦੀ ਫੌਜ ਸਕੂਲਾਂ ਤੋਂ ਬਾਹਰ ਭੇਜੀ ਹੋਈ ਹੈ। ਉਹ ਅਧਿਆਪਕ ਸਕੂਲ ਅਧਿਆਪਕਾਂ 'ਤੇ ਅਫਸਰ ਲਗਾਏ ਹੋਏ ਹਨ। ਉਹ ਆਪਣੇ ਸਕੂਲ ਦੇ ਬੱਚਿਆਂ ਦੀ ਪੜ੍ਹਾਈ ਛੱਡ ਕੇ ਤੁਰੇ ਫਿਰਦੇ ਹਨ। ਅਧਿਆਪਕ ਅਧਿਆਪਕਾਂ ਨੂੰ ਚੈੱਕ ਕਰਦੇ ਹਨ, ਗਾਈਡ ਕਰਦੇ ਹਨ। ਬਹੁਤੇ ਅਧਿਆਪਕ ਆਪਣੇ ਕੰਮ ਸਮੇਂ ਸਿਰ ਕਰ ਰਹੇ ਹਨ। ਦਾਲ ਵਿਚ ਕੋੜਕੂ ਤਾਂ ਹੁੰਦੇ ਹਨ, ਇਸ ਵਿਚ ਕੋਈ ਸ਼ੱਕ ਨਹੀਂ। ਅੱਜ ਦਾ ਅਧਿਆਪਕ ਸਿੱਖਿਆ ਪ੍ਰਣਾਲੀ ਦੇ ਕਾਰਜਾਂ ਵਿਚ ਉਲਝ ਜਾਂਦਾ ਹੈ। ਦਿਮਾਗੀ ਬੋਝ ਪਾ ਲੈਂਦਾ ਹੈ। ਪੁਰਾਤਨ ਸਮੇਂ ਆਪਣੇ ਆਪ ਸਮੇਂ ਸਿਰ ਡੀ ਏ ਲੱਗਦਾ ਸੀ, ਨਗਦ ਬਕਾਇਆ ਮਿਲਦਾ ਸੀ, ਪਰ ਹੁਣ ਕਈ-ਕਈ ਡੀ ਏ ਲੱਗਣ ਵਾਲੇ ਪਏ ਹਨ, ਜਦੋਂ ਕਿ ਕੇਂਦਰ ਨੇ ਸਭ ਦਿੱਤੇ ਹੋਏ ਹਨ। ਅਜੇ ਤੱਕ ਪੁਰਾਣੇ ਬਕਾਏ ਨਹੀਂ ਦਿੱਤੇ। ਨਵੇਂ ਅਧਿਆਪਕਾਂ ਦੀਆਂ ਤਨਖਾਹਾਂ ਬਹੁਤ ਘੱਟ ਹਨ, ਕੰਮ ਬਹੁਤ ਜ਼ਿਆਦਾ ਹੈ। ਪਹਿਲਾਂ ਪ੍ਰੋਬੇਸ਼ਨ ਪੀਰੀਅਡ ਨਹੀਂ ਹੁੰਦਾ ਸੀ, ਸ਼ੁਰੂ ਵਿਚ ਹੀ ਤਨਖਾਹ ਫਿਕਸ ਹੋ ਜਾਂਦੀ ਸੀ ਉਵੇਂ ਹੀ ਚੱਲੀ ਜਾਂਦੀ ਸੀ। ਅੱਜ ਅਧਿਆਪਕ ਕਈ ਸਾਲ ਮੁੱਢਲੀ ਤਨਖਾਹ 'ਤੇ ਹੀ ਕੰਮ ਕਰ ਰਹੇ ਹਨ, ਫਿਰ ਪ੍ਰੋਬੇਸ਼ਨ ਖਤਮ ਹੋਣ 'ਤੇ ਤਨਖਾਹ ਪੂਰੀ ਮਿਲਦੀ ਹੈ। ਇਹ ਕੋਈ ਚੰਗੀ ਨੀਤੀ ਨਹੀਂ, ਅਧਿਆਪਕ ਦੀ ਤਨਖਾਹ ਨੂੰ ਖੋਰਾ ਲਾਉਣਾ ਮਾੜੀ ਸੋਚ ਦੀ ਨਿਸ਼ਾਨੀ ਹੈ। ਜਿਹੜੇ ਨੀਤੀ ਘਾੜੇ ਹਨ, ਉਨ੍ਹਾਂ ਕਦੇ ਵੀ ਆਪ ਮੁੱਢਲੀ ਤਨਖਾਹ 'ਤੇ ਕੰਮ ਨਹੀਂ ਕੀਤਾ ਹੋਣਾ। ਨਵੇਂ ਅਧਿਆਪਕਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਦੀ ਥਾਂ ਨਵੀਂ ਪੈਨਸ਼ਨ ਸਕੀਮ ਦਿੱਤੀ ਜਾਂਦੀ ਹੈ, ਜਿਹੜੀ ਕਿ ਪਹਿਲਾਂ ਦੇ ਮੁਕਾਬਲੇ ਵਧੀਆ ਨਹੀਂ। ਸੇਵਾਮੁਕਤੀ ਸਮੇਂ ਵੱਧ ਤੋਂ ਵੱਧ 20 ਫੀਸਦੀ ਮਹੀਨੇਵਾਰ ਰਕਮ ਮਿਲਦੀ ਹੈ ਅਤੇ ਬਾਕੀ ਦੇ 80 ਫੀਸਦੀ ਪੈਨਸ਼ਨ ਦੇ ਰੂਪ ਵਿਚ ਮਿਲਦੀ ਹੈ।

ਇੱਕ ਅਧਿਆਪਕ ਮੁੱਢਲੀ ਤਨਖਾਹ 'ਤੇ ਕੰਮ ਕਰੇ ਅਤੇ ਹਾਕਮ ਨੂੰ ਅੱਸੀ ਹਜ਼ਾਰ ਰੁਪਏ ਪ੍ਰਤੀ ਮਹੀਨਾ ਮਿਲਣ, ਇਹ ਗੱਲ ਚੰਗੀ ਨਹੀਂ। ਕਿਸੇ ਸਕੂਲ ਵਿਚ ਅਧਿਆਪਕ ਸੇਵਾਮੁਕਤ ਹੋ ਜਾਵੇ ਤਾਂ ਉਹਦੀ ਥਾਂ ਤੁਰੰਤ ਹੀ ਅਧਿਆਪਕ ਨਿਯੁਕਤ ਹੋ ਜਾਵੇ। ਅਗੇਤੀ ਲਿਸਟ ਤਿਆਰ ਹੋਣੀ ਚਾਹੀਦੀ ਹੈ, ਪੋਸਟ ਖਾਲੀ ਹੋਵੇ ਤੇ ਨਾਲ ਹੀ ਅਗਲੇ ਦਿਨ ਨਵਾਂ ਅਧਿਆਪਕ ਸਕੂਲ ਵਿਚ ਆ ਜਾਵੇ। ਸਕੂਲਾਂ ਦੀਆਂ ਸਾਰੀਆਂ ਪੋਸਟਾਂ ਭਰੀਆਂ ਜਾਣੀਆਂ ਚਾਹੀਦੀਆਂ ਹਨ। ਇੱਕ ਬੱਚਾ ਦੇ ਦੁਆਲੇ ਅਧਿਆਪਕ, ਸਿੱਖਿਆ ਅਫਸਰ, ਮਾਪੇ ਅਤੇ ਸਮਾਜ ਦਾ ਸਹੀ ਯੋਗਦਾਨ ਉਹਦੀਆਂ ਨੀਹਾਂ ਨੂੰ ਮਜ਼ਬੂਤ ਕਰਕੇ ਬੁਲੰਦੀਆਂ 'ਤੇ ਪਹੁੰਚਾ ਸਕਦਾ ਹੈ।

**# ਸੰਪਰਕ : 97810-40140**

# ਕੂੜੇ-ਕਚਰੇ ਦਾ ਨਿਪਟਾਰਾ ਅਤਿ-ਜ਼ਰੂਰੀ



ਨਰਿੰਦਰ ਸਿੰਘ

ਦੇਸ਼ ਵਿੱਚ ਠੋਸ ਕੂੜੇ ਦੀ ਸਮੱਸਿਆ ਇਕ ਬਹੁਤ ਵੱਡੀ ਚੁਣੌਤੀ ਬਣ ਚੁੱਕੀ ਹੈ। ਠੋਸ ਕੂੜੇ ਵਿੱਚ ਵੱਡੀ ਮਾਤਰਾ ਵਿੱਚ ਪਲਾਸਟਿਕ ਦੇ ਪਦਾਰਥ ਮੌਜੂਦ ਹੁੰਦੇ ਹਨ, ਜਿਨ੍ਹਾਂ ਵਿਚ ਜ਼ਿਆਦਾਤਰ ਪੁਰਾਣੀਆਂ ਚੱਪਲਾਂ ਅਤੇ ਪਲਾਸਟਿਕ ਦੇ ਲਿਫ਼ਾਫੇ ਆਦਿ ਸ਼ਾਮਿਲ ਹਨ। ਪਲਾਸਟਿਕ ਅਤੇ ਪੋਲੀਥੀਨ ਦੀ ਵਧੇਰੇ ਵਰਤੋਂ ਨੇ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਤੋਂ ਲੈ ਕੇ ਵੱਡੇ-ਵੱਡੇ ਮਹਾਂਨਗਰਾਂ ਵਿੱਚ ਬਦਬੂਦਾਰ ਕੂੜੇ ਦੇ ਨਵੇਂ ਢੇਰ ਉਸਾਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਕੂੜੇ-ਕਰਕਟ ਨੂੰ ਸੰਭਾਲਣ ਅਤੇ ਇਸ ਦੇ ਨਿਪਟਾਰੇ ਲਈ ਬਣਾਏ 4-ਆਰ ਸਿਧਾਂਤ, ਭਾਵ ਆਪਣੀਆਂ ਲੋੜਾਂ ਨੂੰ ਘਟਾਉਣਾ, ਮੁਰੰਮਤ ਕਰਵਾਉਣਾ, ਮੁੜ ਵਰਤੋਂ ਵਿੱਚ ਲਿਆਉਣਾ ਅਤੇ ਪੁਨਰ ਉਤਪਾਦਨ ਵੀ ਦਮ ਤੋੜ ਰਹੇ ਹਨ।

ਭਾਰਤ ਵਿੱਚ ਪ੍ਰਤੀ ਵਿਅਕਤੀ ਪਲਾਸਟਿਕ ਦੀ ਸਾਲਾਨਾ ਖਪਤ ਲਗਭਗ 11 ਕਿਲੋਗ੍ਰਾਮ ਤੱਕ ਪੁੱਜ ਗਈ ਹੈ। ਆਉਣ ਵਾਲੇ ਸਮੇਂ ਵਿੱਚ ਇਸ ਦੀ ਖਪਤ ਵਿੱਚ ਹੋਰ ਵਾਧਾ ਹੋਣ ਕਾਰਨ ਜ਼ਮੀਨ 'ਤੇ ਜਲ ਭੋਜਨ ਲੜੀਆਂ 'ਤੇ ਵੀ ਸਿੱਧਾ ਪ੍ਰਭਾਵ ਪਵੇਗਾ। ਦੇਸ਼ ਦੇ ਅੱਠ ਹਜ਼ਾਰ ਦੇ ਕਰੀਬ ਸ਼ਹਿਰਾਂ ਅਤੇ ਕਸਬਿਆਂ ਵਿੱਚ ਰਹਿ ਰਹੇ 52 ਕਰੋੜ ਦੇ ਕਰੀਬ ਲੋਕ ਹਰ ਸਾਲ ਅੰਦਾਜ਼ਨ 70 ਮਿਲੀਅਨ ਟਨ ਠੋਸ ਕੂੜਾ ਪੈਦਾ ਕਰ ਰਹੇ ਹਨ। ਇਕ ਅਨੁਮਾਨ ਦੇ ਮੁਤਾਬਕ ਇਸ ਕੂੜੇ ਵਿੱਚੋਂ 45 ਮਿਲੀਅਨ ਟਨ ਕੂੜਾ ਇਕੱਠਾ ਕਰ ਲਿਆ ਜਾਂਦਾ ਹੈ, ਜਿਸ ਦਾ ਮਹਿਜ਼ 20 ਤੋਂ 25 ਫ਼ੀਸਦੀ ਹਿੱਸਾ ਹੀ ਸਹੀ ਤਰੀਕੇ ਨਾਲ ਟਰੀਟਮੈਂਟ ਕਰਕੇ ਟਿਕਾਣੇ ਲਗਾਇਆ ਜਾਂਦਾ ਹੈ ਅਤੇ ਬਾਕੀ ਦੇ ਕੂੜੇ ਨੂੰ ਜਾਂ ਤਾਂ ਜ਼ਮੀਨ ਹੇਠਾਂ ਦਬਾ ਦਿੱਤਾ ਜਾਂਦਾ ਹੈ ਜਾਂ ਫਿਰ ਅੱਗ ਲਗਾ ਦਿੱਤੀ ਜਾਂਦੀ ਹੈ।

ਠੋਸ ਕੂੜੇ ਨੂੰ ਟਿਕਾਣੇ ਲਗਾਉਣਾ ਨਗਰ ਨਿਗਮਾਂ ਅਤੇ ਨਗਰ ਪਾਲਿਕਾਵਾਂ ਦਾ ਇਕ ਅਹਿਮ ਕੰਮ ਬਣ ਗਿਆ ਹੈ। ਵੱਡੇ ਸ਼ਹਿਰਾਂ ਨੂੰ ਛੱਡ ਕੇ ਜ਼ਿਆਦਾਤਰ ਛੋਟੇ ਸ਼ਹਿਰਾਂ ਵਿੱਚ ਸਾਫ਼-ਸਫਾਈ ਦੇ ਹਾਲਤ ਬਹੁਤ ਤਰਸਯੋਗ ਹਨ। ਇਨ੍ਹਾਂ ਸ਼ਹਿਰਾਂ ਵਿੱਚ ਕੂੜੇ ਦੇ ਢੇਰ ਹਰ ਨੁਕਰ, ਕੋਨੇ ਵਿੱਚ ਮਿਲ ਜਾਂਦੇ ਹਨ। ਹਾਲਾਂਕਿ ਹਜ਼ਾਰਾਂ ਦੀ ਗਿਣਤੀ ਵਿੱਚ ਲੋੜਵੰਦ ਮਜ਼ਦੂਰ ਠੋਸ ਕੂੜੇ ਤੋਂ ਵਿਕਣਯੋਗ ਵਸਤਾਂ ਇਕੱਠੀਆਂ ਕਰਕੇ ਆਪਣੀ ਰੋਜ਼ੀ-ਰੋਟੀ ਕਮਾਉਂਦੇ ਹਨ ਅਤੇ ਕੂੜੇ ਨੂੰ ਟਿਕਾਣੇ ਲਗਾਉਣ ਵਿੱਚ ਉਨ੍ਹਾਂ ਦਾ ਵੱਡਾ ਯੋਗਦਾਨ ਹੈ। ਇਹ ਲੋੜਵੰਦ ਮਜ਼ਦੂਰ ਨਗਰ ਪਾਲਿਕਾਵਾਂ ਦਾ ਦਸ ਤੋਂ ਪੰਦਰਾਂ ਫ਼ੀਸਦੀ ਖ਼ਰਚਾ ਬਚਾਉਂਦੇ ਹਨ। ਇਸ ਦੇ ਬਾਵਜੂਦ ਠੋਸ ਕੂੜੇ ਦੀ ਸਮੱਸਿਆ ਇਕ ਵੱਡੀ ਚੁਣੌਤੀ ਵੀ ਬਣ ਚੁੱਕੀ ਹੈ। ਕੂੜੇ-ਕਚਰੇ ਦਾ ਪ੍ਰਬੰਧ ਕਰਨ ਵਿੱਚ ਕੋਈ ਉਚਿਤ ਵਿਵਸਥਾ ਨਾ ਹੋਣ ਕਾਰਨ ਮੁਲਕ ਭਰ ਵਿੱਚ ਕੂੜੇ ਦੇ ਪਹਾੜ ਖੜੇ ਹੋ ਰਹੇ ਹਨ।

ਕੂੜੇ-ਕਚਰੇ ਨੂੰ ਅੱਗ ਲਗਾਏ ਜਾਣ ਦੀਆਂ ਘਟਨਾਵਾਂ ਨੇ ਵੀ ਹਾਲਤ ਵਿਗਾੜ ਦਿੱਤੀ ਹੈ। ਸੜੇ ਹੋਏ ਕੂੜੇ ਕਚਰੇ ਵਿੱਚ ਪਲਾਸਟਿਕ ਅਤੇ ਪੋਲੀਥੀਨ ਦੇ ਵਿਸ਼ੈਲੇ ਕਣ ਹਵਾ ਵਿਚ ਰਲਣ ਨਾਲ ਉਹ ਮਨੁੱਖਾਂ ਅਤੇ ਪਸ਼ੂਆਂ ਦੋਹਾਂ ਲਈ ਘਾਤਕ ਸਿੱਧ ਹੁੰਦੇ ਹਨ। ਇਸ ਨਾਲ ਸਾਹ, ਦਮਾ ਅਤੇ ਕੈਂਸਰ ਜਿਹੇ ਰੋਗਾਂ ਦੇ ਵਧਣ ਦਾ ਖ਼ਤਰਾ ਵਧਦਾ ਹੈ। ਖੁੱਲ੍ਹੇ ਪਏ ਕੂੜੇ ਦੇ ਢੇਰ ਲਗਾਤਾਰ ਮੀਥੇਨ ਗੈਸ ਛੱਡਦੇ ਰਹਿੰਦੇ ਹਨ। ਕੂੜੇ ਦੇ ਢੇਰਾਂ ਉੱਤੇ ਖੁੱਲ੍ਹੇ ਪਏ ਟਾਇਰਾਂ ਵਿੱਚ ਪਾਣੀ ਭਰ ਜਾਣ ਨਾਲ ਮੱਛਰਾਂ ਦੇ ਵਧਣ ਕਰਕੇ ਮਲੇਰੀਆ ਅਤੇ ਡੇਂਗੂ ਵਰਗੀਆਂ ਬਿਮਾਰੀਆਂ ਫੈਲਣ ਦਾ ਖਤਰਾ ਵੀ ਲੋਕਾਂ ਨੂੰ ਸਤਾਉਂਦਾ ਰਹਿੰਦਾ ਹੈ, ਜਿਨ੍ਹਾਂ ਦਾ ਸਾਡੇ ਵਾਤਾਵਰਨ ਅਤੇ ਆਮ ਲੋਕਾਂ ਦੀ ਸਿਹਤ ਉੱਤੇ ਬੇਹੱਦ ਮਾੜਾ ਪ੍ਰਭਾਵ ਪੈਂਦਾ ਹੈ ਤੇ ਪੈ ਰਿਹਾ ਹੈ।

ਸਾਲ 2016 ਵਿੱਚ ਜਾਰੀ ਕੀਤੇ ਠੋਸ ਕੂੜਾ ਪ੍ਰਬੰਧਨ ਨਿਯਮਾਂ ਅਨੁਸਾਰ ਕੂੜੇ ਨੂੰ ਘਰਾਂ ਤੋਂ ਹੀ ਤਿੰਨ ਵੱਖ-ਵੱਖ ਸ਼੍ਰੇਣੀਆਂ ਵਿੱਚ ਵੰਡਣ ਲਈ ਕਿਹਾ ਗਿਆ ਹੈ। ਪਹਿਲੀ ਸ਼੍ਰੇਣੀ ਵਿੱਚ ਰਸੋਈ ਦਾ ਗਿੱਲਾ ਕੂੜਾ, ਦੂਜੀ ਸ਼੍ਰੇਣੀ ਵਿੱਚ ਕਾਗਜ਼ ਅਤੇ ਲੱਕੜ ਆਦਿ ਦਾ ਸੁੱਕਾ ਕੂੜਾ ਅਤੇ ਤੀਸਰੀ ਸ਼੍ਰੇਣੀ ਵਿੱਚ ਰਸਾਇਣਕ ਵਸਤਾਂ ਵਾਲਾ ਜ਼ਹਿਰੀਲਾ ਕੂੜਾ। ਨਿਯਮਾਂ ਵਿੱਚ ਹਸਪਤਾਲਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਟਰੀਟਮੈਂਟ ਪਲਾਂਟ ਰਾਹੀਂ ਕੂੜੇ ਨੂੰ ਨਿਪਟਾਉਣ ਲਈ ਸਥਾਨਕ ਨਗਰ ਕੌਂਸਲ ਦੀ ਮਦਦ ਕਰਨ। ਨਗਰ ਕੌਂਸਲਾਂ ਨੂੰ ਕੂੜੇ-ਕਰਕਟ ਦੇ ਨਿਪਟਾਰੇ ਲਈ ਗੈਰ-ਰਸਮੀ ਭਾਵ ਕੂੜੇ ਦੇ ਢੇਰਾਂ ਤੋਂ ਕੂੜਾ ਚੁੱਕ ਕੇ ਆਪਣੀ ਰੋਜ਼ੀ-ਰੋਟੀ ਕਮਾਉਣ ਵਾਲੇ ਲੋਕਾਂ ਦੀ ਮਦਦ ਕਰਨ ਲਈ ਵੀ ਕਿਹਾ ਗਿਆ ਹੈ। ਪ੍ਰਸ਼ਾਸਨ ਨੂੰ ਅੱਗ ਲਗਾਉਣ ਵਾਲਿਆਂ ਨੂੰ ਜੁਰਮਾਨੇ ਦੇ ਨਿਰਦੇਸ਼ ਵੀ ਦਿੱਤੇ ਗਏ, ਪਰੰਤੂ ਨੌਂ ਸਾਲ ਬਾਅਦ ਵੀ ਹਾਲਾਤ ਜਿਉਂ ਦੇ ਤਿਉਂ ਬਣੇ ਹੋਏ ਹਨ।।

ਭਾਰਤ ਦੁਨੀਆ ਦੇ ਉਨ੍ਹਾਂ ਪੰਜ ਪ੍ਰਮੁੱਖ ਦੇਸ਼ਾਂ ਵਿੱਚੋਂ ਇਕ ਹੈ, ਜੋ ਵੱਡੀ ਮਾਤਰਾ ਵਿੱਚ ਸਿੰਗਲ ਯੂਜ਼ ਪਲਾਸਟਿਕ ਕੂੜਾ ਪੈਦਾ ਕਰਦਾ ਹੈ। ਭਾਰਤ ਸਰਕਾਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਇਕ ਜੁਲਾਈ 2022 ਨੂੰ ਸਿੰਗਲ ਯੂਜ਼ ਪਲਾਸਟਿਕ 'ਤੇ ਪਾਬੰਦੀ ਲਗਾਉਣ ਦਾ ਅਹਿਮ ਫੈਸਲਾ ਲਿਆ ਸੀ। ਭਾਰਤ ਸਰਕਾਰ ਨੇ ਪਿਛਲੇ ਇਕ ਦਹਾਕੇ ਦੌਰਾਨ ਪਲਾਸਟਿਕ ਪ੍ਰਦੂਸ਼ਣ ਨੂੰ ਕਾਬੂ ਕਰਨ ਲਈ ਕਈ ਹੋਰ ਮਹੱਤਵਪੂਰਨ ਕਦਮ ਚੁੱਕੇ ਸਨ। ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਸਾਲ 2025 ਦਾ ਥੀਮ ਵੀ ਧਰਤੀ ਨੂੰ ਪਲਾਸਟਿਕ ਤੋਂ ਮੁਕਤ ਕਰਨਾ ਹੀ ਰੱਖਿਆ ਗਿਆ ਹੈ। ਲਗਾਤਾਰ ਵਧ ਰਹੇ ਪਲਾਸਟਿਕ ਪ੍ਰਦੂਸ਼ਣ ਨੇ ਸਾਡੀ ਵਾਤਾਵਰਨ ਪ੍ਰਣਾਲੀ ਤੇ ਭੋਜਨ ਲੜੀ ਨੂੰ ਵਿਗਾੜ ਦਿੱਤਾ ਹੈ। ਦੁਨੀਆ ਭਰ ਵਿੱਚ 267 ਤੋਂ ਵੱਧ ਜੀਵ ਪ੍ਰਜਾਤੀਆਂ ਪਲਾਸਟਿਕ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਤੋਂ ਪ੍ਰਭਾਵਤ ਹਨ।

ਸ਼ਹਿਰਾਂ ਲਈ ਸਮੱਸਿਆ ਦਾ ਪਹਾੜ ਬਣ ਚੁੱਕੇ ਕੂੜੇ ਦੇ ਨਿਪਟਾਰੇ ਲਈ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਨੇ ਮਹੱਤਵਪੂਰਨ ਕਦਮ ਉਠਾਇਆ ਹੈ। ਕੂੜੇ ਵਿੱਚੋਂ ਵੱਡੀ ਮਾਤਰਾ ਵਿਚ ਨਿਕਲਣ ਵਾਲੀ ਮਿੱਟੀ ਦਾ ਇਸਤੇਮਾਲ ਰਾਸ਼ਟਰੀ ਰਾਜ ਮਾਰਗਾਂ ਦੇ ਨਿਰਮਾਣ ਵਿੱਚ ਕਰਨ ਦੇ ਨਾਲ ਹੀ ਸੂਬਿਆਂ ਨੂੰ ਵੀ ਕਿਹਾ ਹੈ ਕਿ ਉਹ ਵੀ ਸੜਕਾਂ ਦੇ ਨਿਰਮਾਣ ਵਿੱਚ ਇਸ ਦੀ ਵਰਤੋਂ ਕਰ ਸਕਦੇ ਹਨ। ਸਰਕਾਰ ਦਾ ਮੁਲਾਂਕਣ ਹੈ ਕਿ ਮੌਜੂਦਾ ਸਮੇਂ ਵਿੱਚ ਲਗਭਗ ਸਤਾਰਾਂ ਸੌ ਲੱਖ ਟਨ ਕੂੜਾ ਤੇਈ ਸੌ ਚਾਰ ਲੈਂਡਫਿਲ ਸਾਈਟਾਂ 'ਤੇ ਇਕੱਠਾ ਹੈ। ਇਸ ਕਾਰਨ ਲਗਭਗ ਦਸ ਹਜ਼ਾਰ ਹੈਕਟੇਅਰ ਜ਼ਮੀਨ ਘਿਰੀ ਹੋਈ ਹੈ। ਇਸ ਨੂੰ ਦੇਖਦੇ ਹੋਏ ਹੀ ਗਤੀ ਸ਼ਕਤੀ ਮੁਹਿੰਮ ਦੇ ਤਹਿਤ ਹਾਈਵੇ ਨਿਰਮਾਣ ਨੂੰ ਸਵੱਛ ਭਾਰਤ ਮਿਸ਼ਨ 20 ਨਾਲ ਜੋੜਿਆ ਗਿਆ ਹੈ। ਹਾਈਵੇ ਨਿਰਮਾਣ ਲਈ ਵੱਡੇ ਪੱਧਰ 'ਤੇ ਖੇਤਾਂ ਵਿੱਚੋਂ ਮਿੱਟੀ ਲੈਣੀ ਪੈਂਦੀ ਹੈ। ਠੋਸ ਕੂੜੇ ਦੀ ਵਰਤੋਂ ਕਰਕੇ ਇਸ ਤੋਂ ਕਾਫ਼ੀ ਹੱਦ ਤੱਕ ਬਚਿਆ ਜਾ ਸਕਦਾ ਹੈ। ਠੋਸ ਕੂੜੇ ਦੀ ਪ੍ਰੋਸੈਸਿੰਗ ਨਾਲ ਨਿਕਲਣ ਵਾਲੀ ਮਿੱਟੀ ਰਾਹੀਂ ਹਾਈਵੇ ਨਿਰਮਾਣ ਦੇ ਦੋ ਪਾਇਲਟ ਪ੍ਰਾਜੈਕਟ ਸਫਲ ਹੋ ਚੁੱਕੇ ਹਨ। ਹੁਣ ਇਸ ਪ੍ਰਕਿਰਿਆ ਨੂੰ ਹਰ ਹਾਈਵੇ ਦੇ ਨਿਰਮਾਣ ਵਿੱਚ ਅਪਣਾਇਆ ਜਾਵੇਗਾ।

ਕੂੜਾ ਪ੍ਰਬੰਧਨ ਲਈ ਨਵੇਂ ਬਣਾਏ ਕਾਨੂੰਨਾਂ ਤਹਿਤ ਭਾਰਤ ਸਰਕਾਰ ਨੇ ਐਕਸਟੈਂਡਡ ਪ੍ਰੋਡਿਊਸਰਜ਼ ਰਿਸਪਾਂਸੀਬਿਲਟੀਜ਼ (ਈ ਪੀ ਆਰ) ਨੂੰ ਉਤਸ਼ਾਹਤ ਕੀਤਾ ਹੈ, ਜੋ ਉਤਪਾਦਾਂ ਦੇ ਪੈਕੇਜਿੰਗ ਕੂੜੇ ਦੀ ਸਹੀ ਇਕੱਤਰਤਾ, ਰੀਸਾਈਕਲਿੰਗ ਤੇ ਨਿਪਟਾਰੇ 'ਤੇ ਕੇਂਦਰਤ ਹੈ। ਈ ਪੀ ਆਰ ਨਿਯਮਾਂ ਦੇ ਤਹਿਤ ਸਰਕਾਰ ਨੇ ਨਵੇਂ ਉਤਪਾਦਾਂ ਦੇ ਨਿਰਮਾਣ ਦੌਰਾਨ ਰੀਸਾਈਕਲ ਕੀਤੀ ਸਮੱਗਰੀ ਦਾ ਸ਼ੁਰੂਆਤੀ ਟੀਚਾ 30 ਫ਼ੀਸਦ ਨਿਰਧਾਰਤ ਹੈ, ਜਿਸ ਦੇ 2028 ਤੱਕ 60 ਫ਼ੀਸਦ ਤੱਕ ਪਹੁੰਚਣ ਲਈ 10 ਫ਼ੀਸਦੀ ਦਾ ਸਾਲਾਨਾ ਵਾਧਾ ਕਰਨ ਦੀ ਵਿਵਸਥਾ ਵੀ ਕੀਤੀ ਗਈ ਹੈ। ਇਹ ਨਿਯਮ ਪਲਾਸਟਿਕ ਕੂੜੇ ਦੀ ਸਮੱਸਿਆ ਨੂੰ ਕਾਬੂ ਕਰਨ ਵਿੱਚ ਅਹਿਮ ਯੋਗਦਾਨ ਦੇਣਗੇ। ਦੁਨੀਆ ਭਰ ਵਿੱਚ ਹਰ ਸਾਲ ਲੱਖਾਂ ਲੋਕ ਹਵਾ ਜਾਂ ਪਾਣੀ ਦੇ ਪ੍ਰਦੂਸ਼ਣ ਕਾਰਨ ਮੌਤ ਦਾ ਸ਼ਿਕਾਰ ਬਣਦੇ ਹਨ। ਅਜਿਹੀ ਸਥਿਤੀ ਵਿੱਚ ਸਾਡਾ ਵਾਤਾਵਰਨ ਨਾਲੋਂ ਟੁੱਟ ਰਿਹਾ ਰਿਸ਼ਤਾ ਨਾ ਸਿਰਫ ਧਰਤੀ ਲਈ ਸਗੋਂ ਮਨੁੱਖੀ ਜੀਵਨ ਲਈ ਵੀ ਖ਼ਤਰਾ ਬਣ ਚੁੱਕਾ ਹੈ। ਵਾਤਾਵਰਨ ਨਾਲ ਸਾਡਾ ਰਿਸ਼ਤਾ ਸਿਰਫ ਜੀਵਨ ਦੀ ਲੋੜ ਹੀ ਨਹੀਂ, ਸਗੋਂ ਸਾਡੀ ਪਛਾਣ, ਸੰਸਕ੍ਰਿਤੀ ਅਤੇ ਸਾਡਾ ਭਵਿੱਖ ਹੈ। ਸਾਨੂੰ ਇਸ ਰਿਸ਼ਤੇ ਨੂੰ ਨਿਭਾਉਣ, ਸਾਂਭਣ ਦੇ ਨਾਲ-ਨਾਲ ਮਜ਼ਬੂਤ ਕਰਨਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਕ ਹਰੇ-ਭਰੇ ਸੰਸਾਰ ਵਿੱਚ ਸਾਹ ਲੈ ਸਕਣ।

**# ਸੰਪਰਕ : 98146-62260**

9-JULY-PAGE-5.qxd 7/8/2025 10:29 PM Page 1



# ਕੇਂਦਰ ਦੀਆਂ ਮਾਰੂ ਨੀਤੀਆਂ ਕਾਰਨ ਆਮ ਜਨਤਾ ਭੁੱਖਮਰੀ ਦੀ ਕਗਾਰ 'ਤੇ ਪਹੁੰਚੀ : ਧਾਲੀਵਾਲ

**ਕਾਮਰੇਡ ਭਿੰਦਰ ਸਿੰਘ, ਅਜੈਬ ਸਿੰਘ ਤੇ ਧਰਮ ਸਿੰਘ ਦੀ ਯਾਦ 'ਚ ਸਨਮਾਨ ਸਮਾਰੋਹ**



**ਸੰਗਰੂਰ (ਪ੍ਰਵੀਨ ਸਿੰਘ)**-ਪੀ.ਆਰ.ਟੀ. ਸੀ. ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ (ਏਟਕ) ਸੰਗਰੂਰ ਵੱਲੋਂ ਆਪਣੇ ਵਿੱਛੜੇ ਸਾਥੀਆਂ ਕਾਮਰੇਡ ਭਿੰਦਰ ਸਿੰਘ ਪ੍ਰਧਾਨ, ਸਾਥੀ ਅਜੈਬ ਸਿੰਘ ਲੌਂਗੋਵਾਲ ਤੇ ਸਾਥੀ ਧਰਮ ਸਿੰਘ ਲਸੋਈ ਦੀ ਯਾਦ ਵਿੱਚ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਤੇ ਸਮਾਰੋਹ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸਾਥੀ ਨਿਰਮਲ ਸਿੰਘ ਧਾਲੀਵਾਲ, ਜਨਰਲ ਸਕੱਤਰ ਪੰਜਾਬ ਏਟਕ, ਸਾਥੀ ਪ੍ਰੀਤਮ ਸਿੰਘ, ਐੱਲ. ਐੱਲ. ਬੀ. ਬਠਿੰਡਾ, ਸੁਖਦੇਵ ਸ਼ਰਮਾ ਵਰਕਿੰਗ ਪ੍ਰਧਾਨ ਪੰਜਾਬ ਏਟਕ, ਸਾਥੀ ਉੱਤਮ ਸਿੰਘ ਬਾਗੜੀ, ਪ੍ਰਧਾਨ ਭਾਈਚਾਰਾ ਯੂਨੀਅਨ, ਸਾਥੀ ਸੁਖਦੇਵ ਰਾਮ ਸੁੱਖੀ, ਸਾਥੀ ਦਲਜੀਤ ਸਿੰਘ ਮੋਗਾ ਪ੍ਰਧਾਨ, ਪੀ.ਆਰ. ਟੀ.ਸੀ. ਵਰਕਰਜ਼ ਯੂਨੀਅਨ ਏਟਕ ਸਾਥੀ ਅਲੀ ਮੁਹੰਮਦ ਪ੍ਰਧਾਨ, ਭਾਈਚਾਰਾ ਯੂਨੀਅਨ ਸੰਗਰੂਰ, ਸਾਥੀ ਜੀਵਨ ਸਿੰਘ ਪ੍ਰਧਾਨ, ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਸੰਗਰੂਰ, ਸਾਥੀ ਮੇਲਾ ਸਿੰਘ ਪੂਨਾਵਾਲ, ਪੀ ਐੱਸ ਐੱਸ ਐੱਫ ਸੰਗਰੂਰ ਤੇ ਸਾਥੀ ਰਾਮ ਸਰੂਪ ਨੇ ਕੀਤੀ। ਸਾਥੀ ਮੁਹੰਮਦ ਖਲੀਲ ਜਨਰਲ ਸਕੱਤਰ ਭਾਈਚਾਰਾ ਯੂਨੀਅਨ ਨੇ ਵਿੱਛੜੇ ਸਾਥੀਆਂ ਵੱਲੋਂ ਮਹਿਕਮੇ ਤੇ ਜਥੇਬੰਦੀ ਵਿੱਚ ਪਾਏ ਗਏ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਜਥੇਬੰਦੀ ਦੇ ਸਿਰਮੌਰ ਤੇ ਨਿੱਧੜਕ ਆਗੂ ਸਨ। ਸਾਥੀ ਭਿੰਦਰ ਸਿੰਘ ਦੀ ਪਹਿਚਾਣ ਹੀ ਪ੍ਰਧਾਨ ਦੇ ਨਾਮ ਨਾਲ ਸੀ। ਉਹ ਪੀ ਆਰ ਟੀ ਸੀ ਦੇ ਜਿਹੜੇ ਵੀ ਡੀਪੂ ਵਿੱਚ ਗਏ, ਉੱਥੇ ਪ੍ਰਧਾਨ ਹੀ ਬਣਦੇ ਰਹੇ ਵਰਕਰਾਂ ਦੇ ਹੱਕਾਂ ਲਈ ਉਨ੍ਹਾਂ ਵੱਲੋਂ ਬਹੁਤ ਲੜਾਈਆਂ ਲੜੀਆਂ ਗਈਆਂ ਅਤੇ ਕਈ ਵੱਡੇ ਵੱਡੇ ਸੰਘਰਸ਼ਾਂ ਵਿੱਚ ਮਜ਼ਦੂਰਾਂ ਦੀਆਂ ਮੰਗਾਂ ਲਈ ਸੰਘਰਸ਼ਾਂ ਵਿੱਚ ਹਿਸਾ ਪਾਇਆ ਅਤੇ ਜਿੱਤ ਹਾਸਲ ਕੀਤੀ। ਮਹਿਕਮਾ ਪੀਆਰਟੀਸੀ ਦੀ ਹਿਫਾਜ਼ਤ ਲਈ ਉਹ ਨਿੱਜੀ ਟਰਾਂਸਪੋਰਟ ਮਾਫੀਆ ਨਾਲ ਬੇਖੌਫ ਸਿੱਧੀ ਟੱਕਰ ਲੈਂਦੇ ਰਹੇ। ਇਸੇ ਤਰ੍ਹਾਂ ਸਾਥੀ ਅਜੈਬ ਸਿੰਘ ਲੌਂਗੋਵਾਲ ਬੜੇ ਇਮਾਨਦਾਰ ਨਿੱਘੇ ਸੁਭਾਅ ਦੇ ਅਤੇ ਲੋਕ ਸੰਘਰਸ਼ਾਂ ਦੇ ਹਮਦਰਦ ਸਨ, ਕਿਸਾਨੀ ਸੰਘਰਸ ਜੋ ਦਿੱਲੀ ਦੀਆਂ ਬਰੂਹਾਂ 'ਤੇ 13 ਮਹੀਨੇ ਲੜਿਆ ਗਿਆ, ਉਸ ਸੰਘਰਸ਼ ਵਿੱਚ ਉਨ੍ਹਾਂ ਵੱਲੋਂ ਬਹੁਤ ਵੱਡਾ ਯੋਗਦਾਨ ਪਾਇਆ ਗਿਆ। ਇਸੇ ਤਰ੍ਹਾਂ ਸਾਥੀ ਧਰਮ ਸਿੰਘ ਲਸੋਈ ਇੱਕ ਬਹੁਤ ਹੀ ਮਿੱਠ ਬੋਲੜੇ, ਨਿੱਘੇ ਸੁਭਾਅ ਤੇ ਇਮਾਨਦਾਰ ਵਿਅਕਤੀ ਸਨ। ਇਹ ਸਾਰੇ ਸਾਥੀ ਹਮੇਸ਼ਾ ਜਥੇਬੰਦੀ ਦੀ ਬਿਹਤਰੀ ਲਈ ਕੰਮ ਕਰਦੇ ਰਹੇ।

ਸਾਥੀ ਨਿਰਮਲ ਸਿੰਘ ਧਾਲੀਵਾਲ ਤੇ ਪ੍ਰੀਤਮ ਸਿੰਘ ਨੇ ਆਪਣੇ ਭਾਸ਼ਣਾਂ ਵਿੱਚ ਕੌਮੀ ਤੇ ਕੌਮਾਂਤਰੀ ਪੱਧਰ ਦੀ ਰਾਜਨੀਤੀ ਦਾ ਲੇਖਾ ਜੋਖਾ ਕਰਦਿਆਂ ਦੱਸਿਆ ਕਿ ਇਸ ਸਮੇਂ ਭਾਰਤ ਤੇ ਸਮੁੱਚੇ ਸੰਸਾਰ ਵਿੱਚ ਮੁੱਠੀ ਭਰ ਲੋਕਾਂ ਕੋਲ ਧਨ ਇਕੱਠਾ ਹੁੰਦਾ ਜਾ ਰਿਹਾ ਹੈ ਅਤੇ ਆਮ ਜਨਤਾ ਭੁੱਖ ਮਰੀ ਦੀ ਕਗਾਰ 'ਤੇ ਪਹੁੰਚ ਗਈ ਹੈ। ਪੰਜਾਬ ਦੀ ਆਪ ਦੀ ਸਰਕਾਰ ਵੀ ਕਿਸੇ ਤੋਂ ਘੱਟ ਨਹੀਂ। ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ, ਛੋਟੇ ਵਪਾਰੀਆਂ ਤੇ ਹੋਰ ਮਿਹਨਤੀ ਕਿਰਤੀ ਲੋਕਾਂ ਨਾਲ ਸ਼ਰੇਆਮ ਧੱਕਾ ਹੋ ਰਿਹਾ ਹੈ, ਹਰ ਕਿਸਮ ਦੇ ਮਾਫੀਏ ਧੜੱਲੇ ਨਾਲ ਦਨਦਨਾਉਂਦੇ ਫਿਰ ਰਹੇ ਹਨ। ਪਿਛਲੇ 13 ਸਾਲਾਂ ਤੋਂ ਮਜ਼ਦੂਰਾਂ ਦੇ ਘੱਟੋ ਘੱਟ ਉਜ਼ਰਤ ਵਿੱਚ ਕੋਈ ਵਾਧਾ ਨਹੀਂ ਕੀਤਾ। ਕੇਂਦਰ ਦੀ ਲੋਕ ਵਿਰੋਧੀ ਸਰਕਾਰ ਵੱਲੋਂ 29 ਲੇਬਰ ਕਾਨੂੰਨ, ਜੋ ਪਿਛਲੇ ਸਮੇਂ ਮਜ਼ਦੂਰ ਜਮਾਤ ਵੱਲੋਂ ਲੜ ਕੇ ਲਏ ਗਏ ਸਨ, ਉਨ੍ਹਾਂ ਨੂੰ ਕੇਂਦਰੀ ਸਰਕਾਰ ਨੇ ਚਾਰ ਕੋਡਾਂ ਵਿੱਚ ਬਦਲ ਕੇ ਡਿਊਟੀ ਸਮਾਂ ਅੱਠ ਘੰਟੇ ਤੋਂ 12 ਘੰਟੇ ਕਰ ਦਿੱਤਾ ਗਿਆ ਤੇ ਉਜ਼ਰਤ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਇਸੇ ਤਰ੍ਹਾਂ ਕਿਸਾਨੀ ਕਾਨੂੰਨਾਂ ਨੂੰ ਨਵੀਂ ਰੰਗਤ ਦੇ ਕੇ ਨਵੇਂ ਢੰਗ ਤਰੀਕੇ ਨਾਲ ਕਿਸਾਨੀ ਤੋਂ ਜ਼ਮੀਨਾਂ ਖੋਹਣ ਦਾ ਰਸਤਾ ਸਾਫ ਕਰ ਲਿਆ ਗਿਆ ਹੈ। ਆਉਣ ਵਾਲੇ ਦਿਨਾਂ ਵਿੱਚ ਅਮਰੀਕਾ ਨਾਲ ਨਵੇਂ ਫਰੀ ਟਰੇਡ ਐਗਰੀਮੈਂਟ ਦੀ ਨੀਤੀ ਤਹਿਤ ਸਮਝੌਤਾ ਕਰਕੇ ਇਥੋਂ ਦੇ ਅਵਾਮ ਨੂੰ ਨਰਕ ਵੱਲ ਧੱਕਿਆ ਜਾ ਰਿਹਾ ਹੈ। ਖੇਤੀ ਤੇ ਡੇਅਰੀ 'ਤੇ ਅਮਰੀਕੀ ਤੇ ਵਿਦੇਸ਼ੀ ਕਾਬਜ਼ ਹੋ ਜਾਣਗੇ। ਕੇਂਦਰ ਦੀਆਂ ਇਨ੍ਹਾਂ ਨੀਤੀਆਂ ਦੇ ਖਿਲਾਫ 9 ਜੁਲਾਈ ਨੂੰ ਦੇਸ਼ ਵਿਆਪੀ ਹੜਤਾਲ ਹੋ ਰਹੀ ਹੈ, ਉਸ ਵਿੱਚ ਸਾਰੇ ਸਾਥੀਆਂ ਤੇ ਆਮ ਲੋਕਾਂ ਨੂੰ ਸ਼ਾਮਲ ਹੋ ਕੇ ਇਨ੍ਹਾਂ ਨੀਤੀਆਂ ਦਾ ਵਿਰੋਧ ਕਰਨਾ ਚਾਹੀਦਾ। ਇਸ ਸਮੇਂ ਵੱਖ ਵੱਖ ਬੁਲਾਰਿਆਂ ਨੇ ਬੋਲਦੇ ਸਮੇਂ 9 ਜੁਲਾਈ ਦੀ ਹੜਤਾਲ ਸਾਮਲ ਹੋਣ ਦਾ ਸੱਦਾ ਦਿੱਤਾ।

ਇਸ ਸਮੇਂ ਪੈਪਸੀਕੋ ਤੋਂ ਹਰਿੰਦਰ ਸਿੰਘ ਸਕੱਤਰ ਤੇ ਪ੍ਰਧਾਨ ਸਾਥੀ ਬਿਕਰਮਜੀਤ ਸਿੰਘ, ਜੀ ਜੀ ਪੀ ਐੱਸ ਤੋਂ ਸਾਥੀ ਸੁੰਦਰਪਾਲ ਤੇ ਸੁਖਵਿੰਦਰ ਸਿੰਘ, ਭਦੌੜ ਤੋਂ ਬਾਬਾ ਗਾਂਧਾ ਸਿੰਘ ਸਕੂਲ ਦੀ ਯੂਨੀਅਨ ਦੇ ਸਾਥੀ ਜੀਵਨ ਸਿੰਘ ਇਸ ਸਮਾਗਮ ਵਿੱਚ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ 'ਚ ਹਾਜ਼ਰ ਹੋਏ। ਇਨ੍ਹਾਂ ਤੋਂ ਇਲਾਵਾ ਇਸ ਸਮਾਗਮ ਵਿੱਚ ਸਾਥੀ ਦਰਸ਼ਨ ਸਿੰਘ ਸਜੂਮਾ, ਪਿਆਰਾ ਸਿੰਘ, ਪੁਰਸ਼ੋਤਮ ਦਾਸ, ਦਰਸ਼ਨ ਸਿੰਘ ਧੂਰੀ, ਬਲਵੀਰ ਸਿੰਘ ਸੂਲਰ, ਸੰਦੀਪ ਸਿੰਘ, ਕਰਮਜੀਤ ਸਿੰਘ ਤੇ ਹੋਰ ਸਾਥੀ ਵੱਡੀ ਗਿਣਤੀ 'ਚ ਹਾਜ਼ਰ ਹੋਏ। ਅੰਤ ਵਿੱਚ ਵਿੱਛੜੇ ਸਾਥੀਆਂ ਦੇ ਪਰਵਾਰਾਂ ਨੂੰ ਸਨਮਾਨਤ ਕੀਤਾ ਗਿਆ। ਅੰਤ ਵਿੱਚ ਆਏ ਸਾਥੀਆਂ ਦਾ ਸਾਥੀ ਉੱਤਮ ਸਿੰਘ ਬਾਗੜੀ ਨੇ ਧੰਨਵਾਦ ਕੀਤਾ।

## ਸੜਕ ਹਾਦਸੇ 'ਚ ਦੋ ਪ੍ਰਵਾਸੀ ਮਜ਼ਦੂਰਾਂ ਦੀ ਮੌਤ



**ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੀ. ਟੀ. ਰੋਡ ਮੰਡੀ ਗੋਬਿੰਦਗੜ੍ਹ ਵਿਖੇ ਤੇਜ਼ ਰਫਤਾਰ ਟਰਾਲੇ ਦੀ ਲਪੇਟ ਵਿੱਚ ਆਉਣ ਕਾਰਨ ਬਿਹਾਰੀ ਮੂਲ ਦੇ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੇ ਇੱਕ ਜਾਣਕਾਰ ਨੇ ਦੱਸਿਆ ਕਿ ਸ਼ਿਵ ਚੰਦ ਤੇ ਅਮਰੇਸ ਕੁਮਾਰ, ਜੋ ਕਿ ਮੰਡੀ ਗੋਬਿੰਦਗੜ੍ਹ ਦੇ ਫੋਕਲ ਪੁਆਇੰਟ ਇਲਾਕੇ ਦੀ ਇੱਕ ਫੈਕਟਰੀ ਵਿੱਚ ਕੰਮ ਕਰਦੇ ਸਨ, ਕੰਮ ਤੋਂ ਬਾਅਦ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਿਸੇ ਕੰਮ ਲਈ ਸਰਹਿੰਦ ਜਾ ਰਹੇ ਸਨ, ਜਿਵੇਂ ਹੀ ਦੋਵੇਂ ਸਰਦਾਰ ਨਗਰ ਕੱਟ ਨਜ਼ਦੀਕ ਪੁੱਜੇ ਤਾਂ ਪਿੱਛੋਂ ਆ ਰਹੇ ਇੱਕ ਤੇਜ਼ ਰਫਤਾਰ ਟਰਾਲੇ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਫੇਟ ਮਾਰ ਦਿੱਤੀ, ਜਿਸ ਕਾਰਨ ਸੜਕ 'ਤੇ ਡਿੱਗੇ ਸ਼ਿਵ ਚੰਦ (28) ਤੇ ਅਮਰੇਸ ਕੁਮਾਰ (22) ਉਕਤ ਟਰਾਲੇ ਦੇ ਟਾਇਰਾਂ ਥੱਲੇ ਆ ਗਏ ਤੇ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੰਡੀ ਗੋਬਿੰਦਗੜ੍ਹ ਦੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਇਸ ਹਾਦਸੇ ਵਿੱਚ ਸ਼ਿਵ ਚੰਦਰ ਕੁਮਾਰ ਤੇ ਅਮਰੇਸ ਕੁਮਾਰ ਦੀ ਮੌਤ ਹੋ ਗਈ ਹੈ, ਜਿਨ੍ਹਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਮੰਡੀ ਗੋਬਿੰਦਗੜ੍ਹ ਦੀ ਮੋਰਚਰੀ ਵਿੱਚ ਰਖਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਟਰਾਲੇ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਹੈ, ਜਦੋਂਕਿ ਟਰਾਲੇ ਦਾ ਚਾਲਕ ਹਾਦਸਾ ਵਾਪਰਨ ਉਪਰੰਤ ਮੌਕੇ ਤੋਂ ਫਰਾਰ ਹੋਣ ਵਿੱਚ ਸਫਲ ਹੋ ਗਿਆ। ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ 'ਤੇ ਟਰਾਲਾ ਨੰਬਰੀ-61-6888 ਦੇ ਨਾ-ਮਾਲੂਮ ਡਰਾਈਵਰ ਖਿਲਾਫ ਕੇਸ ਦਰਜ ਕਰਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਗੈਂਗਸਟਰਾਂ ਨੇ ਪੰਜਾਬੀਆਂ ਤੋਂ ਹਜ਼ਾਰਾਂ ਕਰੋੜ ਫ਼ਿਰੌਤੀਆਂ ਵਸੂਲ ਕੇ ਲੁੱਟਿਆ, ਪਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕੀ : ਰਾਜਾ ਵੜਿੰਗ

**ਜ਼ੇਰੇ ਇਲਾਜ ਡਾ. ਅਨਿਲਜੀਤ ਕੰਬੋਜ ਦਾ ਹਾਲ-ਚਾਲ ਪੁੱਛਣ ਲਈ ਮੋਗਾ ਪੁੱਜੇ ਕਾਂਗਰਸ ਸੂਬਾ ਪ੍ਰਧਾਨ**



**ਮੋਗਾ (ਇਕਬਾਲ ਸਿੰਘ ਖਹਿਰਾ)**-ਗੈਂਗਸਟਰਾਂ ਨੇ ਪੰਜਾਬੀਆਂ ਤੋਂ ਹਜ਼ਾਰਾਂ ਕਰੋੜ ਫ਼ਿਰੌਤੀਆਂ ਵਸੂਲ ਕੇ ਲੁੱਟਿਆ, ਪਰ ਪੰਜਾਬ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਪ੍ਰਦੇਸ ਕਾਂਗਰਸ ਦੇ ਪ੍ਰਧਾਨ ਤੇ ਲੁਧਿਆਣਾ ਤੋਂ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬੀ ਫਿਲਮਾਂ ਦੀ ਅਦਾਕਾਰਾ ਤਾਨੀਆ ਦੇ ਪਿਤਾ ਡਾ. ਅਨਿਲਜੀਤ ਕੰਬੋਜ, ਜਿਨ੍ਹਾਂ ਨੂੰ ਪਿਛਲੇ ਦਿਨੀਂ ਕੋਟ ਈਸੇ ਖਾਂ ਉਨ੍ਹਾਂ ਦੇ ਹਸਪਤਾਲ ਵਿੱਚ ਦਿਨ ਦਿਹਾੜੇ ਗੋਲੀਆਂ ਮਾਰ ਕੇ ਗੰਭੀਰ ਜ਼ਖਮੀ ਕੀਤਾ ਗਿਆ ਸੀ, ਉਨ੍ਹਾਂ ਦਾ ਹਾਲ-ਚਾਲ ਪੁੱਛਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਮਾਲਵਿਕਾ ਸੂਦ ਹਲਕਾ ਇੰਚਾਰਜ ਮੋਗਾ, ਭੁਪਿੰਦਰ ਸਿੰਘ ਸਾਹੋਕੇ ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ, ਪ੍ਰਧਾਨ ਹਰੀ ਸਿੰਘ ਖਾਈ, ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਬੀੜ ਚੜਿੱਕ, ਸਾਬਕਾ ਚੇਅਰਮੈਨ ਵਿਨੋਦ ਬਾਂਸਲ, ਜਗਸੀਰ ਸਿੰਘ ਬਾਬਾ ਕਾਲੇਕੇ ਹਲਕਾ ਬਾਘਾ ਪੁਰਾਣਾ, ਸਾਬਕਾ ਚੇਅਰਮੈਨ ਪਰਮਪਾਲ ਸਿੰਘ ਤਖਤੂਪੁਰਾ, ਪ੍ਰਧਾਨ ਪ੍ਰਮਿੰਦਰ ਸਿੰਘ ਡਿੰਪਲ, ਪ੍ਰਧਾਨ ਸੋਹਨ ਸਿੰਘ ਖੇਲਾ ਮੌਜੂਦ ਸਨ।ਰਾਜਾ ਵੜਿੰਗ ਨੇ ਕਿਹਾ ਕਿ ਆਪ ਸਰਕਾਰ ਪਿਛਲੇ ਸਾਢੇ ਤਿੰਨ ਵਰ੍ਹਿਆਂ ਦੇ ਕਾਰਜਕਾਲ ਦੌਰਾਨ ਨਾ ਤਾਂ ਸੂਬੇ ਵਿੱਚ ਗੈਂਗਸਟਰਾਂ ਵੱਲੋਂ ਕੀਤੀ ਜਾ ਰਹੀ ਕਤਲੋਗਾਰਦ ਤੇ ਫਰੌਤੀਆਂ ਨੂੰ ਰੋਕ ਸਕੀ ਹੈ ਤੇ ਨਾ ਹੀ ਪੰਜਾਬ 'ਚੋਂ ਨਸ਼ਾ ਖਤਮ ਕਰ ਸਕੀ ਹੈ।ਉਨ੍ਹਾਂ ਕਿਹਾ ਕਿ ਡਾਕਟਰ ਅਨਿਲਜੀਤ ਨੂੰ ਲਗਾਤਾਰ ਧਮਕੀਆਂ ਮਿਲ ਰਹੀਆਂ ਸਨ ਤੇ ਉਨ੍ਹਾਂ ਨੂੰ ਸੁਰੱਖਿਆ ਵੀ ਪ੍ਰਦਾਨ ਕਰਵਾਈ ਸੀ, ਪ੍ਰੰਤੂ ਉਹ ਫ਼ਿਰ ਵਾਪਸ ਲਈ ਗਈ ਅਜਿਹਾ ਕਿਉਂ ਕੀਤਾ ਇਹ ਭੇਦ ਬਣਿਆ ਹੈ, ਜਿਸ ਦੀ ਜਾਂਚ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਨਾਮ ਦੀ ਕੋਈ ਚੀਜ਼ ਨਹੀਂ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਨਾਲ ਨਾਲ ਕੇਂਦਰ ਦੀ ਭਾਜਪਾ ਸਰਕਾਰ ਵੀ ਇਸ ਮਾਮਲੇ 'ਤੇ ਚੁੱਪ ਹੈ, ਜੋ ਨਿੰਦਣਯੋਗ ਹੈ।ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਦਾਕਰ ਤਾਨੀਆ ਤੇ ਉਨ੍ਹਾਂ ਦੇ ਪਰਵਾਰ ਨੂੰ ਭਰੋਸਾ ਦਿਵਾਇਆ ਕਿ ਇਸ ਦੁੱਖ ਦੀ ਘੜੀ ਵਿੱਚ ਕਾਂਗਰਸ ਪਾਰਟੀ ਉਨ੍ਹਾਂ ਦੇ ਨਾਲ ਖੜੀ ਹੈ।

## ਕਾਤਰਾਂ

### ਅਸ਼ਵਨੀ ਸ਼ਰਮਾ ਦੇ ਪ੍ਰਧਾਨ ਬਣਨ ਨਾਲ ਭਾਜਪਾ ਹੋਰ ਮਜ਼ਬੂਤ ਹੋਵੇਗੀ : ਗਗਨਦੀਪ

**ਬਰੇਟਾ (ਗੋਬਿੰਦ ਸ਼ਰਮਾ)**-ਵਿਧਾਇਕ ਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਸ਼ਵਨੀ ਕੁਮਾਰ ਸ਼ਰਮਾ ਦੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਵਜੋਂ ਨਿਯੁਕਤੀ ਦਾ ਸਵਾਗਤ ਕਰਦੇ ਹੋਏ ਮੰਡਲ ਬਰੇਟਾ ਦੇ ਪ੍ਰਧਾਨ ਗਗਨਦੀਪ ਸ਼ਰਮਾ ਨੇ ਕਿਹਾ ਕਿ ਇਸ ਨਾਲ ਭਾਜਪਾ ਸੂਬੇ ਵਿੱਚ ਹੋਰ ਮਜ਼ਬੂਤ ਹੋ ਕੇ ਉਭਰੇਗੀ, ਕਿਉਂਕਿ ਅਸ਼ਵਨੀ ਸ਼ਰਮਾ ਨੂੰ ਸੰਗਠਨ ਵਿੱਚ ਕੰਮ ਕਰਨ ਦਾ ਲੰਮੇ ਸਮੇਂ ਦਾ ਤਜਰਬਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਦਾ ਕੇਡਰ ਇਸ ਫੈਸਲੇ 'ਤੇ ਬਹੁਤ ਉਤਸ਼ਾਹਤ ਹੈ, ਕਿਉਂਕਿ ਅਸ਼ਵਨੀ ਕੁਮਾਰ ਸ਼ਰਮਾ ਕੋਲ ਹਰ ਇੱਕ ਨੂੰ ਇੱਕ ਮਜ਼ਬੂਤ ਸ਼ਕਤੀ ਵਜੋਂ ਲੈਣ ਦੀ ਸਹੀ ਯੋਗਤਾ ਹੈ। ਉਨ੍ਹਾਂ ਦੀ ਅਗਵਾਈ ਹੇਠ ਭਾਜਪਾ ਮਜ਼ਬੂਤ ਹੋਵੇਗੀ, ਕਿਉਂਕਿ ਉਹ ਸੂਬੇ ਦੇ ਮੁੱਖ ਮੁੱਦਿਆਂ ਨੂੰ ਸਮਝਦੇ ਹਨ। ਇਸ ਮੌਕੇ ਜ਼ਿਲ੍ਹਾ ਉਪ ਪ੍ਰਧਾਨ ਸੂਰਜ ਗੋਇਲ, ਅਸ਼ੋਕ ਕੁਮਾਰ ਗੋਰਾ, ਹਰੀਸ਼ ਕੁਮਾਰ, ਓਮ ਲਾਲ, ਰਾਜ ਕੁਮਾਰ, ਪੁਨੀਤ ਮਿੱਤਲ, ਮੋਹਿਤ ਜਾਗੜਾਂ, ਡਿੰਪਲ ਸ਼ਰਮਾ, ਗੋਬਿੰਦ ਸ਼ਰਮਾ ਹਾਜ਼ਰ ਸਨ।

### ਨਸ਼ਿਆਂ ਦੇ ਮਾਮਲੇ 'ਚ ਦੋਸ਼ੀ ਨੂੰ 10 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਸ਼ੇ ਦੇ ਟੀਕਿਆਂ ਦੀ ਬਰਾਮਦਗੀ ਦੇ ਇੱਕ ਮਾਮਲੇ 'ਚ ਬਸੀ ਪਠਾਣਾਂ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਗਏ ਵਿਅਕਤੀ ਨੂੰ ਅਦਾਲਤ ਨੇ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਿਤੀ 21/9/21 ਨੂੰ ਥਾਣਾ ਬਸੀ ਪਠਾਣਾਂ ਵਿਖੇ ਅ/ਧ 22(ਸੀ)61/85 ਐਨ.ਡੀ.ਪੀ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਮਨਪ੍ਰੀਤ ਸਿੰਘ ਉਰਫ ਰਿੰਕੂ ਵਾਸੀ ਪਿੰਡ ਢਪਾਲੀ ਜ਼ਿਲ੍ਹਾ ਬਠਿੰਡਾ ਨੂੰ ਗ੍ਰਿਫਤਾਰ ਕਰਦੇ ਹੋਏ ਪੁਲਸ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਮੁਖਬਰੀ ਦੇ ਅਧਾਰ 'ਤੇ ਬਸੀ ਪਠਾਣਾ ਦੇ ਬੱਸ ਅੱਡੇ ਨੇੜਿਓਂ ਕਾਬੂ ਕੀਤੇ ਗਏ ਮਨਪ੍ਰੀਤ ਸਿੰਘ ਉਰਫ ਰਿੰਕੂ ਦੀ ਡੀ.ਐੱਸ.ਪੀ. ਜੰਗਜੀਤ ਸਿੰਘ ਦੀ ਹਾਜ਼ਰੀ 'ਚ ਜਦੋਂ ਤਲਾਸ਼ੀ ਲਈ ਗਈ ਤਾਂ ਉਸ ਦੇ ਕਬਜ਼ੇ 'ਚੋਂ 33 ਟੀਕੇ ਬਿਊਪਰੋਨੌਰਫਿਨ, 33 ਸ਼ੀਸ਼ੀਆਂ ਏਵਲ ਤੇ 10,000/- ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਮਨਪ੍ਰੀਤ ਸਿੰਘ ਉਰਫ ਰਿੰਕੂ ਨੂੰ ਮਾਮਲੇ 'ਚ ਦੋਸ਼ੀ ਮੰਨਦੇ ਹੋਏ ਦਸ ਸਾਲ ਕੈਦ ਤੇ ਇੱਕ ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

### ਅਸ਼ਵਨੀ ਸ਼ਰਮਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਬਣਨ 'ਤੇ ਭਰਵਾਂ ਸਵਾਗਤ

**ਪਟਿਆਲ੍ਹਾ (ਰਜਿੰਦਰ ਸਿੰਘ ਥਿੰਦ)**-ਪਠਾਨਕੋਟ ਤੋਂ ਵਿਧਾਇਕ ਅਸ਼ਵਨੀ ਸ਼ਰਮਾ ਦਾ ਭਾਜਪਾ ਪੰਜਾਬ ਦਾ ਕਾਰਜਕਾਰੀ ਪ੍ਰਧਾਨ ਚੁਣੇ ਜਾਣ 'ਤੇ ਭਾਜਪਾ ਪੰਜਾਬ ਲੀਡਰਸ਼ਿਪ ਹਰਦੀਪ ਸਿੰਘ ਸਨੌਰ ਜ਼ਿਲ੍ਹਾ ਜਨਰਲ ਸਕੱਤਰ, ਹਰਮੇਸ਼ ਗੋਇਲ ਜ਼ਿਲ੍ਹਾ ਪ੍ਰਧਾਨ, ਜਸਪਾਲ ਸਿੰਘ ਗਗਰੋਲੀ, ਡਾ. ਸੁਭਾਸ਼ ਸ਼ਰਮਾ (ਸੂਬਾ ਮੀਤ ਪ੍ਰਧਾਨ ਭਾਜਪਾ), ਜੀਵਨ ਗੁਪਤਾ (ਕੋਰ ਕਮੇਟੀ ਮੈਂਬਰ), ਬਿਕਰਮਜੀਤ ਸਿੰਘ ਚੀਮਾ (ਉਪ ਪ੍ਰਧਾਨ ਭਾਜਪਾ ਪੰਜਾਬ), ਹੌਬੀ ਧਾਲੀਵਾਲ ਕਨਵੀਨਰ ਕਲਚਰ ਸੈੱਲ ਭਾਜਪਾ ਪੰਜਾਬ, ਸੰਜੀਵ ਵਿਸ਼ਿਸ਼ਟ ਜ਼ਿਲ੍ਹਾ ਪ੍ਰਧਾਨ ਮੋਹਾਲੀ ਤੇ ਹੋਰ ਸੀਨੀਅਰ ਆਗੂਆਂ ਵੱਲੋਂ ਅਸ਼ਵਨੀ ਸ਼ਰਮਾ ਦਾ ਸਵਾਗਤ ਕਰਕੇ ਵਧਾਈਆਂ ਦਿੰਦੇ ਹੋਏ ਕਿਹਾ ਕਿ ਸ਼ਰਮਾ ਦੇ ਕਾਰਜਕਾਰੀ ਪ੍ਰਧਾਨ ਬਣਨ ਨਾਲ ਪੰਜਾਬ ਬੀਜੇਪੀ ਹੋਰ ਮਜ਼ਬੂਤ ਹੋਵੇਗੀ!

## ਦੇਸ਼ ਵਿਆਪੀ ਹੜਤਾਲ ਦੀਆਂ ਤਿਆਰੀਆਂ ਮੁਕੰਮਲ, ਮਾਨਸਾ 'ਚ ਹੋਵੇਗਾ ਪ੍ਰਭਾਵਸ਼ਾਲੀ ਪ੍ਰਦਰਸ਼ਨ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**-ਕੇਂਦਰ ਦੀ ਮੋਦੀ ਤੇ ਪੰਜਾਬ ਦੀ ਮਾਨ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਦੇਸ ਦੀਆਂ ਪ੍ਰਮੁੱਖ 10 ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਤੇ ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ 9 ਜੁਲਾਈ ਦੀ ਹੜਤਾਲ ਮੌਕੇ ਸਵੇਰੇ 10 ਵਜੇ ਮਾਲ ਗੁਦਾਮ ਮਾਨਸਾ ਵਿਖੇ ਸਾਂਝੇ ਤੌਰ 'ਤੇ ਪ੍ਰਭਾਵਸ਼ਾਲੀ ਰੋਸ ਪ੍ਰਦਰਸ਼ਨ ਤੋਂ ਇਲਾਵਾ ਸ਼ਹਿਰ ਦੇ ਬਜ਼ਾਰਾਂ 'ਚ ਰੋਸ ਮੁਜ਼ਾਹਰਾ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਤਦਾਦ 'ਚ ਮਜ਼ਦੂਰ, ਮੁਲਾਜ਼ਮ ਤੇ ਕਿਸਾਨ ਸ਼ਮੂਲੀਅਤ ਕਰਨਗੇ। ਇਸ ਪ੍ਰੋਗਰਾਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਇਹ ਜਾਣਕਾਰੀ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਤਿਆਰੀ ਕਮੇਟੀ ਦੀ ਮੀਟਿੰਗ ਉਪਰੰਤ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਾ. ਰਾਜਵਿੰਦਰ ਸਿੰਘ ਰਾਣਾ, ਕਾ. ਕ੍ਰਿਸ਼ਨ ਚੌਹਾਨ, ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਮਹਿੰਦਰ ਸਿੰਘ ਭੈਣੀਬਾਘਾ, ਡਾ. ਧੰਨਾ ਮੱਲ ਗੋਇਲ ਤੇ ਕਾ. ਮੇਜਰ ਸਿੰਘ ਦੂਲੋਵਾਲ ਨੇ ਕਿਹਾ ਕਿ 9 ਜੁਲਾਈ ਦੀ ਹੜਤਾਲ ਮਜ਼ਦੂਰ ਅੰਦੋਲਨ ਦੇ ਇਤਿਹਾਸ 'ਚ ਇੱਕ ਮੀਲ ਪੱਥਰ ਸਾਬਿਤ ਹੋਵੇਗੀ ਤੇ ਸਮੇਂ ਦੇ ਹਾਕਮਾਂ ਨੂੰ ਸੋਚਣ ਲਈ ਮਜਬੂਰ ਕਰ ਦੇਵੇਗੀ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਤੇ ਪੰਜਾਬ ਦੀ ਮਾਨ ਸਰਕਾਰ ਪੂਰੀ ਤਰ੍ਹਾਂ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਦੀਆਂ ਕਠਪੁਤਲੀਆਂ ਬਣ ਚੁੱਕੀਆਂ ਹਨ ਤੇ ਲਗਾਤਾਰ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਕਰ ਰਹੀਆਂ ਹਨ, ਜਿਸ ਖਿਲਾਫ ਦੇਸ਼ ਦੇ ਮਿਹਨਤਕਸ਼ ਲੋਕ ਲਗਾਤਾਰ ਸੰਘਰਸ਼ ਕਰ ਰਹੇ ਹਨ। ਆਗੂਆਂ ਨੇ ਮਾਨਸਾ ਜ਼ਿਲ੍ਹੇ ਦੇ ਸਮੂਹ ਸੰਘਰਸ਼ਸ਼ੀਲ, ਅਗਾਂਹਵਧੂ ਤੇ ਜੁਝਾਰੂ ਲੋਕਾਂ ਅਪੀਲ ਕੀਤੀ ਕਿ ਆਪਣੀ ਜ਼ਿੰਮੇਵਾਰੀ ਸਮਝਦਿਆਂ ਸਮੇਂ ਸਿਰ ਪਹੁੰਚ ਕੇ ਪ੍ਰਦਰਸ਼ਨ ਦਾ ਹਿੱਸਾ ਬਣਨ।

## ਅੱਜ ਦੀ ਦੇਸ਼ ਵਿਆਪੀ ਹੜਤਾਲ 'ਚ ਪੈਨਸ਼ਨਰਜ਼ ਤੇ ਨਰੇਗਾ ਕਾਮੇ ਭਰਵੀਂ ਸ਼ਮੂਲੀਅਤ ਕਰਨਗੇ : ਬਰਾੜ, ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-9 ਜੁਲਾਈ ਨੂੰ ਸਮੂਹ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਵਿੱਚ ਮੋਗਾ ਜ਼ਿਲ੍ਹੇ ਦੇ ਪੈਨਸ਼ਨਰਜ਼ ਤੇ ਨਰੇਗਾ ਕਾਮੇ ਭਰਵੀਂ ਸ਼ਮੂਲੀਅਤ ਕਰਨਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਦੇ ਆਗੂ ਪੋਹਲਾ ਸਿੰਘ ਬਰਾੜ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਰਜਿ ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਆਗੂਆਂ ਨੇ ਅੱਗੇ ਦੱਸਿਆ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਸੰਸਾਰੀਕਰਨ ਉਦਾਰੀਕਰਨ ਨਿੱਜੀ ਕਰਨ ਦੀਆਂ ਤਬਾਹਕੁਨ ਨੀਤੀਆਂ ਵਿਰੁੱਧ, ਕੇਂਦਰ ਸਰਕਾਰ ਵੱਲੋਂ ਮਜ਼ਦੂਰ ਵਿਰੋਧੀ ਥੋਪੇ ਗਏ ਚਾਰ ਲੇਬਰ ਕਾਨੂੰਨਾਂ ਦੇ ਵਿਰੁੱਧ, ਘੱਟੋ-ਘੱਟ ਉਜ਼ਰਤ/ਤਨਖਾਹ 26000 ਰੁਪਏ ਕਰਵਾਉਣ, ਮੁਲਾਜ਼ਮਾਂ ਦੀ ਸੇਵਾ ਮੁਕਤੀ ਤੇ ਸਮਾਜਿਕ ਸੁਰੱਖਿਆ ਲਈ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਲਈ ਇਹ ਹੜਤਾਲ ਕੀਤਾ ਜਾ ਰਹੀ ਹੈ।ਇਸ ਤੋਂ ਇਲਾਵਾ ਕੱਚੇ, ਆਊਟ ਸੋਰਸ, ਇਨਲਿਸਟਮੈਂਟ, ਮਾਣ ਭੱਤੇ ਵਾਲੇ ਕਾਮਿਆਂ ਦੀਆਂ ਸੇਵਾਵਾਂ ਰੈਗੂਲਰ ਕਰਵਾਉਣ ਤੋਂ ਇਲਾਵਾ ਨਰੇਗਾ ਸਕੀਮ ਨੂੰ ਨਿਰਵਿਘਨ ਚਲਾਉਣ, ਦਿਹਾੜੀ 1000 ਤੇ ਦਿਨਾਂ ਦੀ ਗਾਰੰਟੀ ਕਰਵਾਉਣ ਆਦਿ ਮੰਗਾਂ ਲਈ ਇਸ ਮਜ਼ਦੂਰਾਂ, ਮੁਲਾਜ਼ਮਾਂ, ਪੈਨਸ਼ਨਰਜ਼, ਦੁਕਾਨਦਾਰਾਂ ਆਦਿ ਕਿਰਤੀ ਲੋਕਾਂ ਨੂੰ ਇਸ ਹੜਤਾਲ ਵਿੱਚ ਸ਼ਾਮਲ ਹੋਣਾ ਜ਼ਰੂਰੀ ਹੈ।

## ਭਗਵੰਤ ਮਾਨ ਸਰਕਾਰ ਧੱਕੇਸ਼ਾਹੀ ਨਾਲ ਅਕਾਲੀ ਦਲ ਦੀ ਆਵਾਜ਼ ਨਹੀਂ ਕੁਚਲ ਸਕਦੀ : ਐੱਨ ਕੇ ਸ਼ਰਮਾ

**ਪਟਿਆਲਾ 'ਚ ਅਕਾਲੀ ਦਲ ਦੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ**

**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਸ਼੍ਰੋਮਣੀ ਅਕਾਲੀ ਦਲ ਦੇ ਪਟਿਆਲਾ ਲੋਕ ਸਭਾ ਤੋਂ ਹਲਕਾ ਇੰਚਾਰਜ ਐੱਨ ਕੇ ਸ਼ਰਮਾ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ ਧੱਕੇਸ਼ਾਹੀ ਨਾਲ ਅਕਾਲੀ ਦਲ ਦੀ ਆਵਾਜ਼ ਨਹੀਂ ਕੁਚਲ ਸਕਦੀ ਤੇ ਅਕਾਲੀ ਦਲ ਹਮੇਸ਼ਾ ਹੀ ਪੰਜਾਬ ਦੇ ਮੁੱਦਿਆਂ ਦੀ ਗੱਲ ਕਰਦਾ ਰਿਹਾ ਹੈ ਤੇ ਕਰਦਾ ਰਹੇਗਾ। ਪਟਿਆਲਾ ਜ਼ਿਲ੍ਹਾ ਅਕਾਲੀ ਜੱਥੇ ਦੀ ਭਰਵੀਂ ਮੀਟਿੰਗ, ਜੋ ਰੈਲੀ ਦਾ ਰੂਪ ਧਾਰ ਗਈ, ਨੂੰ ਸੰਬੋਧਨ ਕਰਨ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਐੱਨ ਕੇ ਸ਼ਰਮਾ ਨੇ ਕਿਹਾ ਕਿ ਅਕਾਲੀ ਦਲ ਉਨ੍ਹਾਂ ਯੋਧਿਆਂ ਦੀ ਪਾਰਟੀ ਹੈ, ਜਿਸ ਨੇ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਲਗਾਈ ਐਮਰਜੈਂਸੀ ਦਾ ਵੀ ਡੱਟਵਾਂ ਵਿਰੋਧ ਕੀਤਾ ਸੀ। ਉਨ੍ਹਾਂ ਕਿਹਾ ਕਿ ਆਪ ਸਰਕਾਰ ਤਾਂ ਉਸ ਦੇ ਮੁਕਾਬਲੇ ਤੁੱਛ ਜਿਹੀ ਚੀਜ਼ ਹੈ। ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਖਿਲਾਫ ਦਰਜ ਕੀਤੇ ਝੂਠੇ ਪਰਚੇ ਦੀ ਗੱਲ ਕਰਦਿਆਂ ਸ਼ਰਮਾ ਨੇ ਕਿਹਾ ਕਿ ਭਗਵੰਤ ਮਾਨ ਨੂੰ ਇਸ ਗੱਲ ਦਾ ਡਰ ਸਤਾਉਂਦਾ ਹੈ ਕਿ ਬਿਕਰਮ ਸਿੰਘ ਮਜੀਠੀਆ ਨਿੱਤ ਦਿਹਾੜੇ ਸਰਕਾਰ ਦੀਆਂ ਨਵੀਂਆਂ ਤੋਂ ਨਵੀਂਆਂ ਪੋਲਾਂ ਖੋਲ੍ਹਦਾ ਹੈ, ਇਸ ਕਰ ਕੇ ਉਨ੍ਹਾਂ 'ਤੇ ਆਮਦਨ ਨਾਲੋਂ ਵੱਧ ਜਾਇਦਾਦ ਬਣਾਉਣ ਦਾ ਪਰਚਾ ਦਰਜ ਕੀਤਾ ਹੈ, ਜਦੋਂ ਕਿ ਉਨ੍ਹਾਂ ਦੀ ਪਰਿਵਾਰਕ ਆਮਦਨ ਤੇ ਪਿਛੋਕੜ ਦਾ ਸਭ ਨੂੰ ਪਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਡੱਟ ਕੇ ਹਰ ਅਕਾਲੀ ਵਰਕਰ ਦੇ ਨਾਲ ਖੜ੍ਹੇ ਹਨ, ਭਾਵੇਂ ਉਹ ਵੱਡਾ ਸੀਨੀਅਰ ਨੇਤਾ ਹੋਵੇ ਜਾਂ ਆਮ ਸਾਧਾਰਣ ਵਰਕਰ ਹੋਵੇ, ਉਨ੍ਹਾਂ ਲਈ ਸਭ ਇਕ ਬਰਾਬਰ ਤੇ ਇਕ ਪਰਵਾਰ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਧੱਕੇਸ਼ਾਹੀ ਤੋਂ ਨਾ ਕਦੇ ਅਕਾਲੀ ਦਲ ਡਰਿਆ ਹੈ ਤੇ ਨਾ ਹੀ ਡਰੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦੀ ਧੱਕੇਸ਼ਾਹੀ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ ਤੇ ਇਸ ਸਰਕਾਰ ਨੂੰ ਲੋਕਤੰਤਰ ਮੁਤਾਬਕ ਚੱਲਣ ਵਾਸਤੇ ਮਜਬੂਰ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਟਿਆਲਾ ਦੀ ਨਵੀਂ ਟੀਮ ਦਾ ਐਲਾਨ ਵੀ ਜਲਦ ਹੀ ਕੀਤਾ ਜਾਵੇਗਾ। ਇਸ ਮੌਕੇ ਪਾਰਟੀ ਦੇ ਯੂਥ ਵਿੰਗ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਜਸਪਾਲ ਸਿੰਘ ਬਿੱਟੂ ਚੱਠਾ, ਜਸਵਿੰਦਰ ਸਿੰਘ ਜੱਸੀ ਹਲਕਾ ਸ਼ੁਤਰਾਣਾ ਤੋਂ ਕਬੀਰ ਦਾਸ, ਮੱਖਣ ਸਿੰਘ ਲਾਲਕਾ, ਸੁਰਜੀਤ ਸਿੰਘ ਗੜ੍ਹੀ, ਬਲਜਿੰਦਰ ਸਿੰਘ ਹਰਿਆਊ, ਅਮਰਿੰਦਰ ਸਿੰਘ ਬਜਾਜ, ਕਬੀਰ ਦਾਸ, ਹਰਪ੍ਰੀਤ ਕੌਰ ਮੁਖਮੈਲਪੁਰ, ਮਾਲਵਿੰਦਰ ਸਿੰਘ ਝਿੱਲ, ਪਰਮਜੀਤ ਸਿੰਘ ਪੰਮਾ ਸਮੇਤ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

## ਬਾਬਾ ਮੋਨੀ ਜੀ ਕਾਲਜ ਦਾ ਬੀ ਸੀ ਏ ਭਾਗ-ਦੂਜਾ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ. ਸੀ. ਏ ਭਾਗ-ਦੂਜਾ (ਸਮੈੱਸਟਰ-ਤੀਜਾ) ਦੇ ਨਤੀਜੇ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਕਾਲਜ 'ਚੋਂ ਵਿਦਿਆਰਥਣ ਮੁਸਕਾਨ ਕੌਰ ਪੁੱਤਰੀ ਦਰਸ਼ਨ ਸਿੰਘ ਵਾਸੀ ਪੂਹਲੀ ਨੇ ਪਹਿਲਾ, ਲਵਪ੍ਰੀਤ ਕੌਰ ਪੁੱਤਰੀ ਗੁਰਮੀਤ ਸਿੰਘ ਵਾਸੀ ਸੇਮਾ ਕਲਾਂ ਨੇ ਦੂਜਾ ਤੇ ਸਿਮਰਨ ਕੌਰ ਪੁੱਤਰੀ ਕੁਲਵਿੰਦਰ ਸਿੰਘ ਵਾਸੀ ਰਾਏ ਖਾਨਾ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਬੀ. ਸੀ. ਏ ਭਾਗ-ਦੂਜਾ ਦਾ ਨਤੀਜਾ ਲਗਭਗ ਪੂਰੇ ਫੀਸਦੀ ਰਿਹਾ, ਜਿਸ ਵਿੱਚ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਤੇ ਐਡਮਨਿਸਟ੍ਰੇਟਰ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।

## 12 ਕੁੱਪਾਂ ਨੂੰ ਅੱਗ ਲੱਗਣ ਕਾਰਨ 12 ਲੱਖ ਦਾ ਨੁਕਸਾਨ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਪਿੰਡ ਜੋਧਪੁਰ ਵਿੱਚ ਕਿਸੇ ਵਿਅਕਤੀ ਨੇ ਕਿਸਾਨ ਬਲਜਿੰਦਰ ਸਿੰਘ ਦੇ ਤੂੜੀ ਦੇ 12 ਕੁੱਪਾਂ ਨੂੰ ਅੱਗ ਲਗਾ ਦਿੱਤੀ, ਜਿਸ ਕਾਰਨ ਲਗਪਗ 12 ਲੱਖ ਰੁਪਏ ਦਾ ਨੁਕਸਾਨ ਹੋ ਗਿਆ। ਬਲਜਿੰਦਰ ਸਿੰਘ ਪੁੱਤਰ ਕਰਨੈਲ ਸਿੰਘ, ਜੋਗਾ ਸਿੰਘ ਤੇ ਸਰਪੰਚ ਬਲਬੀਰ ਸਿੰਘ ਨੇ ਦੱਸਿਆ ਕਿ ਉਹ ਆਪਣੀ ਤੂੜੀ ਨੂੰ ਬਹੁਤ ਸੰਭਾਲ ਕੇ ਰੱਖਦੇ ਸਨ ਤੇ ਇਸ 'ਤੇ ਉਨ੍ਹਾਂ ਦੀ ਸਾਲ ਭਰ ਦੀ ਆਮਦਨ ਨਿਰਭਰ ਸੀ। ਰਾਤ ਤਕਰੀਬਨ ਦੋ ਢਾਈ ਵਜੇ ਅੱਗ ਲੱਗਣ ਦੀ ਘਟਨਾ ਵਾਪਰੀ। ਇਸ ਦੌਰਾਨ ਨੌਜਵਾਨਾਂ ਨੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਨਹੀਂ ਬੁਝ ਸਕੀ। ਇਸ ਮਗਰੋਂ ਫਾਇਰ ਬ੍ਰਿਗੇਡ ਦੀ ਗੱਡੀ ਵੀ ਮੰਗਵਾਈ ਗਈ, ਜਿਸ ਕਰਕੇ ਅੱਗ 'ਤੇ ਥੋੜ੍ਹਾ ਕਾਬੂ ਪਿਆ। ਉਨ੍ਹਾਂ ਦੱਸਿਆ ਕਿ 150 ਏਕੜ ਦੀ ਤੂੜੀ ਬਣਾਈ ਗਈ ਸੀ, ਜਿਸ ਦੀ ਕੀਮਤ ਤਕਰੀਬਨ 12-13 ਲੱਖ ਦੇ ਕਰੀਬ ਬਣਦੀ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਸੂਚਨਾ ਨਜ਼ਦੀਕੀ ਥਾਣੇ ਦੀ ਪੁਲਸ ਨੂੰ ਦੇ ਦਿੱਤੀ ਹੈ।

## ਪਾਵਰਕਾਮ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਦੁਚਿੱਤੀ ਵਾਲੀ ਨੀਤੀ ਦਾ ਵਿਰੋਧ



**ਮੋਗਾ (ਇਕਬਾਲ ਸਿੰਘ ਖਹਿਰਾ)**

ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏ.ਆਈ.ਟੀ.ਯੂ.ਸੀ. ਮੋਗਾ ਦੀਆਂ ਸ਼ਹਿਰੀ ਤੇ ਪੇਂਡੂ ਇਕਾਈਆਂ ਦੀ ਮਾਸਿਕ ਸਾਂਝੀ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ ਦੇ ਸ਼ਹੀਦ ਸਤੀਸ਼ ਲੂੰਬਾ ਭਵਨ ਵਿੱਚ ਪੈਨਸ਼ਨਰਾਂ ਦੇ ਸੀਨੀਅਰ ਮੀਤ ਪ੍ਰਧਾਨ ਸਵਰਨਜੀਤ ਸਿੰਘ ਨਾਹਰ ਤੇ ਮੁਖੀ ਗੁਰਮੇਲ ਸਿੰਘ ਨਾਹਰ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਯੂਨੀਅਨ ਆਗੂ ਗੁਰਮੇਲ ਸਿੰਘ ਨਾਹਰ ਸਕੱਤਰ, ਗੁਰਮੀਤ ਧਾਲੀਵਾਲ, ਸਵਰਨ ਸਿੰਘ ਖੋਸਾ, ਜੋਗਿੰਦਰ ਸਿੰਘ, ਸਵਰਨਜੀਤ ਸਿੰਘ ਤੇ ਹੋਰ ਯੂਨੀਅਨ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨਣ ਦੀ ਬਜਾਏ, ਪੰਜਾਬ ਸਰਕਾਰ ਤੇ ਮੈਨੇਜਮੈਂਟ ਟਾਲ-ਮਟੋਲ ਦੀ ਨੀਤੀ ਅਪਣਾ ਕੇ ਸਮਾਂ ਲੰਘਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਜਦੋਂ ਵੀ ਪੰਜਾਬ ਸਰਕਾਰ ਅਤੇ ਪਾਵਰਕਾਮ ਟਰਾਂਸਕੋ ਮੈਨੇਜਮੈਂਟ ਨਾਲ ਮੀਟਿੰਗ ਹੁੰਦੀ ਹੈ, ਤਾਂ ਮੰਗਾਂ 'ਤੇ ਪੂਰੀ ਸਹਿਮਤੀ ਪ੍ਰਗਟ ਕੀਤੀ ਜਾਂਦੀ ਹੈ, ਪਰ ਮੰਗਾਂ ਨੂੰ ਸਵੀਕਾਰ ਨਹੀਂ ਕੀਤਾ ਜਾ ਰਿਹਾ।ਪਾਵਰ ਵਰਕਸ ਦੇ ਕਈ ਡੀਡੀਓਜ਼ ਨੇ ਮੈਨੇਜਮੈਂਟ ਵੱਲੋਂ ਜਾਰੀ ਕੀਤੇ ਸਖ਼ਤ ਹੁਕਮਾਂ ਦੇ ਬਾਵਜੂਦ ਪੈਨਸ਼ਨ ਸੋਧ ਤੇ ਡੀ ਏ ਦੇ ਬਕਾਏ ਅਜੇ ਤੱਕ ਜਾਰੀ ਨਹੀਂ ਕੀਤੇ ਹਨ, ਜਿਸ ਕਾਰਨ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ।ਪੈਨਸ਼ਨਰ ਯੂਨੀਅਨ ਵੱਲੋਂ ਡੀਡੀਓਜ਼ ਨੂੰ ਵਾਰ-ਵਾਰ ਦਿੱਤੇ ਗਏ ਮੰਗ ਪੱਤਰਾਂ ਦੇ ਬਾਵਜੂਦ ਬਕਾਏ ਦਾ ਭੁਗਤਾਨ ਨਹੀਂ ਕੀਤਾ ਜਾ ਰਿਹਾ ਹੈ।ਯੂਨੀਅਨ ਆਗੂਆਂ ਨੇ ਮੈਨੇਜਮੈਂਟ ਤੇ ਸਬੰਧਤ ਡੀਡੀਓ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਚੇਤਾਵਨੀ ਦਿੱਤੀ ਕਿ ਬਕਾਏ ਬਿਨਾਂ ਕਿਸੇ ਦੇਰੀ ਦੇ ਤੁਰੰਤ ਅਦਾ ਕੀਤੇ ਜਾਣ, ਨਹੀਂ ਤਾਂ ਪੈਨਸ਼ਨਰ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।ਕਰਮਚਾਰੀਆਂ ਤੇ ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਵਿੱਚ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦੇ ਆਧਾਰ 'ਤੇ 2.59 ਦੇ ਗੁਣਾਂਕ ਨਾਲ ਪੈਨਸ਼ਨ ਸੋਧ, ਖਾਸ ਕਰਕੇ 01-01-2016 ਤੋਂ ਪਹਿਲਾਂ ਦੇ ਪੈਨਸ਼ਨਰਾਂ ਲਈ, ਜਨਵਰੀ 2016 ਤੋਂ ਜੂਨ 2021 ਤੱਕ ਦੇ ਪੈਨਸ਼ਨ ਸੋਧ ਦੇ ਬਕਾਏ ਦੀ ਤੁਰੰਤ ਇਕਮੁਸ਼ਤ ਅਦਾਇਗੀ, ਮਹਿੰਗਾਈ ਭੱਤੇ ਦੀਆਂ 42 ਤੋਂ 55 ਪ੍ਰਤੀਸ਼ਤ ਦੀਆਂ ਤਿੰਨ ਕਿਸ਼ਤਾਂ ਵਿੱਚੋਂ 13% ਦੀ ਇਕਮੁਸ਼ਤ ਅਦਾਇਗੀ ਸ਼ਾਮਲ ਹੈ।ਇਸ ਦੇ ਨਾਲ ਹੀ, ਕਰਮਚਾਰੀਆਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਵਿਰੁੱਧ ਕੇਂਦਰ, ਪੰਜਾਬ ਸਰਕਾਰ ਤੇ ਪਾਵਰ ਵਰਕਸ ਮੈਨੇਜਮੈਂਟ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਦਮਨਕਾਰੀ ਨੀਤੀਆਂ ਵਿਰੁੱਧ 9 ਜੂਨ ਨੂੰ ਕੀਤੀ ਜਾਣ ਵਾਲੀ ਸਮੂਹਕ ਪ੍ਰਤੀਕਾਤਮਕ ਹੜਤਾਲ ਨੂੰ ਪੂਰਾ ਸਮਰਥਨ ਦਿੱਤਾ ਜਾਵੇਗਾ।

ਇਸ ਮੌਕੇ ਗੁਰਮੇਲ ਸਿੰਘ ਨਾਹਰ, ਜੋਗਿੰਦਰ ਸਿੰਘ, ਸਵਰਨਜੀਤ ਸਿੰਘ ਨਾਹਰ, ਗੁਰਮੀਤ ਧਾਲੀਵਾਲ, ਸਵਰਨ ਸਿੰਘ ਖੋਸਾ, ਬਲਵਿੰਦਰ ਸਿੰਘ, ਸਵਰਨ ਸਿੰਘ, ਦਰਸ਼ਨ ਸਿੰਘ, ਅੰਗਰੇਜ਼ ਸਿੰਘ, ਜਗਤਾਰ ਸਿੰਘ, ਮਦਨ ਮੰਜੀ, ਜਗਸੀਰ ਸਿੰਘ, ਰਾਮ ਪ੍ਰਕਾਸ਼, ਸੁਖਚੈਨ ਸਿੰਘ, ਬਲਦੇਵ ਸਿੰਘ, ਗੁਰਨਾਮ ਸਿੰਘ, ਕਰਮ ਸਿੰਘ, ਗੁਰਸੇਵਕ ਸਿੰਘ, ਅਮਰੀਤ ਸਿੰਘ, ਬਲਦੇਵ ਸਿੰਘ, ਅਸ਼ੋਕ ਸਿੰਘ, ਬਲਦੇਵ ਸਿੰਘ ਜੋਧਾਂ, ਪਿਆਰਾ ਸਿੰਘ, ਗੁਰਦੇਵ ਸਿੰਘ, ਰਾਮ ਅਵਤਾਰ, ਕਪੂਰ ਸਿੰਘ, ਜਗਜੀਤ ਸਿੰਘ, ਕੁਲਵੰਤ ਸਿੰਘ, ਹਰਦੇਵ ਸਿੰਘ, ਪ੍ਰੀਤਮ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਸਬ-ਇੰਸਪੈਕਟਰ ਜੋਗਿੰਦਰ ਸਿੰਘ ਨੇ ਪੀ ਸੀ ਆਰ ਦਾ ਚਾਰਜ ਸੰਭਾਲਿਆ



**ਲੁਧਿਆਣਾ (ਰਾਜ ਸਿੰਗਲਾ)**-ਸਬ ਇੰਸਪੈਕਟਰ ਜੋਗਿੰਦਰ ਸਿੰਘ ਨੇ ਪੀਸੀਆਰ ਦਾ ਚਾਰ ਸੰਭਾਲਿਆ। ਉਹ ਪਹਿਲਾਂ ਪੀਸੀਆਰ ਵਿੱਚ ਜ਼ੋਨ ਇੰਚਾਰਜ ਦੇ ਤੌਰ 'ਤੇ ਸੇਵਾ ਨਿਭਾ ਰਹੇ ਸਨ, ਹੁਣ ਉਨ੍ਹਾਂ ਨੂੰ ਲੁਧਿਆਣਾ ਦਾ ਐੱਲ ਓ ਨਿਯੁਕਤ ਕੀਤਾ ਗਿਆ ਹੈ। ਚਾਰਜ ਸੰਭਾਲਣ ਤੋਂ ਬਾਅਦ ਉਨ੍ਹਾਂ ਕਿਹਾ ਕਿ ਸਹਿਰ ਅੰਦਰ ਅਪਰਾਧਾਂ ਨੂੰ ਰੋਕਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਗੈਰ-ਕਾਨੂੰਨੀ ਕੰਮ ਕਰਨ ਵਾਲੇ ਨਾਲ ਸਖਤੀ ਨਾਲ ਨਜਿੱਠਣ ਦੀ ਗੱਲ ਕਹੀ। ਉਨ੍ਹਾਂ ਕਿਹਾ ਕਿ ਸਾਡੇ ਪੀਸੀਆਰ ਦਿਨ-ਰਾਤ ਮੋਟਰਸਾਈਕਲਾਂ, ਗੱਡੀਆਂ ਨਾਲ ਲੈੱਸ ਆਪਣੀ ਡਿਊਟੀ ਤਨਦੇਹੀ ਨਾਲ ਨਿਭਾ ਰਹੇ ਹਨ। ਉਨ੍ਹਾਂ ਅਪੀਲ ਕੀਤੀ ਕਿ ਲੋਕਾਂ ਸਾਡੇ ਸਟਾਫ ਦਾ ਪੂਰਾ ਸਹਿਯੋਗ ਤੇ ਸੱਚੀ ਜਾਣਕਾਰੀ ਦੇਣ ਤਾਂ ਜੋ ਆਪਾਂ ਸਾਰੇ ਸ਼ਹਿਰ ਅੰਦਰ ਗਲਤ ਅਨਸਰਾਂ ਨੂੰ ਨਿਖੇੜ ਸਕੀਏ।

## ਕਾਰੋਬਾਰੀ ਨੇ ਨਿੱਜੀ ਫਾਇਦੇ ਲਈ ਨੈਸ਼ਨਲ ਹਾਈਵੇ ਦੀ ਰੇਲਿੰਗ ਤੇ ਪੌਦਿਆਂ ਨੂੰ ਵੱਢ ਕੇ ਬਣਾਇਆ ਨਜਾਇਜ਼ ਰਸਤਾ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਪੰਜਾਬ ਵਿੱਚ ਆਏ ਦਿਨ ਵਾਪਰਦੇ ਸੜਕ ਹਾਦਸਿਆਂ ਕਾਰਨ ਅਨੇਕਾਂ ਜਾਨਾਂ ਚਲੇ ਜਾਂਦੀਆਂ ਹਨ। ਇੱਕ ਛੋਟੇ ਜਿਹੇ ਲਾਲਚ ਕਾਰਨ ਕਦੋਂ ਕਿਸੇ ਦੀ ਜ਼ਿੰਦਗੀ ਲਈ ਖਤਰਾ ਬਣ ਜਾਵੇ, ਇਹ ਕੋਈ ਪਤਾ ਨਹੀਂ ਚਲਦਾ। ਨੈਸ਼ਨਲ ਹਾਈਵੇ ਦੇ ਕਿਨਾਰੇ ਕਾਰੋਬਾਰ ਕਰਦੇ ਕਾਰੋਬਾਰੀਆਂ ਵੱਲੋਂ ਵੀ ਆਪਣੇ ਨਿੱਜੀ ਫਾਇਦੇ ਲਈ ਲੋਕਾਂ ਦੀ ਜ਼ਿੰਦਗੀ ਨਾਲ ਖੇਡਿਆ ਜਾ ਰਿਹਾ ਹੈ। ਪਿਛਲੇ ਕੁਝ ਮਹੀਨਿਆਂ ਤੋਂ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਨੈਸ਼ਨਲ ਹਾਈਵੇ ਦੇ ਦੋਨੇ ਕਿਨਾਰਿਆਂ ਦੇ ਨਾਲ ਨਾਲ ਰੇਲਿੰਗ ਲਗਾ ਕੇ ਨਜਾਇਜ਼ ਰਸਤੇ ਤੇ ਅਵਾਰਾ ਪਸ਼ੂਆਂ ਨੂੰ ਨੈਸ਼ਨਲ ਹਾਈਵੇ 'ਤੇ ਜਾਣ ਤੋਂ ਰੋਕਣ ਦਾ ਕੰਮ ਚੱਲ ਰਿਹਾ ਹੈ, ਪਰ ਕੁਝ ਕਾਰੋਬਾਰੀ ਆਪਣੇ ਨਿੱਜੀ ਫਾਇਦੇ ਨੂੰ ਮੁੱਖ ਰੱਖਦੇ ਹੋਏ ਨੈਸ਼ਨਲ ਹਾਈਵੇ ਦੇ ਕਿਨਾਰੇ ਬੁਰਜੀ ਨੰਬਰ 280+400 ਦੇ ਸਹਾਮਣੇ ਤੋਂ ਰੇਲਿੰਗ ਤੇ ਨੈਸ਼ਨਲ ਹਾਈਵੇ ਵੱਲੋਂ ਲਗਾਏ ਪੌਦਿਆਂ ਨੂੰ ਵੱਢ ਕੇ ਨਜਾਇਜ਼ ਰਸਤਾ ਬਣਾ ਲਿਆ ਹੈ। ਇਸ ਦੀ ਤਾਜ਼ਾ ਮਿਸਾਲ ਖੰਨੇ ਤੋਂ ਲੁਧਿਆਣੇ ਵੱਲ ਨੂੰ ਜਾਂਦੇ ਸਮੇਂ ਨੈਸ਼ਨਲ ਹਾਈਵੇ ਉੱਪਰ ਬਣੇ ਸਰਕਾਰੀ ਹਾਈ ਸਕੂਲ (ਕੰਨਿਆ) ਪਿੰਡ ਦਹਿੜੂ ਨੇੜੇ ਬੁਰਜੀ ਨੰਬਰ 280+400 ਕੋਲੋਂ ਇਕ ਕਾਰੋਬਾਰੀ ਨੇ ਨੈਸ਼ਨਲ ਹਾਈਵੇ ਦੀ ਰੇਲਿੰਗ ਤੇ ਨੈਸ਼ਨਲ ਹਾਈਵੇ ਵੱਲੋਂ ਲਗਾਏ ਬੂਟਿਆਂ ਨੂੰ ਵੱਢ ਕੇ ਨੈਸ਼ਨਲ ਹਾਈਵੇ ਤੋਂ ਹੇਠਾਂ ਉੱਤਰਨ ਲਈ ਨਜਾਇਜ਼ ਰਸਤਾ ਬਣ ਲਿਆ ਹੈ। ਇਸ ਸਬੰਧੀ ਰਾਹਗੀਰ ਹਰਪ੍ਰੀਤ ਸਿੰਘ, ਕਿਰਨਦੀਪ ਸਿੰਘ ਤੇ ਸੰਜੇ ਕੁਮਾਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਨੈਸ਼ਨਲ ਹਾਈਵੇ ਕਿਨਾਰੇ ਲਗਾਈ ਰੇਲਿੰਗ ਤੇ ਬੂਟਿਆਂ ਨੂੰ ਵੱਢਣ ਵਾਲੇ ਕਾਰੋਬਾਰੀ ਤੇ ਉਸ ਦੇ ਸਾਥੀਆਂ ਉੱਪਰ ਨੈਸ਼ਨਲ ਹਾਈਵੇ ਦੀ ਪ੍ਰਾਪਰਟੀ ਨੂੰ ਨੁਕਸਾਨ ਪਹੁੰਚਾਉਣ ਦਾ ਮਾਮਲਾ ਦਰਜ ਹੋਣਾ ਚਾਹੀਦਾ ਹੈ। ਇਸ ਸਬੰਧੀ ਨੈਸ਼ਨਲ ਹਾਈਵੇ ਦੇ ਕੰਟਰੋਲ ਰੂਮ ਸ਼ੰਭੂ ਸਥਿਤ ਇੱਕ ਅਧਿਕਾਰੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਦੱਸੀ ਹੋਈ ਲੋਕੇਸ਼ਨ ਅਨੁਸਾਰ ਸਾਡੇ ਵੱਲੋਂ ਆਪਣਾ ਕਰਮਚਾਰੀ ਭੇਜ ਕੇ ਫੋਟੋਆਂ ਤੇ ਵੀਡੀਓ ਮੰਗਾਉਂਦੇ ਹਾਂ, ਉਸ ਤੋਂ ਬਾਅਦ ਜਿਹੜੇ ਵੀ ਵਿਅਕਤੀ ਨੇ ਇਹ ਕੰਮ ਕੀਤਾ ਹੈ, ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

## ਗੁਰਬਾਣੀ ਉਚਾਰਨ ਮੁਕਾਬਲਿਆਂ 'ਚ ਨਨਕਾਣਾ ਸਾਹਿਬ ਸਕੂਲ ਦੀ ਚੜ੍ਹਤ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਗੁਰਦੁਆਰਾ ਸਾਹਿਬ ਹਰਿਗੋਬਿੰਦ ਪੁਰਾ ਵਿਖੇ ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਆਗਮਨ ਪੁਰਬ ਸਬੰਧੀ ਤਿੰਨ ਰੋਜ਼ਾ ਸਮਾਗਮਾਂ ਅਧੀਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਗਰੂਰ ਜ਼ੋਨ ਤੇ ਗੁਰਮਤਿ ਪ੍ਰਚਾਰਕ ਗ੍ਰੰਥੀ ਰਾਗੀ ਸਭਾ ਸੰਗਰੂਰ ਦੇ ਸਾਂਝੇ ਉਪਰਾਲੇ ਅਧੀਨ ਪ੍ਰਬੰਧਕ ਕਮੇਟੀ ਗੁਰਦੁਆਰਾ ਦੇ ਸਹਿਯੋਗ ਨਾਲ ਸ਼ੁੱਧ ਗੁਰਬਾਣੀ ਉਚਾਰਨ ਮੁਕਾਬਲੇ ਕਰਵਾਏ ਗਏ।ਜਗਤਾਰ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ, ਹਰਪ੍ਰੀਤ ਸਿੰਘ, ਕੁਲਵੀਰ ਸਿੰਘ, ਭਾਈ ਸਤਵਿੰਦਰ ਸਿੰਘ ਭੋਲਾ ਹੈੱਡ ਗ੍ਰੰਥੀ, ਸੁਰਿੰਦਰ ਪਾਲ ਸਿੰਘ ਸਿਦਕੀ, ਗੁਲਜ਼ਾਰ ਸਿੰਘ ਜਥੇਬੰਦਕ ਸਕੱਤਰ, ਬਲਵੰਤ ਸਿੰਘ ਭਿੱਖੀ ਸਲਾਹਕਾਰ ਦੀ ਦੇਖ-ਰੇਖ ਹੇਠ ਇਹ ਮੁਕਾਬਲੇ ਕਰਵਾਏ ਗਏ।ਅਜਮੇਰ ਸਿੰਘ ਜ਼ੋਨਲ ਸਕੱਤਰ ਨੇ ਆਏ ਵਿਦਿਆਰਥੀ ਤੇ ਅਧਿਆਪਕ ਇੰਚਾਰਜਾਂ ਦਾ ਸਵਾਗਤ ਕੀਤਾ ਤੇ ਸਟੱਡੀ ਸਰਕਲ ਦੀਆਂ ਕਾਰਜਵਿਧੀਆਂ ਬਾਰੇ ਜਾਣਕਾਰੀ ਦਿੱਤੀ।ਇਨ੍ਹਾਂ ਮੁਕਾਬਲਿਆਂ ਵਿੱਚ ਰਾਮਪੁਰ ਛੰਨਾ (ਮਾਲੇਰਕੋਟਲਾ), ਚੀਮਾ ਸਾਹਿਬ, ਛਾਜਲੀ, ਬਹਾਦਰ ਪੁਰ, ਮਸਤੂਆਣਾ ਸਾਹਿਬ, ਕਪਿਆਲ, ਬਾਲੀਆਂ, ਮੰਗਵਾਲ ਸਮੇਤ ਸ਼ਹਿਰ ਦੇ ਵੱਖ ਵੱਖ ਸਕੂਲਾਂ ਦੇ 100 ਦੇ ਲਗਭਗ ਵਿਦਿਆਰਥੀਆਂ ਨੇ ਭਾਗ ਲਿਆ। ਪਾਇਮਰੀ, ਜੂਨੀਅਰ ਤੇ ਸੀਨੀਅਰ ਗਰੁੱਪ ਗਰੁੱਪਾਂ 'ਤੇ ਅਧਾਰਤ ਇਨ੍ਹਾਂ ਮੁਕਾਬਲਿਆਂ ਵਿੱਚ ਛੋਟੇ ਬੱਚਿਆਂ ਤੋਂ ਲੈ ਕੇ ਸੀਨੀਅਰ ਵਿਦਿਆਰਥੀਆਂ ਨੇ ਨਿੱਤਨੇਮ ਦੇ ਨਿਰਧਾਰਤ ਸਲੇਬਸ ਅਨੁਸਾਰ ਗੁਰਬਾਣੀ ਦਾ ਜ਼ੁਬਾਨੀ ਤੇ ਗੁਟਕੇ ਤੋਂ ਦੇਖ ਕੇ ਉਚਾਰਨ ਕਰਦਿਆਂ ਵਿਸਮਾਦਮਈ ਮਾਹੌਲ ਸਿਰਜ ਦਿੱਤਾ।ਭਾਈ ਅੰਮ੍ਰਿਤਪਾਲ ਸਿੰਘ ਪੱਖੋਕਲਾਂ, ਭਾਈ ਗੁਰਪ੍ਰੀਤ ਸਿੰਘ ਰਾਮਪੁਰਾ, ਭਾਈ ਗੁਰਧਿਆਨ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਗੁਰਲੀਨ ਕੌਰ, ਹਰਵਿੰਦਰ ਕੌਰ ਨੇ ਜੱਜ ਸਾਹਿਬਾਨ ਦੀ ਸੇਵਾ ਨਿਭਾਈ, ਜਦੋਂਕਿ ਅਮਨਦੀਪ ਕੌਰ, ਤਰਨਜੀਤ ਸਿੰਘ, ਗੁਰਪ੍ਰੀਤ ਸਿੰਘ ਰੋਬਿਨ, ਸੁਖਪਾਲ ਸਿੰਘ ਗਰੇਵਾਲ ਨੇ ਵਿਸ਼ੇਸ਼ ਸਹਿਯੋਗ ਦਿੱਤਾ।ਜੇਤੂਆਂ ਨੂੰ ਸ਼ਾਨਦਾਰ ਇਨਾਮਾਂ ਤੋਂ ਇਲਾਵਾ ਹਰ ਭਾਗ ਲੈਣ ਵਾਲੇ ਵਿਦਿਆਰਥੀ ਨੂੰ ਉਤਸ਼ਾਹਤ ਇਨਾਮ ਦਿੱਤੇ ਗਏ, ਜਿਸ ਵਿੱਚ ਅਮਰਜੀਤ ਸਿੰਘ ਟੀਟੂ ਡਾਇਰੈਕਟਰ ਕੋਆਪ੍ਰੇਟਿਵ ਬੈਂਕ, ਸਤਵਿੰਦਰ ਸਿੰਘ, ਹਰਭਜਨ ਸਿੰਘ ਭੱਟੀ, ਹਰਜੀਤ ਸਿੰਘ ਢੀਂਗਰਾ, ਪ੍ਰੀਤਮ ਸਿੰਘ ਨੇ ਵਿਸ਼ੇਸ਼ ਯੋਗਦਾਨ ਪਾਇਆ।ਵੱਖ ਵੱਖ ਗਰੁੱਪਾਂ ਅਨੁਸਾਰ ਜੇਤੂ ਵਿਦਿਆਰਥੀਆਂ ਨੂੰ ਸਟੱਡੀ ਸਰਕਲ ਦੇ ਨੁਮਾਇੰਦਿਆਂ, ਜਗਤਾਰ ਸਿੰਘ ਪ੍ਰਧਾਨ, ਗੁਰਪ੍ਰੀਤ ਸਿੰਘ ਰਾਮਪੁਰਾ ਕਾਰਜਕਾਰੀ ਪ੍ਰਧਾਨ ਗੁਰਮਤਿ ਪ੍ਰਚਾਰਕ ਗ੍ਰੰਥੀ ਰਾਗੀ ਸਭਾ, ਹਰਭਜਨ ਸਿੰਘ ਭੱਟੀ ਦੇ ਨਾਲ ਜੱਜ ਸਾਹਿਬਾਨ, ਇਸਤਰੀ ਸਤਿਸੰਗ ਸਭਾ ਦੀ ਪ੍ਰਧਾਨ ਬਲਵੰਤ ਕੌਰ, ਸੰਤੋਸ਼ ਕੌਰ, ਜਤਿੰਦਰ ਕੌਰ, ਇੰਦਰਪਾਲ ਕੌਰ, ਬਲਵਿੰਦਰ ਕੌਰ ਆਦਿ ਨੇ ਸੋਨ, ਚਾਂਦੀ ਤੇ ਕਾਂਸੀ ਦੇ ਤਮਗੇ ਤੇ ਸ਼ਾਨਦਾਰ ਇਨਾਮ ਦਿੱਤੇ।ਸਮੂਹ ਅਧਿਆਪਕ ਇੰਚਾਰਜਾਂ ਦਾ ਵੀ ਸਨਮਾਨ ਕੀਤਾ ਗਿਆ।

ਇਸ ਸਮਾਗਮ ਲਈ ਅਧਿਆਪਕ ਸਾਹਿਬਾਨ ਗੁਰਪ੍ਰੀਤ ਸਿੰਘ ਮਸਤੂਆਣਾ ਸਾਹਿਬ, ਕਮਲਜੀਤ ਕੌਰ, ਸਪਿੰਦਰ ਕੌਰ, ਲਖਵਿੰਦਰ ਸਿੰਘ, ਅਮਨਦੀਪ ਕੌਰ, ਜਸਵਿੰਦਰ ਕੌਰ, ਅਮਰਜੀਤ ਸਿੰਘ, ਜਸਵੰਤ ਸਿੰਘ, ਰਾਜਵਿੰਦਰ ਸਿੰਘ, ਕਰਮਜੀਤ ਕੌਰ ਦਾ ਵਿਸ਼ੇਸ਼ ਸਹਿਯੋਗ ਰਿਹਾ।

## ਮੁੱਦਕੀ ਦੇ ਪਬਲਿਕ ਪਾਰਕ ਤੋਂ ਨਜਾਇਜ਼ ਕਬਜ਼ਾ ਹਟਾਉਣ ਦੀ ਕਾਰਵਾਈ ਲਟਕੀ

**ਪ੍ਰਸ਼ਾਸਨ ਦੀ ਢਿੱਲੀ ਕਾਰਵਾਈ ਵਿਰੁੱਧ ਲੋਕਾਂ 'ਚ ਰੋਸ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਕਸਬਾ ਮੁੱਦਕੀ ਦੇ ਇਕਲੌਤੇ ਪਬਲਿਕ ਪਾਰਕ 'ਤੇ ਕੀਤੇ ਗਏ ਨਜਾਇਜ਼ ਕਬਜ਼ੇ ਨੂੰ ਹਟਾਉਣ ਦਾ ਮਾਮਲਾ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਤੇ ਪੁਲਸ ਸੁਰੱਖਿਆ ਦੀ ਘਾਟ ਕਾਰਨ ਲਟਕਦਾ ਜਾ ਰਿਹਾ ਹੈ। ਨਗਰ ਪੰਚਾਇਤ ਮੁੱਦਕੀ ਦੇ ਅਧਿਕਾਰੀਆਂ ਨੇ ਜ਼ਮੀਨੀ ਪੱਧਰ 'ਤੇ ਕਾਰਵਾਈ ਸ਼ੁਰੂ ਕਰਨ ਦੀਆਂ ਕਈ ਕੋਸ਼ਿਸ਼ਾਂ ਕੀਤੀਆਂ, ਪਰ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਦੀ ਨਾ-ਕਾਫ਼ੀ ਸਹਾਇਤਾ ਕਾਰਨ ਇਹ ਮੁਹਿੰਮ ਵਾਰ-ਵਾਰ ਅਧੂਰੀ ਰਹੀ। ਸਥਾਨਕ ਲੋਕਾਂ ਤੇ ਸਮਾਜਿਕ ਸੰਸਥਾਵਾਂ ਵਿੱਚ ਇਸ ਮੁੱਦੇ ਨੂੰ ਲੈ ਕੇ ਭਾਰੀ ਨਾਰਾਜ਼ਗੀ ਪਾਈ ਜਾ ਰਹੀ ਹੈ, ਕਿਉਂਕਿ ਪਾਰਕ ਸ਼ਹਿਰ ਦੇ ਲੋਕਾਂ ਲਈ ਮਨੋਰੰਜਨ ਤੇ ਸਮਾਜਿਕ ਇਕੱਠਾਂ ਦਾ ਮੁੱਖ ਸਥਾਨ ਹੈ। ਨਗਰ ਪੰਚਾਇਤ ਮੁੱਦਕੀ ਦੇ ਕਾਰਜ ਸਾਧਕ ਅਫ਼ਸਰ ਅਸ਼ੀਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਦਫ਼ਤਰ ਇਸ ਨਜਾਇਜ਼ ਕਬਜ਼ੇ ਨੂੰ ਹਟਾਉਣ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਿਹਾ ਹੈ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ 20 ਫਰਵਰੀ 2025 ਤੋਂ ਲੈ ਕੇ ਹੁਣ ਤੱਕ ਕਈ ਪੱਤਰ ਲਿਖੇ ਤੇ ਮੀਟਿੰਗਾਂ ਕੀਤੀਆਂ, ਪਰ ਹਰ ਵਾਰ ਪੁਲਸ ਫੋਰਸ ਦੀ ਉਪਲਬਧਤਾ ਨਾ ਹੋਣ ਕਾਰਨ ਕਾਰਵਾਈ ਅੱਗੇ ਨਹੀਂ ਵਧ ਸਕੀ। ਬੀਤੀ 4 ਜੁਲਾਈ ਨੂੰ ਵੀ ਕਬਜ਼ਾ ਹਟਾਉਣ ਲਈ ਦਿਨ ਮਿੱਥਿਆ ਗਿਆ ਸੀ, ਪਰ ਪੁਲਸ ਸੁਰੱਖਿਆ ਦੀ ਕਮੀ ਕਾਰਨ ਸਾਰੀ ਤਿਆਰੀ ਵਿਅਰਥ ਗਈ। ਇਸ ਤੋਂ ਪਹਿਲਾਂ 12 ਜੂਨ ਨੂੰ ਵੀ ਅਜਿਹੀ ਹੀ ਸਥਿਤੀ ਪੈਦਾ ਹੋਈ, ਜਦੋਂ ਸੁਰੱਖਿਆ ਦੀ ਘਾਟ ਕਾਰਨ ਕਾਰਵਾਈ ਮੁਲਤਵੀ ਕਰਨੀ ਪਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਨਗਰ ਪੰਚਾਇਤ ਨੇ ਥਾਣਾ ਘੱਲ ਖੁਰਦ ਵਿਖੇ 8 ਅਪ੍ਰੈਲ 2025 ਨੂੰ ਪੰਜ ਵਿਅਕਤੀਆਂ ਵਿਰੁੱਧ ਕੇਸ ਦਰਜ ਕਰਵਾਇਆ ਸੀ, ਪਰ ਇਸ ਦੇ ਬਾਵਜੂਦ, ਜ਼ਮੀਨੀ ਪੱਧਰ 'ਤੇ ਕੋਈ ਠੋਸ ਨਤੀਜਾ ਨਹੀਂ ਨਿਕਲਿਆ। ਅਸ਼ੀਸ਼ ਕੁਮਾਰ ਨੇ ਕਿਹਾ ਕਿ ਹੁਣ ਉਹ ਪੁਲਸ ਦੇ ਉੱਚ ਅਧਿਕਾਰੀਆਂ ਨਾਲ ਸੰਪਰਕ ਕਰਕੇ ਨਵੀਂ ਤਾਰੀਖ਼ ਤੈਅ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਤਾਂ ਜੋ ਕਬਜ਼ਾ ਹਟਾਉਣ ਦੀ ਪ੍ਰਕਿਰਿਆ ਨੂੰ ਅਮਲ ਵਿੱਚ ਲਿਆਂਦਾ ਜਾ ਸਕੇ। ਇਸ ਪਾਰਕ 'ਤੇ ਨਜਾਇਜ਼ ਕਬਜ਼ੇ ਦੀ ਕੋਸ਼ਿਸ਼ ਨੂੰ ਇੱਕ ਧਾਰਮਿਕ ਸਥਾਨ ਦੀ ਉਸਾਰੀ ਦੀ ਆੜ ਵਿੱਚ ਕੀਤਾ ਜਾ ਰਿਹਾ ਹੈ, ਜਿਸ ਦਾ ਸ਼ਹਿਰ ਦੀਆਂ ਸਮੂਹ ਰਾਜਨੀਤਕ, ਧਾਰਮਿਕ, ਸਮਾਜਿਕ ਤੇ ਸਵੈ-ਸੇਵੀ ਸੰਸਥਾਵਾਂ ਨੇ ਸਖ਼ਤ ਵਿਰੋਧ ਕੀਤਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਹ ਪਾਰਕ ਸ਼ਹਿਰ ਦੇ ਬੱਚਿਆਂ, ਬਜ਼ੁਰਗਾਂ ਤੇ ਪਰਵਾਰਾਂ ਲਈ ਇੱਕ ਮਹੱਤਵਪੂਰਨ ਸਥਾਨ ਹੈ, ਜਿੱਥੇ ਉਹ ਮਨੋਰੰਜਨ ਤੇ ਸਮਾਜਿਕ ਗਤੀਵਿਧੀਆਂ ਲਈ ਇਕੱਠੇ ਹੁੰਦੇ ਹਨ। ਨਜਾਇਜ਼ ਕਬਜ਼ੇ ਕਾਰਨ ਪਾਰਕ ਦੀ ਵਰਤੋਂ ਪ੍ਰਭਾਵਿਤ ਹੋ ਰਹੀ ਹੈ, ਜਿਸ ਨਾਲ ਸਥਾਨਕ ਨਿਵਾਸੀਆਂ ਵਿੱਚ ਰੋਸ ਪੈਦਾ ਹੋ ਰਿਹਾ ਹੈ।

ਸਮਾਜਿਕ ਸੰਸਥਾਵਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਸ ਮੁੱਦੇ ਨੂੰ ਤੁਰੰਤ ਹੱਲ ਕੀਤਾ ਜਾਵੇ ਤੇ ਪਾਰਕ ਨੂੰ ਪੂਰੀ ਤਰ੍ਹਾਂ ਮੁਕਤ ਕਰਵਾਇਆ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਸਮੇਂ ਸਿਰ ਕਾਰਵਾਈ ਨਾ ਕੀਤੀ, ਤਾਂ ਉਹ ਸੜਕਾਂ 'ਤੇ ਉੱਤਰ ਕੇ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ। ਇਸ ਮਾਮਲੇ 'ਤੇ ਸਥਾਨਕ ਰਾਜਨੀਤਕ ਨੇਤਾਵਾਂ ਨੇ ਵੀ ਪ੍ਰਸ਼ਾਸਨ ਦੀ ਨੀਂਦ ਖੋਹਣ ਦੀ ਗੱਲ ਕਹੀ ਹੈ। ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਦੀ ਇਸ ਢਿੱਲੀ ਕਾਰਗੁਜ਼ਾਰੀ ਨੇ ਸਥਾਨਕ ਲੋਕਾਂ ਦਾ ਭਰੋਸਾ ਤੋੜਿਆ ਹੈ। ਪਾਰਕ ਨੂੰ ਮੁਕਤ ਕਰਵਾਉਣ ਦੀ ਮੰਗ ਨੂੰ ਲੈ ਕੇ ਸ਼ਹਿਰ ਵਿੱਚ ਚਰਚਾ ਹੈ ਤੇ ਲੋਕ ਪ੍ਰਸ਼ਾਸਨ ਤੋਂ ਤੁਰੰਤ ਤੇ ਪ੍ਰਭਾਵੀ ਕਾਰਵਾਈ ਦੀ ਉਮੀਦ ਕਰ ਰਹੇ ਹਨ।

# ਬੀ ਕੇ ਯੂ ਏਕਤਾ ਮਝੈਲ ਪੰਜਾਬ ਦੇ ਆਗੂਆਂ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**-ਭਾਰਤੀ ਕਿਸਾਨ ਯੂਨੀਅਨ ਏਕਤਾ ਮਝੈਲ ਪੰਜਾਬ ਦੇ ਆਗੂਆਂ ਨੇ ਏਡੀਸੀ ਫਿਰੋਜ਼ਪੁਰ ਜਨਰਲ ਦੇ ਲੋਕਾਂ ਦੇ ਕੰਮ ਕਰਨ ਵਿੱਚ ਅਪਣਾਏ ਜਾ ਰਹੇ ਗਲਤ ਰਵੱਈਏ ਨੂੰ ਲੈ ਕੇ ਡੀ ਸੀ ਫਿਰੋਜ਼ਪੁਰ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਯੂਨੀਅਨ ਦੇ ਆਗੂ ਰਤਜੀਤ ਸਿੰਘ, ਗੁਰਮੁਖ ਸਿੰਘ, ਮਲਕੀਤ ਸਿੰਘ, ਗੁਰਭੇਜ ਸਿੰਘ, ਬਿਹੜ ਸਿੰਘ, ਕਰਨ ਕੁਮਾਰ, ਗੁਰਮੀਤ ਸਿੰਘ, ਬਗੀਚਾ ਸਿੰਘ, ਫਲਕ ਸਿੰਘ, ਸੁੱਖਾ ਸਿੰਘ, ਹਰਮਨ ਸਿੰਘ, ਨਿਸ਼ਾਨ ਸਿੰਘ, ਹਰਮੇਸ਼ ਸਿੰਘ, ਅਮਰਜੀਤ ਸਿੰਘ, ਗੁਰਮੀਤ ਸਿੰਘ ਤੇ ਗੁਰਮੇਜ ਸਿੰਘ ਨੇ ਮੰਗ ਪੱਤਰ ਵਿੱਚ ਦੱਸਿਆ ਕਿ ਏਡੀਸੀ ਜਨਰਲ ਫਿਰੋਜ਼ਪੁਰ ਆਮ ਲੋਕਾਂ ਦੇ ਕੰਮ ਨਹੀਂ ਕਰ ਰਹੇ, ਜਿਸ ਕਾਰਨ ਲੋਕਾਂ ਨੂੰ ਦਫ਼ਤਰ ਵਿੱਚ ਕੰਮ ਕਰਵਾਉਣ ਲਈ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਛੁੱਲੇਵਾਂ ਨੇ ਕਈ ਵਾਰ ਏਡੀਸੀ ਨੂੰ ਸਮੱਸਿਆਵਾਂ ਬਾਰੇ ਦੱਸਿਆ, ਪਰ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ ਗਿਆ। ਯੂਨੀਅਨ ਨੇ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਜਲਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸਮੱਸਿਆ ਦਾ ਹੱਲ ਨਾ ਹੋਇਆ ਤਾਂ 10 ਜੁਲਾਈ ਨੂੰ ਏਡੀਸੀ ਦਫ਼ਤਰ ਅੱਗੇ ਧਰਨਾ ਸ਼ੁਰੂ ਕੀਤਾ ਜਾਵੇਗਾ, ਜੋ ਕੰਮ ਪੂਰਾ ਹੋਣ ਤੱਕ ਜਾਰੀ ਰਹੇਗਾ।

## ਭਾਰਤ ਬੰਦ ਸੰਬੰਧੀ ਵੱਖ-ਵੱਖ ਜਥੇਬੰਦੀਆਂ ਦੀ ਸਾਂਝੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ ਜੁਲਾਈ (ਸ਼ਮਿੰਦਰਪਾਲ/ਪ੍ਰਜ)**-ਆਲ ਇੰਡੀਆ ਸਟੇਟ ਇੰਪਲਾਈਜ਼ ਫੈਡਰੇਸ਼ਨ ਤੇ ਹੋਰ ਬਹੁਤ ਸਾਰੀਆਂ ਹਮਖਿਆਲੀ ਫੈਡਰੇਸ਼ਨਾਂ ਦੇ ਸੱਦੇ 'ਤੇ 9 ਜੁਲਾਈ ਦੀ ਭਾਰਤ ਬੰਦ ਦੀ ਤਿਆਰੀ ਸੰਬੰਧੀ ਸੀਟੂ ਤੇ ਇਸ ਦੀਆਂ ਭਰਾਤਰੀ ਜਥੇਬੰਦੀਆਂ ਵੱਲੋਂ ਵਿਸ਼ੇਸ਼ ਮੀਟਿੰਗ ਗੁਰੂ ਗੋਬਿੰਦ ਸਿੰਘ ਪਾਰਕ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਈ।ਮੀਟਿੰਗ ਵਿੱਚ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕੀਤਾ ਗਿਆ ਤੇ ਨਿੰਦਾ ਕੀਤੀ ਗਈ।ਮੁਲਾਜ਼ਮਾਂ ਨੂੰ ਪੱਕੇ ਕਰਨ ਤੇ ਟ੍ਰੇਡ ਯੂਨੀਅਨਾਂ ਦੀਆਂ ਹੱਕੀ ਮੰਗਾਂ ਲਈ 9 ਜੁਲਾਈ ਨੂੰ ਭਾਰਤ ਬੰਦ ਕੀਤਾ ਜਾ ਰਿਹਾ ਹੈ।ਮੀਟਿੰਗ ਵਿੱਚ ਸੀਟੂ ਵੱਲੋਂ ਕਾਮਰੇਡ ਤਰਸੇਮ ਲਾਲ, ਕਾਮਰੇਡ ਰਾਜ ਕੁਮਾਰ, ਹਰਵਿੰਦਰ ਪਾਲ ਸਿੰਘ, ਸੁਖਦੇਵ ਰਾਮ, ਪੰਜਾਬ ਰੋਡਵੇਜ਼ ਪਨਬੱਸ ਪੀਆਰਟੀਸੀ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਵੱਲੋਂ ਸੂਬਾਈ ਆਗੂ ਗੁਰਪ੍ਰੀਤ ਸਿੰਘ, ਬਿਜਲੀ ਬੋਰਡ ਵੱਲੋਂ ਮੇਜਰ ਸਿੰਘ, ਗੌਰਮਿੰਟ ਟੀਚਰਜ਼ ਯੂਨੀਅਨ ਵਿਗਿਆਨਕ ਵੱਲੋਂ ਪ੍ਰੇਮ ਕੁਮਾਰ ਤੇ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਵਿਗਿਆਨਕ ਵੱਲੋਂ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਜੰਬਰ ਮੀਟਿੰਗ ਵਿੱਚ ਹਾਜ਼ਰ ਸਨ।ਸਭ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਸਵੇਰੇ 10 ਵਜੇ ਇਕੱਠੇ ਹੋਣ ਦਾ ਫ਼ੈਸਲਾ ਕੀਤਾ।

## ਪੰਜਾਬ ਸਰਕਾਰ ਸੂਬੇ ਦੇ ਚਹੁੰਪੱਖੀ ਵਿਕਾਸ ਲਈ ਵਚਨਬੱਧ : ਚੱਠਾ



**ਧੂਰੀ (ਮਹਿੰਦਰ ਗਰਗ, ਵਿਨੀ ਗਰਗ)**-ਆਮ ਆਦਮੀ ਪਾਰਟੀ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਚਹੁੰਪੱਖੀ ਵਿਕਾਸ ਅਤੇ ਲੋਕਾਂ ਨੂੰ ਕੀਤੇ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ ਤੇ ਸੂਬੇ ਨੂੰ ਰੰਗਲਾ ਅਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਦਿਨ-ਰਾਤ ਕਾਰਜ ਕਰ ਰਹੀ ਹੈ, ਜਿਸ ਤੋਂ ਲੋਕ ਬਹੁਤ ਖ਼ੁਸ਼ ਹਨ।ਇਸ ਦਾ ਸਬੂਤ ਹਾਲ ਹੀ ਵਿੱਚ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਹੋਈ ਸ਼ਾਨਦਾਰ ਜਿੱਤ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰ ਰਹੀ ਹੈ ਅਤੇ ਪੰਜਾਬ ਨੂੰ ਤਰੱਕੀ ਦੇ ਰਾਹ 'ਤੇ ਲਿਜਾਣ ਅਤੇ ਖ਼ੁਸ਼ਹਾਲ ਬਣਾਉਣ ਲਈ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਚੰਗੀ ਸਿੱਖਿਆ ਤੇ ਚੰਗੀ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਪੰਜਾਬ ਵਿੱਚ ਚੰਗੀ ਸਿੱਖਿਆ ਪ੍ਰਣਾਲੀ ਸਦਕਾ ਐੱਨ.ਸੀ.ਈ.ਆਰ.ਟੀ. ਵੱਲੋਂ ਨੈਸ਼ਨਲ ਅਚੀਵਮੈਂਟ ਸਰਵੇ (ਐਨ.ਏ.ਐਸ.) 2024 ਵਿੱਚ ਪੰਜਾਬ ਨੇ ਦੇਸ਼ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ, ਜੋ ਬਹੁਤ ਹੀ ਮਾਣ ਵਾਲੀ ਗੱਲ ਹੈ।ਪੰਜਾਬ ਸਰਕਾਰ ਸੂਬੇ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਕਰਵਾ ਰਹੀ ਹੈ, ਜਿਸ ਲਈ ਪੂਰੀ ਤਨਦੇਹੀ ਨਾਲ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ 3 ਸਾਲਾਂ ਦੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ, ਰੁਜ਼ਗਾਰ ਸਮੇਤ ਹਰ ਖੇਤਰ ਵਿੱਚ ਸ਼ਾਨਦਾਰ ਕੰਮ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਰਕਾਰ ਵੱਲੋਂ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਦਮ ਚੁੱਕੇ ਜਾ ਰਹੇ ਹਨ ਤੇ ਲੋਕਾਂ ਵੱਲੋਂ ਵੀ ਇਸ ਵਿੱਚ ਪੂਰਾ ਸਾਥ ਦਿੱਤਾ ਜਾ ਰਿਹਾ ਹੈ।

## ਗੱਤਕਾ ਸ਼ੋਅ 'ਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਦਾ ਠਸਕਾ ਪਹੁੰਚਣ 'ਤੇ ਭਰਵਾਂ ਸਵਾਗਤ



**ਮੁਦਕੀ (ਰਾਜਪਾਲ ਸਿੰਗਲਾ)**-ਪੁਰੀ ਵਿਖੇ ਪ੍ਰਿੰਸ ਵੀਲਾ ਮੈਰਿਜ ਪੈਲਸ ਵਿੱਚ ਕੇ ਕੇ ਐੱਚ ਡੀ ਟੀ ਵੀ ਸ਼ੋਅ ਦਾ 13ਵਾਂ ਆਖਰੀ ਦਿਨ ਦਾ ਫਾਈਨਲ ਰਾਊਂਡ ਹੋਇਆ, ਜਿਸ ਵਿੱਚ ਵੱਖ ਵੱਖ ਸੂਬਿਆਂ 'ਚੋਂ ਗੱਤਕਾ ਟੀਮਾਂ ਲਗਭਗ 10 ਟੀਮਾਂ ਨੇ ਭਾਗ ਲਿਆ, ਜਿਨਾਂ ਵਿੱਚੋਂ (ਅਕਾਲ ਗਤਕਾ ਗਰੁੱਪ ਮਸਤੂਆਣਾ ਸਾਹਿਬ) ਦੂਜੇ ਗਰੁੱਪ, ਠਸਕਾ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ।ਇਨ੍ਹਾਂ 'ਚੋਂ ਭੁੱਲਰ ਦੇ ਤਿੰਨ ਬੱਚਿਆਂ ਹਿੰਮਤ ਸਿੰਘ, ਮੇਹਕਮ ਸਿੰਘ ਤੇ ਅਨਮਪ੍ਰੀਤ ਸਿੰਘ ਦੇ ਨਾਲ ਪਿੰਡ ਸਹਿਲ ਖੁਰਦ ਦੇ ਗੁਰਵਿੰਦਰ, ਢੀਂਡਸਾ ਦੇ ਦਲਜੀਤ ਸਿੰਘ ਨੇ ਵੀ ਭਾਗ ਲਿਆ, ਜਿਨ੍ਹਾਂ ਨੂੰ ਸਨਮਾਨਤ ਕਰਨ ਲਈ ਇੱਕ ਸਾਦਾ ਸਮਾਗਮ ਨਜ਼ਦੀਕੀ ਪਿੰਡ ਠਸਕਾ ਦੇ ਗੁਰਦੁਆਰਾ ਸਾਹਿਬ ਵਿੱਚ ਰੱਖਿਆ ਗਿਆ।ਇਸ ਮੌਕੇ ਬਹਾਦਰ ਸਿੰਘ ਭਸੌੜ ਮੁੱਖ ਸੇਵਾਦਾਰ ਨੇ ਕਿਹਾ ਕਿ ਇਨ੍ਹਾਂ ਬੱਚਿਆਂ ਨੇ ਆਪਣੇ ਪਿੰਡ ਦਾ ਨਾਂਅ ਰੌਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਦੀ ਤਿਆਰੀ ਕਰਵਾਉਣ ਵਾਲੇ ਤੇ ਸਹਿਯੋਗ ਕਰਨ ਵਾਲੇ ਵੀ ਪ੍ਰਸ਼ੰਸਾ ਦੇ ਪਾਤਰ ਹਨ।ਉਨ੍ਹਾਂ ਬੱਚਿਆਂ ਨੂੰ ਗੁਰੂ ਘਰ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਬਾਬਾ ਚਮਕੌਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ ਠਸਕਾ ਨੇ ਆਏ ਮਹਿਮਾਨਾਂ ਨੂੰ ਸਨਮਾਨਤ ਕਰਦਿਆਂ ਪਿੰਡ ਭੁੱਲਰ ਤੇ ਠਸਕਾ ਦਾ ਸੰਗਤਾਂ ਦੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ।

## ਅਨੁਸੂਚਿਤ ਜਾਤੀ ਭਾਈਚਾਰੇ ਨੂੰ ਕਰਜ਼ਾ ਮੁਆਫ਼ੀ ਸਰਟੀਫਿਕੇਟ ਵੰਡੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਭਾਈਚਾਰੇ ਦੇ ਲੋਕਾਂ ਦੀ ਚਿਰਾਂ ਤੋਂ ਲਟਕਦੀ ਆ ਰਹੀ ਕਰਜ਼ ਮਾਫ਼ੀ ਦੀ ਮੰਗ ਨੂੰ ਪੂਰਾ ਕਰਦਿਆਂ ਪਿਛਲੇ ਦਿਨੀਂ ਕੀਤੇ ਗਏ ਕਰਜ਼ ਮਾਫ਼ੀ ਦੇ ਐਲਾਨ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ ਹੇਠ ਬਲਾਕ ਪਾਤੜਾਂ ਨਾਲ ਸੰਬੰਧਤ ਅਨੁਸੂਚਿਤ ਜਾਤੀ ਭਾਈਚਾਰੇ ਦੇ 90 ਲਾਭਪਾਤਰੀਆਂ ਨੂੰ 77.54 ਲੱਖ ਰੁਪਏ ਦੇ ਕਰਜ਼ਾ ਮੁਆਫ਼ੀ ਸਰਟੀਫਿਕੇਟ ਸੌਂਪੇ ਗਏ।ਹਲਕਾ ਸ਼ੁਤਰਾਣਾ ਦੇ ਕੁਲਵੰਤ ਸਿੰਘ ਬਾਜ਼ੀਗਰ ਦੇ ਪੁੱਤਰ ਗੁਰਮੀਤ ਸਿੰਘ ਵਿੱਕੀ ਤੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾਸ ਨੇ ਸਰਟੀਫਿਕੇਟ ਤਕਸੀਮ ਕਰਦਿਆਂ ਕਿਹਾ ਕਿ ਸਰਕਾਰ ਦੇ ਇਸ ਫ਼ੈਸਲੇ ਨੇ ਜਿੱਥੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਮਾਨਸਿਕ ਬੋਝ ਨੂੰ ਘਟਾ ਦਿੱਤਾ ਹੈ, ਉੱਥੇ ਹੀ ਇਸ ਨਾਲ ਉਨ੍ਹਾਂ ਨੂੰ ਕਾਰੋਬਾਰ, ਰੁਜ਼ਗਾਰ ਤੇ ਸਵੈ-ਨਿਰਭਰਤਾ ਲਈ ਇੱਕ ਨਵੀਂ ਦਿਸ਼ਾ ਵੀ ਮਿਲੀ ਹੈ।ਇਸ ਦੌਰਾਨ ਉਨ੍ਹਾਂ ਨੇ ਦੱਸਿਆ ਕਿ ਸਰਕਾਰ ਨੇ 31 ਮਾਰਚ 2020 ਤੱਕ ਦੇ ਸਾਰੇ ਕਰਜ਼ੇ ਦੇ ਕੇਸਾਂ ਨੂੰ ਕਰਜ਼ਾ ਮੁਆਫ਼ੀ ਯੋਜਨਾ ਵਿੱਚ ਸ਼ਾਮਲ ਕਰ ਲਿਆ ਹੈ।ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਰਾਹਤ ਨਾਲ ਉਹ ਹੁਣ ਆਪਣੇ ਬੱਚਿਆਂ ਦੀ ਸਿੱਖਿਆ ਤੇ ਪਰਿਵਾਰ ਦੀਆਂ ਮੁਢਲੀਆਂ ਜ਼ਰੂਰਤਾਂ ਨੂੰ ਬਿਹਤਰ ਢੰਗ ਨਾਲ ਪੂਰਾ ਕਰ ਸਕਣਗੇ।ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਐੱਸ ਸੀ ਭਾਈਚਾਰਾ ਮੰਗ ਕਰ ਰਿਹਾ ਸੀ ਕਿ ਉਨ੍ਹਾਂ ਨੂੰ ਉਨ੍ਹਾਂ ਦੇ ਕਰਜ਼ਿਆਂ ਤੋਂ ਮੁਕਤੀ ਦਿਵਾਈ ਜਾਵੇ, ਜੋ ਬਿਮਾਰੀ ਤੇ ਵਿੱਤੀ ਸੰਕਟ ਕਾਰਨ ਵਾਪਸ ਨਹੀਂ ਕੀਤੇ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਆਪ ਆਗੂ ਕੁਲਦੀਪ ਸਿੰਘ ਥਿੰਦ, ਮਦਨ ਲਾਲ ਸ਼ਹਿਰੀ ਪ੍ਰਧਾਨ ਤੇ ਈਸ਼ਵਰ ਰਾਣਾ ਆਦਿ ਹਾਜ਼ਰ ਸਨ।

## ਮਦਨ ਲਾਲ ਜਲਾਲਪੁਰ ਵੱਲੋਂ ਓ ਬੀ ਸੀ ਦੀਆਂ ਨਵੀਆਂ ਨਿਯੁਕਤੀਆਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਰਾਜ ਬਖਸ਼ ਕੰਬੋਜ ਚੇਅਰਮੈਨ ਓਬੀਸੀ ਡਿਪਾਰਟਮੈਂਟ ਦੀ ਰਹਿਨੁਮਾਈ ਹੇਠ ਪੰਜਾਬ ਓਬੀਸੀ ਡਿਪਾਰਟਮੈਂਟ ਦੇ ਸ੍ਰੀ ਗੋਪੀ ਪਟਿਆਲਾ ਨੂੰ ਪੰਜਾਬ ਓਬੀਸੀ ਦਾ ਸਕੱਤਰ ਤੇ ਜਸਵਿੰਦਰ ਜਰਗੀਆ ਨੂੰ ਕੁਆਰਡੀਨੇਟਰ ਨਿਯੁਕਤ ਕੀਤਾ ਗਿਆ।ਇਨ੍ਹਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ਮਦਨ ਲਾਲ ਜਲਾਲਪੁਰ ਸਾਬਕਾ ਐਮ.ਐਲ.ਏ. ਘਨੌਰ, ਨਰਿੰਦਰ ਪਾਲ ਲਾਲੀ ਸਾਬਕਾ ਪ੍ਰਧਾਨ ਪਟਿਆਲਾ ਸ਼ਹਿਰੀ, ਨੌਸ਼ਾਨ ਕੋਆਰਡੀਨੇਟਰ ਓਬੀਸੀ, ਸੰਤੋਖ ਸਿੰਘ ਸਾਬਕਾ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ, ਸ੍ਰੀਮਤੀ ਰੇਖਾ ਗੁਪਤਾ ਪ੍ਰਧਾਨ ਮਹਿਲਾ ਕਾਂਗਰਸ ਪਟਿਆਲਾ, ਰਾਜ ਕੁਮਾਰ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ ਡਕਾਲਾ, ਐਮ.ਸੀ. ਪਟਿਆਲਾ ਸ਼ਹਿਰੀ ਤੇ ਕਈ ਕਾਂਗਰਸ ਵਰਕਰ ਹਾਜ਼ਰ ਸਨ।

# ਲੋਕ ਸਾਹਿਤ ਸੰਗਮ ਵੱਲੋਂ ਗੀਤਕਾਰ ਧਰਮ ਕੰਮੇਆਣਾ ਨਾਲ ਰੂਬਰੂ

## ਮੇਰੇ ਗੀਤ ਯਥਾਰਥ ਤੇ ਧਰਾਤਲ ਨਾਲ ਜੁੜੇ ਹੋਏ ਹਨ : ਧਰਮ ਕੰਮੇਆਣਾ




**ਰਾਜਪੁਰਾ (ਰਮੇਸ਼ ਕਟਾਰੀਆ)**-ਲੋਕ ਸਾਹਿਤ ਸੰਗਮ ਦੀ ਸਾਹਿਤਕ ਬੈਠਕ ਰੋਟਰੀ ਭਵਨ ਵਿੱਚ ਪ੍ਰਧਾਨ ਡਾ. ਗੁਰਵਿੰਦਰ ਅਮਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬੀ ਦੇ ਉੱਘੇ ਨਾਮਵਰ ਗੀਤਕਾਰ ਤੇ ਸਾਹਿਤਕਾਰ ਧਰਮ ਕੰਮੇਆਣਾ ਨਾਲ ਰੂਬਰੂ ਕਰਵਾਇਆ ਗਿਆ। ਸਾਹਿਤਕ ਪ੍ਰੋਗਰਾਮ ਦਾ ਆਗਾਜ਼ ਲੋਕ ਕਵੀ ਕਰਮ ਸਿੰਘ ਹਕੀਰ ਦੇ ਗੀਤ 'ਜਦ ਢੇਰੀ ਤੋਂ ਤਰਨ ਜਾਵਾਂਗੇ' ਕੈਨੇਡਾ ਦੇ ਵੱਡੇ ਮਜ਼ਦੂਰਾਂ ਵਾਂਗੇ ਸੁਣਾ ਕੇ ਕੀਤਾ।ਇਸ ਉਪਰੰਤ ਅਵਤਾਰ ਪੁਆਰ, ਰਣਜੀਤ ਸਿੰਘ ਫਤਿਹਗੜ੍ਹ ਸਾਹਿਬ, ਹਰਜਿੰਦਰ ਸਿੰਘ ਪਾਲ, ਸੁਰਿੰਦਰ ਕੌਰ ਬਾੜਾ, ਕੁਲਵੰਤ ਜੱਸਲ, ਸੁਨੀਤਾ, ਦੇਸ ਰਾਜ, ਗੀਤਕਾਰ ਮੰਗਤ ਜੰਗਪੁਰੇ ਵਾਲਾ ਤੇ ਮਨਜੀਤ ਸਿੰਘ ਨਾਗਰਾ, ਦਲਜੀਤ ਸਿੰਘ ਸੈਦਖੇੜੀ, ਡੀ ਐੱਸ ਪੀ ਰਘਬੀਰ ਸਿੰਘ, ਯਾਦਵਿੰਦਰ ਕਲੋਲੀ, ਦਲਜੀਤ ਸਿੰਘ ਸ਼ਾਂਤ, ਗੁਰਪ੍ਰੀਤ ਸਿੰਘ ਢਿੱਲੋਂ, ਗੁਰਵਿੰਦਰ ਪਾਲ ਦੀਪ, ਬਲਵਿੰਦਰ ਢਿੱਲੋਂ ਮੋਹਾਲੀ, ਨਵਦੀਪ ਮੁੰਡੀ, ਗੁਰਚਰਨ ਭੱਟੀ, ਅਸ਼ੋਕ ਝਾਅ, ਰਾਜ ਸਿੰਘ ਬਧੌਛੀ ਤੇ ਅਵਤਾਰ ਜੀਤ ਅਟਵਾਲ ਨੇ ਆਪੋ ਆਪਣੀਆਂ ਰਚਨਾਵਾਂ ਸੁਣਾਈਆਂ।ਧਰਮ ਕੰਮੇਆਣਾ ਨੇ ਆਪਣੀ ਜ਼ਿੰਦਗੀ ਦੇ ਅਹਿਮ ਕਿੱਸੇ ਸਾਂਝੇ ਕੀਤੇ ਤੇ ਉਨ੍ਹਾਂ ਆਪਣੇ ਗੀਤਕਾਰੀ ਜੀਵਨ ਦਾ ਸਫ਼ਰ ਤੇ ਆਪਣੇ ਸਾਹਿਤਕ ਤਜਰਬੇ ਸਭ ਨਾਲ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਮੇਰੇ ਗੀਤ ਯਥਾਰਥ ਤੇ ਧਰਾਤਲ ਨਾਲ ਜੁੜੇ ਹੋਣ ਕਾਰਨ ਚਰਚਿਤ ਹੋਏ ਤੇ ਆਮ ਲੋਕਾਂ ਨੇ ਸਵੀਕਾਰ ਕੀਤੇ।

ਸੰਗਮ ਦੇ ਪ੍ਰਧਾਨ ਡਾ. ਗੁਰਵਿੰਦਰ ਅਮਨ ਨੇ ਜਿੱਥੇ ਸਾਹਿਤਕ ਰਚਨਾਵਾਂ ਦਾ ਮੁਲਾਂਕਣ ਕੀਤਾ, ਉੱਥੇ ਧਰਮ ਕੰਮੇਆਣਾ ਨਾਲ ਆਪਣੇ ਅਨੁਭਵਾਂ ਦਾ ਵੀ ਜ਼ਿਕਰ ਕੀਤਾ।ਬਲਦੇਵ ਸਿੰਘ ਖੁਰਾਣਾ ਨੇ ਆਪਣੇ ਟੋਟਕਿਆਂ ਨਾਲ ਸਟੇਜ ਦੀ ਕਾਰਵਾਈ ਚਲਾਈ ਤੇ ਆਪਣੀ ਰਚਨਾ ਵੀ ਸਾਂਝੀ ਕੀਤੀ।

# 2027 'ਚ ਪੰਜਾਬੀ ਕੇਜਰੀਵਾਲ ਤੋਂ ਖਹਿੜਾ ਛੁਡਾ ਲੈਣਗੇ : ਸਾਹੋਕੇ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਪੰਜਾਬ ਦਾ ਹਰ ਫ਼ੈਸਲਾ ਅਰਵਿੰਦ ਕੇਜਰੀਵਾਲ ਲੈ ਰਹੇ ਹਨ।ਉਨ੍ਹਾਂ ਨੂੰ ਸਰਕਾਰੀ ਹੈਲੀਕਾਪਟਰ ਤੇ ਪੰਜਾਬ ਦੇ ਗੇੜੇ ਲਗਾਕੇ ਚੰਗਾ ਮਹਿਸੂਸ ਕਰਾਇਆ ਜਾ ਰਿਹਾ ਹੈ। ਦਿੱਲੀ ਦੀ ਹਾਰ ਤੋਂ ਬਾਅਦ ਉਹ ਡਿਪਰੈਸ਼ਨ ਵਿੱਚ ਹਨ।ਉਨ੍ਹਾਂ ਨੂੰ ਜਦੋਂ 'ਚੋਂ ਕੱਢਣ ਲਈ ਪੰਜਾਬ ਸਬੰਧੀ ਹਰ ਫ਼ੈਸਲਾ ਤੇ ਮੀਟਿੰਗ ਕੇਜਰੀਵਾਲ ਦੀ ਦੇਖ-ਰੇਖ ਹੇਠ ਹੋ ਰਹੀ ਹੈ। ਇਹ ਪ੍ਰਗਟਾਵਾ ਹਲਕਾ ਇੰਚਾਰਜ ਭੁਪਿੰਦਰ ਸਿੰਘ ਸਾਹੋਕੇ ਨਿਹਾਲ ਸਿੰਘ ਵਾਲਾ ਸ਼ੈਲਰ ਇੰਪਲਾਇਜ਼ ਐਸੋਸੀਏਸ਼ਨ ਨੇ ਸਾਂਝੇ ਕੀਤੇ। ਉਨ੍ਹਾਂ ਨੂੰ ਮੁੱਖ ਮੰਤਰੀ ਦਾ ਪੂਰਾ ਅਹਿਸਾਸ ਕਰਾਉਣ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਵੀ ਸ਼ਾਮਲ ਹਨ। ਭੁਪਿੰਦਰ ਸਿੰਘ ਸਾਹੋਕੇ ਹਲਕਾ ਇੰਚਾਰਜ ਤੇ ਸ਼ੈਲਰ ਇੰਪਲਾਇਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੀ ਜਨਤਾ ਵੀ ਹੁਣ ਦਿੱਲੀ ਦੀ ਸੂਝਵਾਨ ਜਨਤਾ ਵਾਂਗ ਇਨ੍ਹਾਂ ਦੇ ਇਰਾਦੇ ਸਮਝ ਚੁੱਕੀ ਹੈ। ਸਾਹੋਕੇ ਨੇ ਕਿਹਾ ਕਿ ਪੰਜਾਬ ਦੀ ਹੋਰ ਲੁੱਟ ਨਹੀਂ ਹੋਣ ਦੇਵਾਂਗੇ।ਜੇ ਕੇਜਰੀਵਾਲ ਨੇ ਪੰਜਾਬ ਨਾ ਛੱਡਿਆ ਤਾਂ 2027 'ਚ ਲੋਕ ਇਨ੍ਹਾਂ ਤੋਂ ਪੰਜਾਬ ਨੂੰ ਪੂਰੀ ਤਰ੍ਹਾਂ ਅਜ਼ਾਦ ਕਰਾ ਲੈਣਗੇ।

# ਤਰਕਸ਼ੀਲ ਸੁਸਾਇਟੀ ਵੱਲੋਂ ਸੱਤਵੀਂ ਵਿਦਿਆਰਥੀ ਚੇਤਨਾ ਪ੍ਰੀਖਿਆ 29 ਤੇ 31 ਅਗਸਤ ਨੂੰ



**ਬਰਨਾਲਾ (ਰਜਿੰਦਰ ਬਰਾੜ)** ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਮੁੱਖ ਦਫ਼ਤਰ ਤਰਕਸ਼ੀਲ ਭਵਨ ਵਿਖੇ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਗ਼ਦਰ ਲਹਿਰ ਦੀ ਨਾਇਕਾ ਬੀਬੀ ਗੁਲਾਬ ਕੌਰ ਨੂੰ ਸਮਰਪਤ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਾਉਣ ਤੇ ਜਥੇਬੰਦਕ ਵਿਚਾਰਧਾਰਕ ਪ੍ਰਪੱਕਤਾ ਦੀਆਂ ਸਿਖਲਾਈ ਵਰਕਸ਼ਾਪਾਂ ਲਾਉਣ ਦੇ ਇਲਾਵਾ ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਪਾਸ ਕਰਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਸਬੰਧੀ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਰਾਮ ਰਾਜ ਸਟੇਨੀ, ਰਾਜੇਸ਼ ਅਕਲੀਆ, ਰਾਜਪਾਲ ਬਠਿੰਡਾ, ਗੁਰਪ੍ਰੀਤ ਸ਼ਹਿਣਾ ਤੇ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ 29 ਤੇ 31 ਅਗਸਤ ਨੂੰ ਪੰਜਾਬ ਪੱਧਰ 'ਤੇ ਹੋਣ ਵਾਲੀ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਪੰਜਾਬ ਦੀਆਂ ਸਮੂਹ ਤਰਕਸ਼ੀਲ ਇਕਾਈਆਂ ਵੱਲੋਂ ਸਕੂਲਾਂ ਵਿੱਚ ਮਿਡਲ ਤੇ ਸੈਕੰਡਰੀ ਗਰੁੱਪਾਂ ਦੇ ਵਿਦਿਆਰਥੀਆਂ ਨੂੰ ਸਿਲੇਬਸ ਦੀਆਂ ਕਿਤਾਬਾਂ ਪੁਚਾਈਆਂ ਜਾ ਰਹੀਆਂ ਹਨ ਤੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਦਾ ਕੰਮ 31 ਜੁਲਾਈ ਤੱਕ ਮੁਕੰਮਲ ਕਰ ਲਿਆ ਜਾਵੇਗਾ।

ਸੂਬਾ ਕਮੇਟੀ ਆਗੂਆਂ ਰਾਮ ਸਵਰਨ ਲੱਖੇਵਾਲੀ, ਸੁਖਵਿੰਦਰ ਬਾਗਪੁਰ, ਜਸਵਿੰਦਰ ਫਗਵਾੜਾ, ਜਸਵੰਤ ਮੁਹਾਲੀ, ਸੁਰਜੀਤ ਟਿੱਬਾ, ਜੁਝਾਰ ਲੌਂਗੋਵਾਲ, ਮੋਹਨ ਬਡਲਾ ਤੇ ਕੁਲਜੀਤ ਡੰਗਰਖੇੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਜ਼ੋਨ ਪੱਧਰ 'ਤੇ ਵਿਚਾਰਧਾਰਕ ਪ੍ਰਪੱਕਤਾ ਦੀਆਂ ਸਿਖਲਾਈ ਵਰਕਸ਼ਾਪਾਂ ਲਾਉਣ ਤੇ ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਬਣਾਉਣ ਲਈ ਜਨਤਕ ਲਾਮਬੰਦੀ ਕਰਕੇ ਜਥੇਬੰਦਕ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਫ਼ੈਸਲਾ ਕੀਤਾ ਗਿਆ ਜਿਸ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਅੰਧ ਵਿਸ਼ਵਾਸ ਰੋਕੂ ਕਾਨੂੰਨ ਦਾ ਖਰੜਾ ਤੇ ਮੰਗ ਪੱਤਰ ਦਿੱਤਾ ਜਾਵੇਗਾ।ਮੀਟਿੰਗ 'ਚ ਭਾਜਪਾ-ਸੰਘ ਵੱਲੋਂ ਸੰਵਿਧਾਨ 'ਚੋਂ ਧਰਮ ਨਿਰਪੱਖਤਾ ਤੇ ਸਮਾਜਵਾਦ ਸ਼ਬਦ ਕੱਢਣ ਦੀ ਵਕਾਲਤ ਦਾ ਡਟਵਾਂ ਵਿਰੋਧ ਕੀਤਾ ਗਿਆ ਤੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਭਾਰਤ ਮਾਲਾ ਪ੍ਰੋਜੈਕਟ ਅਤੇ ਲੈਂਡ ਪੂਲਿੰਗ ਸਕੀਮ ਹੇਠ ਕਿਸਾਨਾਂ ਦੀਆਂ ਜ਼ਮੀਨਾਂ ਜਬਰੀ ਖੋਹਣ ਅਤੇ ਵਿਰੋਧ ਕਰਨ ਵਾਲੇ ਕਿਸਾਨਾਂ ਉਤੇ ਪੁਲਸ ਜਬਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਵੀ ਕੀਤੀ ਗਈ।ਟ੍ਰੇਡ ਯੂਨੀਅਨਾਂ ਵੱਲੋਂ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ਵਿਆਪੀ ਹੜਤਾਲ ਦੀ ਹਮਾਇਤ ਕਰਨ ਦਾ ਫ਼ੈਸਲਾ ਵੀ ਕੀਤਾ ਗਿਆ।

# ਦੇਸ਼ਵਿਆਪੀ ਹੜਤਾਲ ਸਫ਼ਲ ਬਣਾਉਣ ਲਈ ਪਿੰਡਾਂ 'ਚ ਤਿਆਰੀਆਂ ਮੁਕੰਮਲ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਨੌਂ ਜੁਲਾਈ ਦੀ ਦੇਸ਼ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਵੱਖ-ਵੱਖ ਮਜ਼ਦੂਰ ਜਥੇਬੰਦੀਆਂ ਵੱਲੋਂ ਪਿੰਡ ਕਰਮਗੜ੍ਹ, ਠੁੱਲੇਵਾਲ, ਵਜੀਦਕੇ ਕਲਾਂ, ਵਜੀਦਕੇ ਖੁਰਦ, ਸਹਿਜੜਾ, ਮਹਿਲ ਕਲਾਂ ਆਦਿ ਦਰਜਨਾਂ ਵਿਖੇ ਮਨਰੇਗਾ ਮਜ਼ਦੂਰਾਂ ਦੀਆਂ ਮੀਟਿੰਗਾਂ ਕਰਾ ਕੇ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਲਾਮਬੰਦ ਕੀਤਾ ਗਿਆ।ਸੀਟੂ ਦੇ ਸੂਬਾਈ ਆਗੂ ਸ਼ੇਰ ਸਿੰਘ ਫਰਵਾਹੀ, ਏਟਕ ਆਗੂ ਖੁਸ਼ੀਆ ਸਿੰਘ, ਇਫਟੂ ਦੇ ਗੁਰਪ੍ਰੀਤ ਸਿੰਘ ਰੂੜੇਕੇ, ਸੀ ਟੀ ਯੂ ਆਗੂ ਭੋਲਾ ਸਿੰਘ ਕਲਾਲ ਮਾਜਰਾ ਨੇ ਦੱਸਿਆ ਕਿ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਪਿੰਡਾਂ ਵਿੱਚ ਮਜ਼ਦੂਰਾਂ ਦੀਆਂ ਮੀਟਿੰਗਾਂ ਕਰਾਉਣ ਦੀ ਮੁਹਿੰਮ ਨੂੰ ਮੁਕੰਮਲ ਕਰ ਲਿਆ ਹੈ।ਮਜ਼ਦੂਰ ਆਗੂਆਂ ਨੇ ਕੇਂਦਰ ਤੇ ਰਾਜ ਸਰਕਾਰ ਦੀਆਂ ਮਜ਼ਦੂਰ ਮਾਰੂ ਨੀਤੀਆਂ ਦੀ ਨਿੰਦਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨ ਦੇ ਮਜ਼ਦੂਰ ਵਿਰੋਧੀ ਕੋਡ ਬਣਾਏ ਜਾ ਰਹੇ ਹਨ ਜਿਨ੍ਹਾਂ ਨੂੰ ਰੱਦ ਕਰਾਉਣ, ਠੇਕੇਦਾਰੀ ਸਿਸਟਮ ਬੰਦ ਕਰਾਉਣ, ਪਬਲਿਕ ਅਦਾਰਿਆਂ ਨੂੰ ਪ੍ਰਾਈਵੇਟ ਹੱਥਾਂ ਵਿੱਚ ਦੇ ਕੇ ਪਹਿਲਾਂ ਮਿਲਦੀਆਂ ਸਹੂਲਤਾਂ ਜਿਵੇਂ ਬਿਜਲੀ, ਪਾਣੀ, ਵਿੱਦਿਆ, ਸਿਹਤ ਸਹੂਲਤ ਖੋਹਣ ਵਿਰੁੱਧ, ਮਨਰੇਗਾ ਕਾਮਿਆਂ ਨੂੰ 60 ਸਾਲ ਉਮਰ ਪੂਰੀ ਹੋਣ ਉਪਰੰਤ 10 ਹਜ਼ਾਰ ਰੁਪਏ ਪੈਨਸ਼ਨ, ਸੌ ਦਿਨ ਦੀ ਥਾਂ ਸਾਰਾ ਸਾਲ ਰੁਜ਼ਗਾਰ, ਮਨਰੇਗਾ ਕਾਮਿਆਂ ਨੂੰ 700 ਰੁਪਏ ਦਿਹਾੜੀ, ਹਰ ਪੰਦਰਾਂ ਦਿਨ ਬਾਅਦ ਪੇਮੈਂਟ ਦੇਣ ਦੀ ਗਰੰਟੀ, ਮਨਰੇਗਾ ਪ੍ਰੋਜੈਕਟਾਂ ਵਿੱਚ ਵਾਧਾ ਕਰਾਉਣ ਆਦਿ ਭਖਦੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।ਮਜ਼ਦੂਰ ਆਗੂਆਂ ਨੇ ਸਮੂਹ ਮਨਰੇਗਾ ਕਾਮਿਆਂ ਨੂੰ 9 ਜੁਲਾਈ ਨੂੰ ਸਵੇਰੇ 11 ਵਜੇ ਡਿਪਟੀ ਕਮਿਸ਼ਨਰ ਬਰਨਾਲਾ ਦਫ਼ਤਰ ਸਾਹਮਣੇ ਕਾਫ਼ਲੇ ਬੰਨ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ।

# ਪ੍ਰਧਾਨ ਸੋਨੀਆ ਗੁਪਤਾ ਨੇ ਰਾਸ਼ਟਰੀ ਕਾਨਫਰੰਸ 'ਚ ਕੀਤੀ ਸ਼ਮੂਲੀਅਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਜ਼ਿਲ੍ਹਾ ਮੋਗਾ ਦੀ ਸਬ ਡਵੀਜ਼ਨ ਬਾਘਾ ਪੁਰਾਣਾ ਦੀ ਨਗਰ ਕੌਂਸਲ ਦੇ ਪ੍ਰਧਾਨ ਸੋਨੀਆ ਗੁਪਤਾ ਨੇ ਦੇਸ਼ ਦੀ ਸਭ ਤੋਂ ਵੱਡੀ 'ਪੰਚਾਇਤ' ਲੋਕ ਸਭਾ ਵੱਲੋਂ ਦੇਸ਼ ਦੇ ਸ਼ਹਿਰੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਦੇਸ਼ ਵਿੱਚੋਂ ਚੁਣੇ ਹੋਏ ਪ੍ਰਧਾਨਾਂ ਦੀ ਮਾਨੇਸਰ ਗੁੜਗਾਉਂ (ਹਰਿਆਣਾ) ਵਿਖੇ ਹੋਈ ਦੋ ਰੋਜ਼ਾ ਰਾਸ਼ਟਰੀ ਪੱਧਰ ਦੀ ਕਾਨਫਰੰਸ ਵਿੱਚ ਸ਼ਮੂਲੀਅਤ ਕਰਦਿਆਂ ਇਲਾਕੇ ਦਾ ਮਾਣ ਸਨਮਾਨ ਵਧਾਇਆ।ਇਸ ਕਾਨਫ਼ਰੰਸ ਦੀ ਨੁਮਾਇੰਦਗੀ ਹਰਿਆਣਾ ਵਿਧਾਨ ਸਭਾ ਵੱਲੋਂ ਨਿਭਾਈ ਗਈ।ਵਾਪਸੀ ਉਪਰੰਤ ਪ੍ਰਧਾਨ ਸੋਨੀਆ ਗੁਪਤਾ ਨੇ ਦੱਸਿਆ ਕਿ ਕਾਨਫ਼ਰੰਸ ਵਿੱਚ ਦੇਸ਼ 'ਚੋਂ ਵੱਖ-ਵੱਖ ਨਗਰ ਕੌਂਸਲਾਂ, ਨਗਰ ਪੰਚਾਇਤਾਂ ਦੇ ਪ੍ਰਧਾਨਾਂ ਨਾਲ ਗੱਲਬਾਤ ਰਾਹੀਂ ਵਿਚਾਰ ਸਾਂਝੇ ਕਰਨ ਦਾ ਮੌਕਾ ਮਿਲਿਆ ਹੈ ਅਤੇ ਇਕ-ਦੂਜੇ ਤੋਂ ਜਾਣਕਾਰੀ ਸਾਂਝੀ ਕੀਤੀ ਗਈ ਕਿ ਉਨ੍ਹਾਂ ਨੂੰ ਆਪਣੇ ਸ਼ਹਿਰ ਦੇ ਵਿਕਾਸ ਕਾਰਜਾਂ ਲਈ ਕਿਹੜੀਆਂ ਕਿਹੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕਿਸ ਤਰਾਂ ਉਨ੍ਹਾਂ ਦੇ ਸਾਰਥਿਕ ਹੱਲ ਕੱਢੇ ਜਾਂਦੇ ਹਨ।ਸ਼ਹਿਰੀਆ ਦੀਆਂ ਦੁੱਖ ਤਕਲੀਫਾਂ ਦਾ ਹੱਲ ਕਿਸ ਤਰਾਂ ਕੀਤਾ ਜਾ ਸਕਦਾ ਹੈ ਜਾਂ ਉਨ੍ਹਾਂ ਨੂੰ ਕਿਹੜੀਆਂ ਕਿਹੜੀਆਂ ਸੁਵਿਧਾਵਾਂ ਦੇਣ ਲਈ ਕਿਹੜੇ ਯਤਨ ਕੀਤੇ ਜਾ ਰਹੇ ਹਨ।ਪ੍ਰਧਾਨ ਸੋਨੀਆ ਗੁਪਤਾ ਨੇ ਦੱਸਿਆ ਕਿ ਕਾਨਫ਼ਰੰਸ ਵਿੱਚ ਦੇਸ਼ ਦੀਆਂ ਨਾਮਵਰ ਹਸਤੀਆਂ ਵਿਪੁਲ ਗੋਇਲ, ਹਰਿਵੰਸ਼, ਮਨੋਹਰ ਲਾਲ, ਓਮ ਬਿਰਲਾ, ਨਾਇਬ ਸਿੰਘ, ਹਰਵਿੰਦਰ ਕਲਿਆਣ ਤੇ ਹੋਰ ਸਤਿਕਾਰਯੋਗ ਲੋਕ ਸਭਾ ਮੈਂਬਰ ਤੇ ਵਿਧਾਇਕ ਹਾਜ਼ਰ ਹੋਏ।ਉਨ੍ਹਾਂ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਉਸ ਨੂੰ ਕਾਨਫਰੰਸ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ।

# ਖੇਤੀਬਾੜੀ ਕਾਲਜ ਦੀ ਕਾਨਵੋਕੇਸ਼ਨ 'ਚ ਨੌਜਵਾਨ ਖੇਤੀ ਵਿਗਿਆਨੀਆਂ ਨੂੰ ਡਿਗਰੀਆਂ ਤੇ ਇਨਾਮਾਂ ਨਾਲ ਨਿਵਾਜਿਆ



**ਲੁਧਿਆਣਾ (ਰੈਕਟਰ ਕਥੂਰੀਆ)**

ਪੀ.ਏ.ਯੂ. ਵਿੱਚੋਂ ਗ੍ਰੈਜੂਏਸ਼ਨ ਦੀ ਪੜ੍ਹਾਈ ਮੁਕੰਮਲ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਤੇ ਇਨਾਮ ਵੰਡਣ ਵਾਸਤੇ ਕਾਨਵੋਕੇਸ਼ਨ ਕਰਵਾਈ ਗਈ। ਸਮਾਰੋਹ ਦੇ ਮੁੱਖ ਮਹਿਮਾਨ ਭਾਰਤੀ ਖੇਤੀ ਖੋਜ ਪ੍ਰੀਸ਼ਦ ਦੇ ਖੇਤੀ ਪਸਾਰ ਬਾਰੇ ਉਪ-ਨਿਰਦੇਸ਼ਕ ਜਨਰਲ ਡਾ. ਰਾਜਬੀਰ ਸਿੰਘ ਸਨ।ਸਮਾਰੋਹ ਦੀ ਪ੍ਰਧਾਨਗੀ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ। ਇਸ ਤੋਂ ਇਲਾਵਾ ਪੀ.ਏ.ਯੂ. ਦੇ ਪ੍ਰਬੰਧਕੀ ਬੋਰਡ ਦੇ ਮੈਂਬਰ, ਉੱਚ ਅਧਿਕਾਰੀ, ਵੱਖ-ਵੱਖ ਵਿਸ਼ਿਆਂ ਦੇ ਮਾਹਿਰ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।ਡਿਗਰੀ ਵੰਡ ਸਮਾਰੋਹ ਦੌਰਾਨ ਬੀ ਐੱਸ ਸੀ ਐਗਰੀਕਲਚਰ (ਆਨਰਜ਼), ਬੀ ਐੱਸ ਸੀ ਬਾਇਓਤਕਨਾਲੋਜੀ (ਆਨਰਜ਼), ਬੀ ਟੈੱਕ ਭੋਜਨ ਤਕਨਾਲੋਜੀ ਪਾਸ ਕਰਨ ਵਾਲੇ 160 ਤੋਂ ਵਧੇਰੇ ਵਿਦਿਆਰਥੀਆਂ ਨੂੰ ਡਿਗਰੀਆਂ, ਮੈਡਲ ਤੇ ਮੈਰਿਟ ਸਰਟੀਫਿਕੇਟ ਤਕਸੀਮ ਕੀਤੇ ਗਏ।ਆਪਣੇ ਕਾਨਵੋਕੇਸ਼ਨ ਭਾਸ਼ਣ ਵਿੱਚ ਡਾ. ਰਾਜਬੀਰ ਸਿੰਘ ਨੇ ਪੜ੍ਹਾਈ ਮੁਕੰਮਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਲਈ ਉਤਸ਼ਾਹ ਤੇ ਪ੍ਰੇਰਨਾ ਨਾਲ ਭਰੇ ਸ਼ਬਦ ਕਹੇ।ਡਾ. ਰਾਜਬੀਰ ਸਿੰਘ ਨੇ ਕਿਹਾ ਕਿ ਡਿਗਰੀ ਮੁਕੰਮਲ ਕਰਨੀ ਸਿੱਖਣ ਦਾ ਅੰਤ ਨਹੀਂ, ਬਲਕਿ ਇਸ ਦੀ ਸ਼ੁਰੂਆਤ ਹੈ।ਇਸ ਤੋਂ ਬਾਅਦ ਸੇਵਾ ਸਮਰਪਣ ਤੇ ਸੰਸਕਾਰਾਂ ਦੀ ਅਸਲ ਪਰਖ ਸ਼ੁਰੂ ਹੁੰਦੀ ਹੈ।ਉਨ੍ਹਾਂ ਕਿਹਾ ਕਿ ਪੀ.ਏ.ਯੂ. ਦੇ ਵਿਦਿਆਰਥੀਆਂ ਕੋਲ ਇਸ ਸੰਸਥਾ ਦੇ ਰੂਪ ਵਿੱਚ ਅਜਿਹਾ ਘਣਾ ਬਿਰਛ ਹੈ, ਜੋ ਦੁਨੀਆ ਭਰ ਵਿੱਚ ਇੱਥੋਂ ਦੇ ਪੜ੍ਹਿਆਂ ਨੂੰ ਹਰ ਤਰ੍ਹਾਂ ਦੀ ਕਠਿਨਾਈਆਂ ਦੀ ਧੁੱਪ ਤੋਂ ਸੁਰੱਖਿਅਤ ਰੱਖਦਾ ਹੈ।ਉਨ੍ਹਾਂ ਪੀ.ਏ.ਯੂ. ਦੇ ਅਕਾਦਮਿਕ ਪ੍ਰੋਗਰਾਮਾਂ ਨੂੰ ਬਿਹਤਰੀਨ ਕਹਿੰਦਿਆਂ ਯੂਨੀਵਰਸਿਟੀ ਦੀ ਸ੍ਰੇਸ਼ਠਤਾ ਵਿੱਚ ਇੱਥੋਂ ਦੇ ਵਿਦਿਆਰਥੀਆਂ ਦੇ ਯੋਗਦਾਨ ਨੂੰ ਅੰਕਿਤ ਕੀਤਾ।ਡਾ. ਰਾਜਬੀਰ ਸਿੰਘ ਨੇ ਕਿਹਾ ਕਿ ਹੁਣ ਇਸ ਰਵਾਇਤ ਦੀ ਜ਼ਿੰਮੇਵਾਰੀ ਡਿਗਰੀਆਂ ਲੈਣ ਵਾਲੇ ਵਿਦਿਆਰਥੀਆਂ ਦੇ ਮੋਢੇ 'ਤੇ ਹੈ।ਉਨ੍ਹਾਂ ਕਿਹਾ ਕਿ ਸਫਲਤਾ ਤੇ ਅਸਫਲਤਾ ਨਾਲ-ਨਾਲ ਚੱਲਣ ਵਾਲੀਆਂ ਗੱਲਾਂ ਹਨ।ਅਸਫਲ ਹੋਏ ਬਗੈਰ ਸਫਲਤਾ ਦਾ ਅਰਥ ਤੇ ਸੁਆਦ ਸਮਝ ਨਹੀਂ ਆ ਸਕਦਾ।ਇਸ ਗੱਲ ਦਾ ਅਹਿਸਾਸ ਪੀ.ਏ.ਯੂ. ਵਿਦਿਆਰਥੀਆਂ ਨੂੰ ਹਮੇਸ਼ਾ ਰਹਿੰਦਾ ਹੈ।ਡਾ. ਰਾਜਬੀਰ ਸਿੰਘ ਨੇ ਦੇਸ਼ ਦੀ ਭੋਜਨ ਸੁਰੱਖਿਆ ਲਈ ਯੂਨੀਵਰਸਿਟੀ ਵੱਲੋਂ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਇਸ ਦਿਸ਼ਾ ਵਿੱਚ ਨਿਰੰਤਰ ਕਾਰਜ ਕਰਨ ਲਈ ਪ੍ਰੇਰਿਤ ਕੀਤਾ।ਡਾ. ਰਾਜਬੀਰ ਸਿੰਘ ਨੇ ਡਿਗਰੀ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਹੁਣ ਉਨ੍ਹਾਂ ਸਾਹਮਣੇ ਔਖਾ ਪਰ ਮਨੋਰੰਜਕ ਰਸਤਾ ਹੈ, ਜੋ ਉਨ੍ਹਾਂ ਨੂੰ ਉਨ੍ਹਾਂ ਦੀ ਮਿੱਥੀ ਮੰਜ਼ਿਲ ਤੱਕ ਲੈ ਜਾਵੇਗਾ।

ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਨੇ ਸਵਾਗਤੀ ਸ਼ਬਦ ਬੋਲਦਿਆਂ ਕਾਨਵੋਕੇਸ਼ਨ ਰਿਪੋਰਟ ਪੇਸ਼ ਕੀਤੀ।ਉਨ੍ਹਾ ਕਾਲਜ ਦੇ ਇਤਿਹਾਸ ਤੇ ਇਸ ਦੀ ਸਥਾਪਨਾ ਦੇ ਮੰਤਵ ਬਾਰੇ ਚਾਨਣਾ ਪਾਇਆ, ਨਾਲ ਹੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਕੀਤੀਆਂ ਪ੍ਰਾਪਤੀਆਂ ਦਾ ਵਿਸ਼ੇਸ਼ ਜ਼ਿਕਰ ਕੀਤਾ।ਸਮਾਰੋਹ ਦਾ ਸੰਚਾਲਨ ਕੀਟ ਵਿਗਿਆਨੀ ਡਾ. ਕਮਲਦੀਪ ਸਿੰਘ ਸਾਂਘਾ ਨੇ ਕੀਤਾ।

# ਪਿੰਡ ਅਜਨੌਦ 'ਚ ਲੋੜਵੰਦ ਧੀਆਂ ਦੇ ਵਿਆਹ 28 ਸਤੰਬਰ ਨੂੰ

**ਦੋਰਾਹਾ (ਹਰਮਿੰਦਰ ਸੇਠ)**-ਬਾਬਾ ਸ਼ਹੀਦਾਂ ਸਪੋਰਟਸ ਕਲੱਬ ਵੱਲੋਂ ਲੋੜਵੰਦ ਧੀਆਂ ਦੇ ਵਿਆਹ ਪਿੰਡ ਅਜਨੌਦ ਨੇੜੇ ਦੋਰਾਹਾ ਵਿਖੇ 28 ਸਤੰਬਰ ਬੇਟੀ ਦਿਵਸ ਦਿਨ ਮੌਕੇ ਕੀਤੇ ਜਾ ਰਹੇ ਹਨ। ਰਿੱਕੀ ਅਜਨੌਦ ਤੇ ਸੀਤਾ ਸਰਪੰਚ ਨੇ ਕਿਹਾ ਕਿ ਬੇਟੀ ਦਿਵਸ ਮੌਕੇ ਵੱਡੀ ਗਿਣਤੀ ਵਿੱਚ ਲੋੜਵੰਦ ਲੜਕੀਆਂ ਦੇ ਵਿਆਹ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋੜਵੰਦ ਧੀਆਂ ਦੇ ਪਰਵਾਰ ਵਿਆਹ ਸਬੰਧੀ ਸਾਡੇ ਨਾਲ 15 ਸਤੰਬਰ ਤੋਂ ਪਹਿਲਾਂ ਪਹਿਲਾਂ ਸੰਪਰਕ ਕਰ ਸਕਦੇ ਹਨ ਤਾਂ ਜੁ ਸਾਰੀ ਤਿਆਰੀ ਸਮੇ ਸਿਰ ਮੁਕੰਮਲ ਕੀਤੀ ਜਾ ਸਕੇ।


**AXIS BANK**

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025
**Registered Office:** 'Trishul', 3rd floor, opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਦਾ ਨਾਂਅ/ਪਤਾ | ਡਿਮਾਂਡ ਨੋਟਿਸ ਦੀ ਮਿਤੀ / ਐੱਨ ਪੀ ਏ ਦੀ ਮਿਤੀ / ਕਬਜ਼ੇ ਦੀ ਮਿਤੀ / ਬਕਾਇਆ ਰਕਮ |
|---|---|---|
| 1. | 1 ਸ੍ਰੀ ਜਗਤਾਰ ਸਿੰਘ ਪੁੱਤਰ ਬੰਤਾ ਸਿੰਘ, ਪਿੰਡ ਛੰਨ ਘੋਗਾ, ਡਾਕਖਾਨਾ ਜਸਰੌਰ, ਤਹਿਸੀਲ ਅਜਨਾਲਾ, ਅੰਮ੍ਰਿਤਸਰ-143102, ਨਾਲ ਹੀ : ਸ੍ਰੀ ਜਗਤਾਰ ਸਿੰਘ ਪੁੱਤਰ ਬੰਤਾ ਸਿੰਘ ਪੰਜਾਬ ਪੁਲਸ, 9ਵੀਂ ਬਟਾਲੀਅਨ ਪੀ ਏ ਪੀ ਮਾਲ ਮੰਡੀ, ਸਾਹਮਣੇ 100 ਫੁੱਟ ਰੋਡ, ਅੰਮ੍ਰਿਤਸਰ-143102, ਨਾਲ ਹੀ : ਸ੍ਰੀ ਜਗਤਾਰ ਸਿੰਘ ਪੁੱਤਰ ਬੰਤਾ ਸਿੰਘ, ਮਕਾਨ ਨੰ. 41, ਭਗਤ ਨਾਮਦੇਵ ਕਾਲੋਨੀ ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ-143102 (2) ਸ੍ਰੀਮਤੀ ਗੁਰਵਿੰਦਰ ਕੌਰ ਪਤਨੀ ਜਗਤਾਰ ਸਿੰਘ ਪਿੰਡ ਛੰਨ ਘੋਗਾ, ਡਾਕਖਾਨਾ ਜਸਰੌਰ, ਤਹਿਸੀਲ ਅਜਨਾਲਾ, ਅੰਮ੍ਰਿਤਸਰ-143102, ਨਾਲ ਹੀ : ਸ੍ਰੀਮਤੀ ਗੁਰਵਿੰਦਰ ਕੌਰ ਪਤਨੀ ਜਗਤਾਰ ਸਿੰਘ, ਮਕਾਨ ਨੰ. 41, ਭਗਤ ਨਾਮਦੇਵ ਕਾਲੋਨੀ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ-143102 | 26 ਮਾਰਚ 2025 / 10 ਮਾਰਚ 2025 / 04 ਜੁਲਾਈ 2025 / ਰੁ. 10,43,512 (ਦਸ ਲੱਖ ਤਰਤਾਲੀ ਹਜ਼ਾਰ ਪੰਜ ਸੌ ਬਾਰਾਂ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ ਨੰ. 2238 ਮਿਤੀ 27.07.2012 ਅਨੁਸਾਰ ਸ੍ਰੀਮਤੀ ਗੁਰਵਿੰਦਰ ਕੌਰ ਪਤਨੀ ਜਗਤਾਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 41, ਕੁੱਲ ਰਕਬਾ 5 ਮਰਲੇ, ਕੁੱਲ ਜ਼ਮੀਨ ਖੇਤਰ 07 ਕਨਾਲ-12 ਮਰਲੇ ਦਾ 5/152 ਹਿੱਸਾ, ਖਸਰਾ ਨੰ. 71//18 (7-12), ਖੇਵਟ ਖਤੌਨੀ ਨੰ. 115/182, 104/133, ਜਮ੍ਹਾਂਬੰਦੀ ਸਾਲ 2008-2009, ਭਗਤ ਨਾਮਦੇਵ ਕਾਲੋਨੀ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ : (ਦਸਤਾਵੇਜ਼ਾਂ ਅਨੁਸਾਰ) ਪੂਰਬ : ਗਲੀ 18 ਫੁੱਟ, ਪੱਛਮ : ਕਰਨੈਲ ਸਿੰਘ ਦਾ ਮਕਾਨ, ਉੱਤਰ : ਰਣਜੀਤ ਸਿੰਘ ਦਾ ਮਕਾਨ, ਦੱਖਣ : ਪਲਾਟ।

ਮਿਤੀ : 09.07.2025, ਸਥਾਨ : ਅੰਮ੍ਰਿਤਸਰ — ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 30.06.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਪ੍ਰੋਜੈਕਟ ਕਰਜ਼ੇ 'ਚ ਕਰਜ਼ਦਾਰ) : ਮੈਸ: ਮਾਰਵੇਲ ਇੰਟਰਨੈਸ਼ਨਲ ਨੇੜੇ ਭਗਤ ਸਿੰਘ ਕਾਲੋਨੀ, ਜੀ ਟੀ ਰੋਡ, ਜਲੰਧਰ, ਰਾਹੀਂ ਇਸ ਦੇ ਪ੍ਰੋਪ. ਸ੍ਰੀਮਤੀ ਪੂਨਮ ਦੁੱਗਲ
2. (ਮੈਸ: ਮਾਰਵੇਲ ਇੰਟਰਨੈਸ਼ਨਲ 'ਚ ਪ੍ਰੋਪ.) ਸ੍ਰੀਮਤੀ ਪੂਨਮ ਦੁੱਗਲ ਪਤਨੀ ਰਜਤ ਦੁੱਗਲ, ਵਾਸੀ ਮਕਾਨ ਨੰ. 136, ਸ਼ਹੀਦ ਭਗਤ ਸਿੰਘ ਕਾਲੋਨੀ, ਜਲੰਧਰ, ਪੰਜਾਬ-144008
3. (ਪ੍ਰੋਜੈਕਟ ਕਰਜ਼ੇ 'ਚ ਗਰੰਟਰ) ਸ੍ਰੀ ਰਜਤ ਕੁਮਾਰ ਦੁੱਗਲ ਪੁੱਤਰ ਵਿਜੇ ਕੁਮਾਰ ਵਾਸੀ ਮਕਾਨ ਨੰ. 136, ਸ਼ਹੀਦ ਭਗਤ ਸਿੰਘ ਕਾਲੋਨੀ, ਜਲੰਧਰ, ਪੰਜਾਬ-144008
4. (ਪ੍ਰੋਜੈਕਟ ਕਰਜ਼ੇ 'ਚ ਗਰੰਟਰ) ਸ੍ਰੀ ਅਰਵਿੰਦ ਸਿੰਘ ਪੁੱਤਰ ਵਰਿੰਦਰ ਸਿੰਘ, ਵਾਸੀ ਕੁਆਰਟਰ ਨੰ. 60-ਐੱਫ ਰਾਧਾ ਕ੍ਰਿਸ਼ਨ ਮੰਦਿਰ, ਨਿਊ ਬਾਰਾਂਦਰੀ, ਜਲੰਧਰ-1, ਜਲੰਧਰ, ਪੰਜਾਬ-144001
ਦੂਜਾ ਪਤਾ : ਮਕਾਨ ਨੰ. 14/ਏ, ਨਿਊ ਜੋਗਿੰਦਰ ਨਗਰ, ਡਾਕਖਾਨਾ ਪੀ ਏ ਪੀ ਲਾਈਨਜ਼, ਤਹਿਸੀਲ ਤੇ ਜ਼ਿਲ੍ਹਾ ਜਲੰਧਰ-144008

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.06.2025 ਤੋਂ ਬਿਨਾਂ ਵਿਆਜ) |
|---|---|---|
| ਪ੍ਰੋਜੈਕਟ ਕਰਜ਼ਾ /091624000004 | Rs. 50,00,000/- | Rs. 47,08,990.10 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਬੈਨਾਮਾ ਦਸਤਾਵੇਜ਼ ਨੰ. 2023-24/186/1/1754 ਮਿਤੀ 02.05.2023 ਅਨੁਸਾਰ ਸ੍ਰੀਮਤੀ ਪੂਨਮ ਦੁੱਗਲ ਪਤਨੀ ਰਜਤ ਦੁੱਗਲ ਅਤੇ ਸ੍ਰੀ ਰਜਤ ਕੁਮਾਰ ਦੁੱਗਲ ਪੁੱਤਰ ਵਿਜੇ ਕੁਮਾਰ ਦੀ ਮਲਕੀਅਤ ਜਾਇਦਾਦ ਰਕਬਾ 18 ਮਰਲੇ, ਅਬਾਦੀ ਭਗਤ ਸਿੰਘ ਕਾਲੋਨੀ, ਬਾਈਪਾਸ ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਸਲਾਰਪੁਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲੱਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 08.07.2025 | ਸਥਾਨ : ਸਲਾਰਪੁਰ | (ਅਧਿਕਾਰਤ ਅਫਸਰ)



**Capital Small Finance Bank**

**CAPITAL SMALL FINANCE BANK LIMITED**
CIN: L65110PB1999PLC022634, Regd. Office: Midas Corporate Park, 3rd Floor, 37, G.T Road,Jalandhar -144001, Punjab INDIA, Ph.: +91- 181 -5051111, 5052222; Fax: +91- 181 - 5053333, E-mail: cs@capitalbank.co.in Website: www.capitalbank.co.in

**26 ਵੀਂ ਸਾਲਾਨਾ ਜਨਰਲ ਮੀਟਿੰਗ ਦਾ ਨੋਟਿਸ - ਈ-ਵੋਟਿੰਗ ਬਾਰੇ ਸੂਚਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ("ਬੈਂਕ") ਦੇ ਮੈਂਬਰਾਂ ਦੀ 26ਵੀਂ ਸਾਲਾਨਾ ਜਨਰਲ ਮੀਟਿੰਗ ('ਏ ਜੀ ਐੱਮ'/'ਮੀਟਿੰਗ') 01 ਅਗਸਤ 2025, ਸ਼ੁੱਕਰਵਾਰ ਨੂੰ ਸਵੇਰੇ 11.00 ਵਜੇ (ਭਾਰਤੀ ਸਮੇਂ ਅਨੁਸਾਰ) ਵੀਡੀਓ ਕਾਨਫਰੰਸਿੰਗ ('ਵੀ ਸੀ')/ਹੋਰ ਆਡੀਓ ਵਿਜ਼ੂਅਲ ਢੰਗ (ਓ ਏ ਵੀ ਐੱਮ) ਸਹੂਲਤ ਰਾਹੀਂ ਕਿਸੇ ਸਾਂਝੇ ਸਥਾਨ 'ਤੇ ਬਿਨਾਂ ਮੈਂਬਰਾਂ ਦੀ ਭੌਤਿਕ ਮੌਜੂਦਗੀ ਦੇ, ਕੰਪਨੀਜ਼ ਐਕਟ, 2013 ("ਐਕਟ") ਦੀਆਂ ਲਾਗੂ ਵਿਵਸਥਾਵਾਂ ਅਤੇ ਇਸ ਦੇ ਅਧੀਨ ਬਣੇ ਨਿਯਮਾਂ, ਜਨਰਲ ਸਰਕੂਲਰ ਨੰ. 09/2024 ਮਿਤੀ 19 ਸਤੰਬਰ 2024, ਨਾਲ ਪੜ੍ਹੇ ਜਾਂਦੇ ਵਿਸ਼ੇ 'ਤੇ ਪਹਿਲਾਂ ਜਾਰੀ ਸਰਕੂਲਰਾਂ, ਕਾਰਪੋਰੇਟ ਮਾਮਲੇ ਮੰਤਰਾਲਾ ਵੱਲੋਂ ਜਾਰੀ ("ਐੱਮ ਸੀ ਏ ਸਰਕੂਲਰਜ਼") ਅਤੇ ਸੇਬੀ (ਲਿਸਟਿੰਗ ਅਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨ 2015 ("ਸੇਬੀ ਲਿਸਟਿੰਗ ਰੈਗੂਲੇਸ਼ਨਜ਼"), ਸੇਬੀ ਸਰਕੂਲਰ ਨੰ. ਸੇਬੀ/ਐੱਚ ਓ/ ਸੀ ਐੱਫ ਡੀ/ ਸੀ ਐੱਫ ਡੀ-ਪੀ ਓ ਡੀ-2/ਸੀ ਆਈ ਆਰ/2024/133 ਮਿਤੀ 03 ਅਕਤੂਬਰ 2024 ਨਾਲ ਪੜ੍ਹੇ ਜਾਂਦੇ ਵਿਸ਼ੇ 'ਤੇ ਪਹਿਲਾਂ ਜਾਰੀ ਸਰਕੂਲਰਾਂ ਸੇਬੀ ਵੱਲੋਂ ਜਾਰੀ ("ਸੇਬੀ ਸਰਕੂਲਰਜ਼") ਦੀ ਪਾਲਣਾ 'ਚ 26ਵੀਂ ਏ ਜੀ ਐੱਮ ਦੇ ਨੋਟਿਸ ("ਏ ਜੀ ਐੱਮ ਨੋਟਿਸ") 'ਚ ਦਰਸਾਏ ਗਏ ਸਧਾਰਨ ਤੇ ਵਿਸ਼ੇਸ਼ ਕਾਰੋਬਾਰ ਦੇ ਸੰਚਾਰ ਲਈ ਹੋਵੇਗੀ।

**ਏ ਜੀ ਐਮ ਨੋਟਿਸ ਅਤੇ ਵਿੱਤੀ ਵਰ੍ਹੇ 2025 ਦੀ ਸਾਲਾਨਾ ਰਿਪੋਰਟ ਭੇਜਣ ਸਬੰਧੀ :** ਐੱਮ ਸੀ ਏ ਸਰਕੂਲਰਜ਼ ਅਤੇ ਸੇਬੀ ਸਰਕੂਲਰਜ਼ ਦੀ ਪਾਲਣਾ ਚ ਬੈਂਕ ਨੇ ਏ ਜੀ ਐੱਮ ਨੋਟਿਸ ਅਤੇ ਵਿੱਤੀ ਵਰ੍ਹੇ 2025 ਦੀ ਸਾਲਾਨਾ ਰਿਪੋਰਟ 08 ਜੁਲਾਈ 2025, ਮੰਗਲਵਾਰ ਨੂੰ ਈ-ਮੇਲ ਰਾਹੀਂ ਉਨ੍ਹਾਂ ਮੈਂਬਰਾਂ ਨੂੰ ਭੇਜ ਦਿੱਤੀ ਹੈ, ਜਿਨ੍ਹਾਂ ਮੈਂਬਰਾਂ ਦੇ ਈ-ਮੇਲ ਪਤੇ ਬੈਂਕ/ਡਿਪਾਜ਼ਟਰੀਜ਼/ਰਜਿਸਟਰਾਰ ਅਤੇ ਟਰਾਂਸਫਰ ਏਜੰਟ, ਜੋ ਕਿ ਐੱਮ ਯੂ ਐੱਫ ਜੀ ਇਨਟਾਈਮ ਇੰਡੀਆ ਪ੍ਰਾਈਵੇਟ ਲਿਮਟਿਡ (ਪਹਿਲਾਂ ਲਿੰਕ ਇਨਟਾਈਮ ਇੰਡੀਆ ਪ੍ਰਾਈਵੇਟ ਲਿਮਟਿਡ), ਕੋਲ 4 ਜੁਲਾਈ 2025 ਤੱਕ ਰਜਿਸਟਰਡ ਸਨ। ਸੇਬੀ ਲਿਸਟਿੰਗ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ 36 (1) (ਬੀ) ਦੇ ਅਨੁਸਾਰ ਏ ਜੀ ਐਮ ਨੋਟਿਸ ਅਤੇ ਸਾਲਾਨਾ ਰਿਪੋਰਟ ਦਾ ਵੈੱਬਲਿੰਕ, ਇੱਕ ਪੱਤਰ ਰਾਹੀਂ ਉਨ੍ਹਾਂ ਮੈਂਬਰਾਂ ਨੂੰ ਭੇਜਿਆ ਗਿਆ ਹੈ, ਜਿਨ੍ਹਾਂ ਦੇ ਈ-ਮੇਲ ਪਤੇ ਬੈਂਕ/ਡੀ ਪੀ ਕੋਲ ਰਜਿਸਟਰਡ ਨਹੀਂ ਹਨ। ਬੈਂਕ ਵਿੱਤੀ ਵਰ੍ਹੇ 2024-25 ਦੀ ਸਾਲਾਨਾ ਰਿਪੋਰਟ ਦੀ ਭੌਤਿਕ ਕਾਪੀ ਉਨ੍ਹਾਂ ਮੈਂਬਰਾਂ ਨੂੰ ਭੇਜੇਗਾ, ਜਿਨ੍ਹਾਂ ਨੇ ਇਸ ਵਾਸਤੇ cs@capitalbank.co.in 'ਤੇ ਫੋਲੀਓ ਨੰ./ਡੀ ਪੀ ਆਈ ਡੀ ਅਤੇ ਗਾਹਕ ਆਈ ਡੀ ਦੱਸ ਕੇ ਵਿਸ਼ੇਸ਼ ਤੌਰ 'ਤੇ ਬੇਨਤੀ ਕੀਤੀ ਹੋਵੇਗੀ।

ਏ ਜੀ ਐੱਮ ਨੋਟਿਸ ਅਤੇ ਸਾਲਾਨਾ ਰਿਪੋਰਟ ਬੈਂਕ ਦੀ ਵੈੱਬਸਾਈਟ www.capitalbank.co.in 'ਤੇ, ਸਟਾਕ ਐਕਸਚੇਂਜਿਜ਼, ਬੀ ਐੱਸ ਈ ਲਿਮਟਿਡ ਦੀ ਵੈੱਬਸਾਈਟ www.bseindia.com 'ਤੇ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਟਿਡ ਦੀ ਵੈੱਬਸਾਈਟ www.nseindia.com 'ਤੇ ਅਤੇ ਐੱਮ ਯੂ ਐੱਫ ਜੀ ਇਨਟਾਈਮ ਇੰਡੀਆ ਪ੍ਰਾਈਵੇਟ ਲਿਮਟਿਡ www.instavote.linkintime.co.in 'ਤੇ ਵੀ ਉਪਲੱਬਧ ਹਨ।

**ਏ ਜੀ ਐੱਮ ਵਿਖੇ ਈ-ਵੋਟਿੰਗ / ਰਿਮੋਟ ਈ-ਵੋਟਿੰਗ :** ਕੰਪਨੀਜ਼ ਐਕਟ 2013 ਦੇ ਸੈਕਸ਼ਨ 108 ਦੀਆਂ ਵਿਵਸਥਾਵਾਂ ਅਤੇ ਕੰਪਨੀਜ਼ (ਮੈਨੇਜਮੈਂਟ ਐਂਡ ਐਡਮਨਿਸਟ੍ਰੇਸ਼ਨ) ਰੂਲਜ਼ 2014 ਦੇ ਰੂਲ 20 ਦੀਆਂ ਵਿਵਸਥਾਵਾਂ ਅਤੇ ਸੇਬੀ ਲਿਸਟਿੰਗ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ 44 ਦੀਆਂ ਵਿਵਸਥਾਵਾਂ ਅਤੇ ਇੰਸਟੀਚਿਊਟ ਆਫ ਕੰਪਨੀ ਸੈਕ੍ਰੇਟਰੀਜ਼ ਆਫ ਇੰਡੀਆ ਵੱਲੋਂ ਜਾਰੀ ਜਨਰਲ ਮੀਟਿੰਗਜ਼ ਤੇ ਸੈਕ੍ਰੇਟਰੀਅਲ ਸਟੈਂਡਰਜ਼ (ਐੱਸ ਐੱਸ-2) ਦੀ ਪਾਲਣਾ 'ਚ ਬੈਂਕ ਦੇ ਮੈਂਬਰਾਂ (ਭੌਤਿਕ ਜਾਂ ਅਭੌਤਿਕ ਸੂਰਤ 'ਚ ਸ਼ੇਅਰ ਧਾਰਕਾਂ) ਨੂੰ 26ਵੀਂ ਏ ਜੀ ਐੱਮ ਦੇ ਨੋਟਿਸ 'ਚ ਨਿਰਧਾਰਤ ਸਾਰੇ ਰੈਜ਼ੋਲੂਸ਼ਨਜ਼ 'ਤੇ ਇਲੈਕਟ੍ਰਾਨਿਕ ਢੰਗ ("ਰਿਮੋਟ ਈ-ਵੋਟਿੰਗ/ਏ ਜੀ ਐਮ ਵਿਖੇ ਈ-ਵੋਟਿੰਗ") ਰਾਹੀਂ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਦੀ ਸਹੂਲਤ ਐੱਮ ਯੂ ਐੱਫ ਜੀ ਇਨਟਾਈਮ ਇੰਡੀਆ ਪ੍ਰਾਈਵੇਟ ਲਿਮਟਿਡ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਹੈ। ਵੀ ਸੀ/ਓ ਏ ਵੀ ਐੱਮ ਰਾਹੀਂ 26ਵੀਂ ਏ ਜੀ ਐੱਮ ਵਿੱਚ ਸ਼ਾਮਲ ਹੋਣ ਦੀਆਂ ਹਦਾਇਤਾਂ ਰਿਮੋਟ ਈ-ਵੋਟਿੰਗ ਅਤੇ ਏ ਜੀ ਐਮ ਵਿਖੇ ਈ-ਵੋਟਿੰਗ ਦਾ ਢੰਗ ਏ ਜੀ ਐੱਮ ਨੋਟਿਸ 'ਚ ਮੁਹੱਈਆ ਕਰਵਾਇਆ ਗਿਆ ਹੈ।

ਮੈਂਬਰਾਂ ਨੂੰ ਇਸ ਦੇ ਰਾਹੀਂ ਧਿਆਨ ਦੇਣ ਦੀ ਬੇਨਤੀ ਕੀਤੀ ਜਾਂਦੀ ਹੈ:

1. ਇਕ ਵਿਅਕਤੀ ਜਿਸਦਾ ਨਾਂਅ ਮੈਂਬਰਾਂ ਦੇ ਰਜਿਸਟਰ ਜਾਂ ਡਿਪਾਜ਼ਟਰੀਜ਼/ਆਰ ਟੀ ਏ ਦੇ ਵੱਲੋਂ ਲਾਭਕਾਰੀ ਮਾਲਕਾਂ ਦੇ ਰਜਿਸਟਰ 'ਚ ਕੱਟ ਆਫ ਡੇਟ ਜੋ ਕਿ 25 ਜੁਲਾਈ 2025 ਸ਼ੁੱਕਰਵਾਰ ਹੈ, ਨੂੰ ਰਿਕਾਰਡ ਹੋਵੇਗਾ, ਸਿਰਫ ਉਹੀ ਏ ਜੀ ਐੱਮ ਦੌਰਾਨ ਈ-ਵੋਟਿੰਗ ਜਾਂ ਰਿਮੋਟ ਈ-ਵੋਟਿੰਗ ਰਾਹੀਂ ਵੋਟਿੰਗ ਦੀ ਸਹੂਲਤ ਪ੍ਰਾਪਤ ਕਰਨ ਦੇ ਯੋਗ ਹੋਵੇਗਾ। ਇਕ ਵਿਅਕਤੀ ਜੋ ਕੱਟ ਆਫ ਡੇਟ ਨੂੰ ਸ਼ੇਅਰ ਹੋਲਡਰ ਨਹੀਂ ਹੋਵੇਗਾ, ਉਹ ਇਸ ਨੋਟਿਸ ਨੂੰ ਸਿਰਫ ਸੂਚਨਾ ਦੇ ਮੰਤਵ ਵਜੋਂ ਹੀ ਸਮਝੇ।
2. ਈ-ਵੋਟਿੰਗ ਦਾ ਸਮਾਂ 29 ਜੁਲਾਈ 2025, ਮੰਗਲਵਾਰ ਨੂੰ ਸਵੇਰੇ 09.00 ਵਜੇ (ਭਾਰਤੀ ਸਮੇਂ ਅਨੁਸਾਰ) ਸ਼ੁਰੂ ਹੋਵੇਗਾ ਅਤੇ 31 ਜੁਲਾਈ 2025, ਵੀਰਵਾਰ ਨੂੰ ਸ਼ਾਮ ਦੇ 05.00 ਵਜੇ (ਭਾਰਤੀ ਸਮੇਂ ਅਨੁਸਾਰ) ਖਤਮ ਹੋਵੇਗਾ। ਉਕਤ ਦੱਸੀ ਮਿਤੀ ਅਤੇ ਸਮੇਂ ਤੋਂ ਬਾਅਦ ਵੋਟਿੰਗ ਲਈ ਰਿਮੋਟ ਈ-ਵੋਟਿੰਗ ਮਡਿਊਲ ਅਯੋਗ ਕਰ ਦਿੱਤਾ ਜਾਵੇਗਾ। ਇਕ ਵਾਰ ਜਦੋਂ ਮੈਂਬਰ ਵੱਲੋਂ ਰੈਜ਼ੋਲੂਸ਼ਨ 'ਤੇ ਵੋਟ ਪਾ ਦਿੱਤੀ ਜਾਵੇਗੀ, ਉਸ ਨੂੰ ਇਸ ਤੋਂ ਤਬਦੀਲੀ ਜਾਂ ਦੁਬਾਰਾ ਵੋਟ ਪਾਉਣ ਦੀ ਆਗਿਆ ਨਹੀਂ ਹੋਵੇਗੀ।
3. ਇਕ ਵਿਅਕਤੀ, ਜੋ ਏ ਜੀ ਐੱਮ ਨੋਟਿਸ ਅਤੇ ਸਾਲਾਨਾ ਰਿਪੋਰਟ ਭੇਜੇ ਜਾਣ ਤੋਂ ਬਾਅਦ ਬੈਂਕ ਦੇ ਸ਼ੇਅਰ ਪ੍ਰਾਪਤ ਕਰਦਾ ਹੈ ਅਤੇ ਬੈਂਕ ਦਾ ਮੈਂਬਰ ਬਣ ਜਾਂਦਾ ਹੈ ਅਤੇ ਕੱਟ ਆਰ ਡੇਟ 'ਤੇ ਸ਼ੇਅਰ ਰੱਖਦਾ ਹੈ, ਤਾਂ ਉਹ enotices@in.mpms.mufg.com 'ਤੇ ਬੇਨਤੀ ਭੇਜ ਕੇ ਲਾਗਇਨ ਆਈ ਡੀ ਅਤੇ ਪਾਸਵਰਡ ਪ੍ਰਾਪਤ ਕਰ ਸਕਦਾ ਹੈ। ਜੇਕਰ ਇਕ ਮੈਂਬਰ ਜੋ ਪਹਿਲਾਂ ਹੀ ਐੱਮ ਯੂ ਐੱਫ ਜੀ ਇਨਟਾਈਮ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਰਿਮੋਟ ਈ-ਵੋਟਿੰਗ ਲਈ ਰਜਿਸਟਰਡ ਹੈ ਤਾਂ ਉਹ ਵੋਟ ਪਾਉਣ ਲਈ ਮੌਜੂਦਾ ਲਾਗਇਨ ਆਈ ਡੀ ਅਤੇ ਪਾਸਵਰਡ ਦੀ ਵਰਤੋਂ ਕਰ ਸਕਦਾ ਹੈ।
4. ਉਹ ਮੈਂਬਰਾਂ ਜਿਨ੍ਹਾਂ ਨੇ 26ਵੀਂ ਏ ਜੀ ਐੱਮ ਤੋਂ ਪਹਿਲਾਂ ਰਿਮੋਟ ਈ-ਵੋਟਿੰਗ ਰਾਹੀਂ ਆਪਣੇ ਵੋਟ ਪਾਏ ਹੋਣਗੇ, ਉਹ ਵੀ ਸੀ/ਓ ਏ ਵੀ ਐੱਮ ਸਹੂਲਤ ਰਾਹੀਂ ਏ ਜੀ ਐੱਮ 'ਚ ਹਿਸਾ ਲੈ ਸਕਦੇ ਹਨ, ਪ੍ਰੰਤੂ ਏ ਜੀ ਐੱਮ ਦੌਰਾਨ ਉਹ ਈ-ਵੋਟਿੰਗ ਸਿਸਟਮ ਰਾਹੀਂ ਦੁਬਾਰਾ ਵੋਟ ਪਾਉਣ ਦੇ ਯੋਗ ਨਹੀਂ ਹੋਣਗੇ।
5. 26ਵੀਂ ਏ ਜੀ ਐੱਮ 'ਚ ਹਿਸਾ ਲੈਣ ਵਾਲੇ ਮੈਂਬਰ, ਜਿਨ੍ਹਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਵੋਟ ਨਹੀਂ ਪਾਈ ਹੋਵੇਗੀ, ਏ ਜੀ ਐੱਮ ਦੌਰਾਨ ਈ-ਵੋਟਿੰਗ ਰਾਹੀਂ ਵੋਟ ਪਾਉਣ ਦੇ ਯੋਗ ਹੋਣਗੇ।
6. ਰਿਮੋਟ ਈ-ਵੋਟਿੰਗ, ਵੀ ਸੀ/ਓ ਏ ਵੀ ਐੱਮ ਰਾਹੀਂ ਮੀਟਿੰਗ 'ਚ ਹਿੱਸਾ ਲੈਣਾ ਅਤੇ ਏ ਜੀ ਐੱਮ ਦੌਰਾਨ ਈ-ਵੋਟਿੰਗ ਦੀਆਂ ਹਦਾਇਤਾਂ ਏ ਜੀ ਐੱਮ ਨੋਟਿਸ 'ਚ ਦਰਸਾਈਆਂ ਗਈਆਂ ਹਨ।
7. ਮੈਂਬਰਾਂ ਦੇ ਵੋਟ ਦਾ ਅਧਿਕਾਰ, ਉਨ੍ਹਾਂ ਦੇ ਕੱਟ ਆਫ ਡੇਟ 'ਤੇ ਬੈਂਕ ਦੇ ਕੁਲ ਪੇਡ ਅੱਪ ਇਕੁਇਟੀ ਸ਼ੇਅਰ ਕੈਪੀਟਲ ਦੇ ਸ਼ੇਅਰ ਹੋਲਡਿੰਗ ਦੀ ਅਨੁਪਾਤ ਅਨੁਸਾਰ ਹੋਵੇਗਾ।
8. ਕਿਉਂਕਿ ਏ ਜੀ ਐੱਮ ਵੀ ਸੀ/ਓ ਏ ਵੀ ਐੱਮ ਰਾਹੀਂ ਹੋਵੇਗੀ, ਇਸ ਲਈ ਐੱਮ ਸੀ ਏ ਸਰਕੂਲਰਜ਼ ਦੇ ਅਨੁਸਾਰ ਪ੍ਰਤੀਨਿਧੀ ਦੀ ਨਿਯੁਕਤੀ ਦੀ ਲੋੜ ਨਹੀਂ ਹੋਵੇਗੀ, ਇਸ ਲਈ ਮੈਂਬਰਾਂ ਵੱਲੋਂ ਪ੍ਰਤੀਨਿਧੀਆਂ ਦੀ ਨਿਯੁਕਤੀ ਯੋਗ ਨਹੀਂ ਹੋਵੇਗੀ।

**ਰਿਕਾਰਡ ਡੇਟ ਅਤੇ ਲਾਭਾਂਸ਼ :** ਬੋਰਡ ਆਫ ਡਾਇਰੈਕਟਰਜ਼ ਦੀ 29 ਅਪ੍ਰੈਲ 2025 ਨੂੰ ਹੋਈ ਮੀਟਿੰਗ 'ਚ ਬੈਂਕ ਦੇ ਪ੍ਰਤੀ ਇਕੁਇਟੀ ਸ਼ੇਅਰ ਲਈ ਅੰਤਮ ਲਾਭਾਂਸ਼ ਰੁ. 4/- (ਚਾਰ ਰੁਪਏ ਕੇਵਲ) ਦੀ ਸਿਫਾਰਸ਼ ਕੀਤੀ ਗਈ ਹੈ, ਜੋ ਕਿ ਇਕੁਇਟੀ ਸ਼ੇਅਰ ਦੀ ਫੇਸ ਵੈਲੀਊ ਰੁ. 10/- (ਦਸ ਰੁਪਏ) ਦਾ 40 ਫੀਸਦੀ ਹੈ। ਜੇਕਰ 26ਵੀਂ ਏ ਜੀ ਐੱਮ 'ਚ ਮਨਜ਼ੂਰ ਹੋ ਗਿਆ ਤਾਂ ਅੰਤਮ ਲਾਭਾਂਸ਼ ਦੀ ਅਦਾਇਗੀ ਦੇ ਮੰਤਵ ਲਈ ਰਿਕਾਰਡ ਡੇਟ 25 ਜੁਲਾਈ 2025 ਸ਼ੁੱਕਰਵਾਰ ਨਿਰਧਾਰਤ ਕੀਤੀ ਗਈ ਹੈ। ਲਾਭਾਂਸ਼ ਦੀ ਅਦਾਇਗੀ 'ਤੇ ਟੀ ਡੀ ਐੱਸ ਸੰਬੰਧੀ ਹਦਾਇਤਾਂ ਲਈ ਮੈਂਬਰ ਕ੍ਰਿਪਾ ਕਰਕੇ ਏ ਜੀ ਐੱਮ ਨੋਟਿਸ ਵਿੱਚ ਦਿੱਤੇ ਗਏ ਨੋਟਸ /ਬੈਂਕ ਦੀ ਵੈਬਸਾਈਟ ਤੇ ਦਿਤੀਆਂ ਹਦਾਇਤਾਂ ਦਾ ਹਵਾਲਾ ਲਿਆ ਜਾਵੇ।

**ਪੜਤਾਲ ਕਰਤਾ :-** ਬੈਂਕ ਨੇ ਸ੍ਰੀ ਬੰਨੀ ਸਹਿਗਲ, ਮਾਲਕ ਬੀ ਸਹਿਗਲ ਅਤੇ ਐਸੋਸੀਏਟਸ (ਮੈਂਬਰਸ਼ਿਪ ਨੰ. ਐੱਫ 11407 ਅਤੇ ਸੀ ਓ ਪੀ ਨੰ. 15161), ਪ੍ਰੈਕਟਸਿੰਗ ਕੰਪਨੀ ਸੈਕ੍ਰੇਟਰੀ, ਨੂੰ ਰਿਮੋਟ ਈ ਵੋਟਿੰਗ ਪ੍ਰਕਿਰਿਆ ਪਹਿਲਾਂ/ਏ ਜੀ ਐੱਮ ਦੌਰਾਨ ਪੜਤਾਲ ਨਿਰਪੱਖ ਅਤੇ ਪਾਰਦਰਸ਼ਤਾ ਨਾਲ ਕਰਨ ਸੰਬੰਧੀ ਪੜਤਾਲੀਆ ਨਿਯੁਕਤ ਕੀਤਾ ਹੈ।

# ਭੂਸ਼ਣ ਕੁਮਾਰ ਨੇ ਥਾਣਾ ਮੁਖੀ ਫਿਲੌਰ ਵਜੋਂ ਅਹੁਦਾ ਸੰਭਾਲਿਆ

**ਫਿਲੌਰ (ਨਿਰਮਲ)**- ਥਾਣਾ ਮੁਖੀ ਫਿਲੌਰ ਦੇ ਮੁਖੀ ਸੰਜੀਵ ਕਪੂਰ ਨੂੰ ਤਰੱਕੀ ਦੇ ਕੇ ਡੀ ਐਸ ਪੀ ਬਣਾਇਆ ਗਿਆ। ਉਨ੍ਹਾਂ ਦੇ ਜਾਣ ਤੋਂ ਬਾਅਦ ਥਾਣਾ ਮੁਖੀ ਫਿਲੌਰ ਦਾ ਅਹੁਦਾ ਭੂਸ਼ਣ ਕੁਮਾਰ ਵੱਲੋਂ ਸੰਭਾਲਿਆ ਗਿਆ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਲਾਕੇ 'ਚ ਨਸ਼ਾ ਤਸਕਰਾਂ ਅਤੇ ਚੋਰੀ ਦੀਆਂ ਵਾਰਦਾਤਾਂ ਕਰਨ ਵਾਲਿਆਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਇਲਾਕੇ ਦੇ ਲੋਕਾਂ ਤੋਂ ਸਹਿਯੋਗ ਮੰਗਿਆ ਕਿ ਅਗਰ ਇਲਾਕੇ ਵਿੱਚੋਂ ਨਸ਼ਾ ਅਤੇ ਲੁੱਟਾਂ ਖੋਹਾਂ ਖਤਮ ਕਰਨੀਆਂ ਹਨ ਤਾਂ ਉਨ੍ਹਾਂ ਦਾ ਸਾਥ ਦੇਣ।

# ਗੌਰਵ ਕਲੱਬ ਦੇ ਪ੍ਰਧਾਨ ਲਾਇਨ ਕਮਲਜੀਤ ਬਸਰਾ ਤੇ ਰਾਜਿੰਦਰ ਕੁਮਾਰ ਬਾਲੂ ਸੈਕਟਰੀ ਬਣੇ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲਾਇਨ ਕਲੱਬ ਨੂਰਮਹਿਲ ਗੌਰਵ ਦੀ ਨੂਰਮਹਿਲ ਦੇ ਸੰਗਮ ਰੈਸਟੋਰੈਂਟ ਵਿਚ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿਚ ਸਰਬਸੰਮਤੀ ਨਾਲ ਗੌਰਵ ਕਲੱਬ ਦੇ ਮੈਂਬਰਾਂ ਦੀ ਚੋਣ ਕੀਤੀ ਗਈ। ਜਿਸ ਵਿਚ ਲਾਇਨ ਕਮਲਜੀਤ ਬਸਰਾ ਪ੍ਰਧਾਨ, ਲਾਇਨ ਰਾਜਿੰਦਰ ਕੁਮਾਰ ਸੈਕਟਰੀ, ਲਾਇਨ ਪ੍ਰਭਦੀਪ ਕੁਮਾਰ ਖੋਸਲਾ ਖਜ਼ਾਨਚੀ ਅਤੇ ਮਾਧਵ ਕੁੰਦੀ ਨੂੰ ਪੀ.ਆਰ.ਓ ਬਣਾਇਆ ਗਿਆ। ਇਨ੍ਹਾਂ ਲਾਇਨ ਕਲੱਬ ਮੈਂਬਰਾਂ ਦਾ ਬਾਕੀ ਸਾਰੇ ਕਲੱਬ ਦੇ ਮੈਂਬਰਾਂ ਨੇ ਹਾਰ ਪਾ ਕੇ ਸਵਾਗਤ ਕੀਤਾ ਤੇ ਵਧਾਈ ਦਿੱਤੀ। ਇਸ ਮੌਕੇ ਲਾਇਨ ਪਦਮ ਕੋਹਲੀ , ਲਾਇਨ ਸੁਰਿੰਦਰ ਸ਼ਰਮਾ ਅੰਕਲ, ਲਾਇਨ ਜਤਿੰਦਰ ਸੇਖੜੀ, ਲਾਇਨ ਰਕੇਸ਼ ਕੁਮਾਰ ਅਰੋੜਾ, ਲਾਇਨ ਰਾਜੀਵ ਮਿਸ਼ਰ, ਲਾਇਨ ਸਤੀਸ਼ ਕੁਮਾਰ ਕੱਕੜ, ਲਾਇਨ ਮਨੋਜ ਕੋਹਲੀ, ਲਾਇਨ ਜੰਗ ਬਹਾਦਰ ਕੋਹਲੀ, ਲਾਇਨ ਵਰਿੰਦਰ ਸੇਖੜੀ, ਲਾਇਨ ਭੁਪਿੰਦਰ ਸੇਖੜੀ, ਲਾਇਨ ਅਸ਼ੋਕ ਕੁਮਾਰ, ਲਾਇਨ ਦਿਆਲ ਸਿੰਘ, ਲਾਇਨ ਭਜਨ ਲਾਲ ਅਤੇ ਲਾਇਨ ਸੁਨੀਲ ਕੁਮਾਰ ਕੰਪਨੀਆਂ ਹਾਜ਼ਰ ਸਨ।

# ਦੋਆਬਾ ਸੋਸ਼ਲ ਵੈੱਲਫੇਅਰ ਸੁਸਾਇਟੀ ਨੇ ਵਣ-ਮਹਾਂਉਤਸਵ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਵਣ ਮਹਾਂ ਉਤਸਵ ਦੀ ਸ਼ੁਰੂਆਤ ਭਾਰਤ ਅੰਦਰ ਜੁਲਾਈ ਦੇ ਪਹਿਲੇ ਹਫਤੇ ਤੋਂ ਸ਼ੁਰੂ ਹੋ ਜਾਂਦੀ ਜਿਸ ਦੌਰਾਨ ਅਲੱਗ ਅਲੱਗ ਤਰ੍ਹਾਂ ਦੇ ਪੌਦੇ ਲਗਾਏ ਜਾਂਦੇ ਹਨ। ਦੋਆਬਾ ਸੋਸ਼ਲ ਵੈਲਫੇਅਰ ਸੋਸਾਇਟੀ ਰਜਿਸਟਰਡ ਵੱਲੋਂ 1993 ਤੋਂ ਵੱਖ ਵੱਖ ਥਾਵਾਂ 'ਤੇ ਪੌਦੇ ਲਗਾ ਕੇ ਤੇ ਵੰਡ ਕੇ ਇਸ ਤਿਉਹਾਰ ਨੂੰ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਪ੍ਰਧਾਨ ਨਰਿੰਦਰ ਸਿੰਘ ਰਾਠੌਰ ਨੇ ਆਰੀਅਨ ਰੋਲਿੰਗ ਫਲੋਰ ਮਿਲ ਫੋਕਲ ਪੁਆਇੰਟ ਨਵਾਂਸ਼ਹਿਰ ਵਿਖੇ ਵਾਤਾਵਰਣ ਦਿਵਸ ਮਨਾਉਣ ਮੌਕੇ ਇਕੱਤਰ ਇਕੱਠ ਨੂੰ ਕਿਹਾ ਕਿ ਹਰ ਮਨੁੱਖ ਨੂੰ ਹਰ ਸਾਲ ਘੱਟੋ ਘੱਟ ਇੱਕ ਇੱਕ ਬੂਟਾ ਜ਼ਰੂਰ ਲਾਉਣਾ ਚਾਹੀਦਾ ਹੈ, ਇਸ ਨਾਲ ਜਿੱਥੇ ਵਾਤਾਵਰਨ ਸ਼ੁੱਧ ਹੋਵੇਗਾ, ਉੱਥੇ ਬਿਮਾਰੀਆਂ ਤੋਂ ਵੀ ਬਚਿਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਵਾਤਾਵਰਨ ਤੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਰੁੱਖਾਂ ਨੂੰ ਲਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਪੰਜਾਬ ਸਮਾਲ ਇੰਡਸਟਰੀ ਤੋਂ ਦੀਪਾ ਰਾਮ, ਸੋਡੀ ਰਾਮ, ਮਦਨ ਲਾਲ, ਸਵੇਰ ਪ੍ਰਸ਼ਾਦ, ਵਾਸਦੇਵ ਪਰਦੇਸੀ, ਦਿਲਦਾਰ ਸਿੰਘ ਸੋਨਾ, ਬਲਦੇਵ ਭਾਰਤੀ,ਦੇਸ ਰਾਜ ਬਾਲੀ, ਸਤਿੰਦਰ ਸਿੰਘ ਖਾਲਸਾ,ਲਾਲਾ ਕਮਲ ਕੁਮਾਰ, ਅਮਨਦੀਪ ਸਿੰਘ,ਨਿਤਿਨ ਕੁਮਾਰ, ਬਲਦੇਵ ਕ੍ਰਿਸ਼ਨ, ਜੋਤੀ, ਜੋਗਿੰਦਰ ਕੌਰ,ਸਿਦੋ, ਤਰਸੇਮ ਕੋਰ ਆਦੀ ਨੇ ਇਕ-ਇਕ ਪੌਦਾ ਲਗਾਇਆ।



# ਡੇਰਾ ਗੁਰੂਸਰ ਖੁੱਡਾ ਵਿਖੇ ਭਲਕੇ ਮਨਾਈ ਜਾਵੇਗੀ ਪੂਰਨਮਾਸ਼ੀ

**ਅੱਡਾ ਸਰਾਂ (ਜਸਵੀਰ ਕਾਜਲ)**- ਨਿਰਮਲੇ ਭੇਖ ਸੰਪਰਦਾਏ ਨਾਲ ਸੰਬੰਧਤ ਡੇਰਾ ਗੁਰੂਸਰ ਖੁੱਡਾ ਜੌੜੀਆਂ ਢਾਬਾ ਵਿਖੇ ਗੁਰ ਪੁੰਨਿਆ ਦਾ ਪਵਿੱਤਰ ਦਿਹਾੜਾ 10 ਜੁਲਾਈ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਡੇਰਾ ਗੁਰੂਸਰ ਖੁੱਡਾ ਦੇ ਮੁੱਖ ਸੇਵਾਦਾਰ ਪ੍ਰਾਚੀਨ ਨਿਰਮਲ ਮਹਾ ਮੰਡਲ ਦੇ ਕੌਮੀ ਪ੍ਰਧਾਨ ਤੇ ਨਿਰਮਲ ਭੇਖ ਰਤਨ ਸੰਤ ਬਾਬਾ ਤੇਜਾ ਸਿੰਘ ਦੀ ਅਗਵਾਈ ਵਿੱਚ ਹੋਣ ਵਾਲੇ ਸਮਾਗਮ ਸਬੰਧੀ ਸੰਤ ਸੁਖਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 10 ਜੁਲਾਈ ਨੂੰ ਸਵੇਰੇ 9 ਵਜੇ ਪਾਏ ਜਾਣਗੇ। ਗੁਰੂ ਦੇ ਲੰਗਰ ਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਾਏ ਜਾਣਗੇ ਇਸ ਮੌਕੇ ਹੋਰਨਾਂ ਤੋਂ ਇਲਾਵਾ ਹੈੱਡ ਗ੍ਰੰਥੀ ਭਾਈ ਜਸਵਿੰਦਰ ਸਿੰਘ ਸਾਬੀ, ਬਲਜੀਤ ਸਿੰਘ, ਕਰਤਾਰ ਸਿੰਘ ਰਵਿੰਦਰ ਸਿੰਘ, ਜਸਵਿੰਦਰ ਸਿੰਘ ਜੱਸੀ , ਢੋਲੂ ਸੈਣੀ, ਨਰਿੰਦਰ ਸਿੰਘ ਰੱਲਣਾ, ਲਸ਼ਕਰ ਸਿੰਘ ਖੁੱਡਾ, ਸੁਖਵਿੰਦਰ ਸਿੰਘ ਖੁੱਡਾ, ਦਿਲਦਾਰ ਸਿੰਘ ਨੀਟਾ ਤੋਂ ਇਲਾਵਾ ਹੋਰ ਸੰਗਤਾਂ ਤੇ ਸੇਵਾਦਾਰ ਵੀ ਹਾਜ਼ਰ ਸਨ।



# ਸੀਨੀਅਰ ਪੱਤਰਕਾਰ ਕੁਲਵੀਰ ਸਿੰਘ ਕਾਹਲੋਂ ਨੂੰ ਸ਼ਰਧਾਂਜਲੀਆਂ

**ਆਦਮਪੁਰ (ਪਰਮਜੀਤ ਸਿੰਘ)**- ਭੋਗਪੁਰ ਤੋਂ ਸੀਨੀਅਰ ਪੱਤਰਕਾਰ ਅਦਾਰਾ ਨਵਾਂ ਜ਼ਮਾਨਾ ਦੇ ਸ. ਕੁਲਵੀਰ ਸਿੰਘ ਕਾਹਲੋਂ ਪੁੱਤਰ ਸ. ਗੁਰਦਿਆਲ ਸਿੰਘ ਪਿੰਡ ਚੱਕ ਝੰਡੂ ਜ਼ਿਲ੍ਹਾ (ਜਲੰਧਰ) ਜੋ ਕਿ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ, ਨਮਿਤ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਿੰਘ ਸਭਾ ਚੱਕ ਝੰਡੂ ਵਿਖੇ ਕਰਵਾਇਆ ਗਿਆ। ਸਹਿਜ ਪਾਠ ਦੇ ਭੋਗ ਪਾਏ ਗਏ। ਸ਼ਰਧਾਂਜਲੀ ਸਮਾਗਮ ਦੌਰਾਨ ਰਾਗੀ ਜਥਿਆਂ ਵਲੋਂ ਵੈਰਾਗਮਈ ਕੀਰਤਨ ਕੀਤਾ ਗਿਆ।ਉਪਰੰਤ ਵੱਖ -ਵੱਖ ਸਮਾਜਿਕ, ਧਾਰਮਿਕ, ਰਾਜਨੀਤਕ ਤੇ ਕਿਸਾਨ ਜਥੇਬੰਦੀਆਂ ਅਤੇ ਪੱਤਰਕਾਰ ਭਾਈਚਾਰਾ ਬਲਵਿੰਦਰ ਸਿੰਘ ਭੰਗੂ, ਆਪ ਪਾਰਟੀ ਦੇ ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂ, ਹਲਕਾ ਆਦਮਪੁਰ ਦੇ ਐਮ ਐਲ ਏ ਸੁੱਖਵਿੰਦਰ ਸਿੰਘ ਕੋਟਲੀ, ਬਲਵਿੰਦਰ ਸਿੰਘ ਮੱਲੀ ਨੰਗਲ, ਹਰਬਲਿੰਦਰ ਸਿੰਘ ਬੋਲੀਨਾ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ । ਇਸ ਮੌਕੇ ਬੀ ਕੇ ਯੂ ਕਾਦੀਆਂ ਪ੍ਰਧਾਨ ਅਮਰਜੀਤ ਸਿੰਘ ਚੌਲਾਂਗ, ਆਪ ਪਾਰਟੀ ਦੇ ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂ, ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਪ੍ਰਭਦਿਆਲ ਸਿੰਘ, ਬੀ ਜੇ ਪੀ ਆਗੂ ਹਰਵਿੰਦਰ ਸਿੰਘ ਡੱਲੀ, ਦੋਆਬਾ ਕਿਸਾਨ ਸੰਘਰਸ਼ ਕਮੇਟੀ ਪ੍ਰਧਾਨ ਬਲਵਿੰਦਰ ਸਿੰਘ ਮੱਲੀ ਨੰਗਲ, ਜਸਵੀਰ ਸਿੰਘ, ਚੰਨਣ ਸਿੰਘ ਨੰਗਲ, ਹਰਬਲਿੰਦਰ ਸਿੰਘ ਬੋਲੀਨਾ, ਸਮੂਹ ਪੱਤਰਕਾਰ, ਅਕਾਲੀ ਦਲ ਪਾਰਟੀ ਦੇ ਪ੍ਰਤੀਨਿਧ, ਸਮੂਹ ਸਕੂਲਾਂ ਦੇ ਪ੍ਰਤਨਿਧ, ਰਾਜਨੀਤਕ, ਧਾਰਮਿਕ, ਸਮਾਜਿਕ ਜਥੇਬੰਦੀਆਂ, ਰਿਸ਼ਤੇਦਾਰ, ਸੱਜਣ ਮਿੱਤਰ ਤੇ ਇਲਾਕਾ ਵਾਸੀ ਹਾਜ਼ਰ ਸਨ ।



# ਪਡਿਆਲਾ ਵੱਲੋਂ ਸ਼ਿਵ ਮਹਾਂਪੁਰਾਨ ਕਥਾ ਦਾ ਪੋਸਟਰ ਜਾਰੀ

**ਕੁਰਾਲੀ (ਮੋਹਨ ਅੱਗਰਵਾਲ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੌਰੀ ਸ਼ੰਕਰ ਧਾਮ ਵਲੋਂ ਸਥਾਨਕ ਵਾਰਡ ਨੰਬਰ 14 ਦੇ ਵਿੱਚ 15 ਜੁਲਾਈ ਤੋਂ ਲੈ ਕੇ 23 ਜੁਲਾਈ ਤੱਕ ਕਰਵਾਈ ਜਾ ਰਹੀ ਸ੍ਰੀ ਸ਼ਿਵ ਮਹਾਪੁਰਾਨ ਕਥਾ ਦਾ ਪੋਸਟਰ ਸੀਨੀਅਰ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ ਜਰਨਲ ਸਕੱਤਰ (ਕਿਸਾਨ ਕਾਂਗਰਸ ਪੰਜਾਬ) ਵੱਲੋਂ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਪੰਡਿਤ ਜਗਦੀਸ਼ ਚੰਦ ਸ਼ਾਸਤਰੀ ਚਿੱਤਰਕੂਟ ਵਾਲੇ ਸੰਗਤਾਂ ਨੂੰ ਸ਼੍ਰੀ ਸ਼ਿਵ ਮਹਾਂਪੁਰਾਨ ਕਥਾ ਸਰਵਣ ਕਰਵਾਉਣਗੇ।15 ਜੁਲਾਈ ਨੂੰ ਕਲਸ਼ ਯਾਤਰਾ ਕੀਤੀ ਜਾਵੇਗੀ ਅਤੇ 21 ਜੁਲਾਈ ਨੂੰ ਮਾਂ ਦੁਰਗਾ ਜੀ ਦੀ ਮੂਰਤੀ ਸਥਾਪਨਾ ਕੀਤੀ ਜਾਵੇਗੀ।ਇਸ ਮੌਕੇ ਪ੍ਰਧਾਨ ਸਨੀ ਭਸੀਨ, ਮੁਕੇਸ਼ ਰਾਣਾ ਸਾਬਕਾ ਕੌਂਸਲਰ, ਕੁਲਵਿੰਦਰ ਸਿੰਘ ਨਗਲੀਆਂ ਸਾਬਕਾ ਸਰਪੰਚ, ਨੀਟਾ ਜੱਸਲ, ਗੋਲਡੀ ਸ਼ੁਕਲਾ, ਸੰਜੂ ਚਨਾਲੋ, ਲਖਵਿੰਦਰ ਲੱਖਾ, ਸੂਰਜ ਵਰਮਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।



# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਮੁਫ਼ਤ ਮੈਡੀਕਲ ਕੈਂਪ ਲਗਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)**— ਵਿਸ਼ਵ ਪ੍ਰਸਿੱਧ ਸੂਫ਼ੀ ਦਰਗਾਹ ਦਾਨੇ ਵਾਲ ਮਸਤਾਂ ਦੇ ਦਰਬਾਰ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੁਆਬਾ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ ਵੱਲੋਂ ਜ਼ਿਲ੍ਹਾ ਪ੍ਰਧਾਨ ਡਾਕਟਰ ਰਾਜੀਵ ਸ਼ਰਮਾ ਦੀ ਅਗਵਾਈ ਹੇਠ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਦੇ ਵਿੱਚ ਕਮੇਟੀ ਮੈਂਬਰ ਡਾਕਟਰ ਸੋਮ ਨਾਥ ਨੇ ਇਸ ਕੈਂਪ ਦੀ ਅਗਵਾਈ ਕੀਤੀ ਅਤੇ ਬਾਕੀ ਮੈਡੀਕਲ ਐਸੋਸੀਏਸ਼ਨ ਮੈਂਬਰਾਂ ਨੇ ਆਪਣੇ ਵੱਲੋਂ ਤਨਦੇਹੀ ਨਾਲ ਸੇਵਾ ਨਿਭਾਈ। ਇਸ ਮੌਕੇ ਡਾਕਟਰ ਊਧਮ ਸਿੰਘ, ਡਾਕਟਰ ਬਲਵਿੰਦਰ ਸਿੰਘ, ਡਾਕਟਰ ਬਲਵੀਰ ਥਾਪਰ, ਡਾਕਟਰ ਹਰਜੀਤ ਸਿੰਘ, ਡਾਕਟਰ ਬਲਕਾਰ ਸਿੰਘ, ਡਾਕਟਰ ਬਲਜਿੰਦਰ ਸਿੰਘ ਥਿੰਦ, ਡਾਕਟਰ ਰਾਜੇਸ਼ ਕੁਮਾਰ, ਸੁਖਵਿੰਦਰ ਸਿੰਘ, ਮਨਪ੍ਰੀਤ ਸਿੰਘ, ਡਾਕਟਰ ਮਨੀਸ਼ ਕੁਮਾਰ ਸ਼ਰਮਾ, ਡਾਕਟਰ ਗੁਰਵਿੰਦਰ ਸਿੰਘ, ਸੁਖਵਿੰਦਰ ਮੱਟੂ ਤੋਂ ਇਲਾਵਾ ਹੋਰ ਆਗੂ ਵੀ ਹਾਜਰ ਸਨ।



9 July Page-9.qxd 7/8/2025 10:38 PM Page 1



# ਗਲੋਬਲ ਸਿੱਖ ਕੌਂਸਲ ਵੱਲੋਂ ਤਖ਼ਤ ਪਟਨਾ ਸਾਹਿਬ ਦੀ ਕਮੇਟੀ ਦੇ ਆਪਹੁਦਰੇਪਣ ਦੀ ਸਖ਼ਤ ਨਿੰਦਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਿਸ਼ਵ ਪੱਧਰੀ ਸਿੱਖ ਸੰਸਥਾਵਾਂ ਦੀ ਨੁਮਾਇੰਦਗੀ ਕਰਦੀ ਗਲੋਬਲ ਸਿੱਖ ਕੌਂਸਲ (ਜੀ.ਐਸ.ਸੀ.) ਨੇ ਤਖ਼ਤ ਸ੍ਰੀ ਹਰਿਮੰਦਰ ਸਾਹਿਬ, ਪਟਨਾ ਸਾਹਿਬ ਦੇ ਪੰਜ ਗ੍ਰੰਥੀਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣ ਦੀ ਸਖ਼ਤ ਨਿੰਦਾ ਕਰਦਿਆਂ ਇਸ ਗਿਣੇ-ਮਿੱਥੇ ਅਤੇ ਆਪਹੁਦਰੇ ਕਦਮ ਨਾਲ ਸਿੱਖ ਮਰਿਆਦਾ ਦੀ ਘੋਰ ਉਲੰਘਣਾ, ਪੰਥਕ ਪ੍ਰੋਟੋਕਾਲ ਨੂੰ ਅਣਗੌਲਿਆ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਅਤੇ ਪ੍ਰਮੁੱਖਤਾ ਨੂੰ ਸਿੱਧੀ ਚੁਣੌਤੀ ਕਰਾਰ ਦਿੱਤਾ ਹੈ ਕਿਉਂਕਿ ਪੰਥਕ ਮਾਮਲਿਆਂ ਦਾ ਨਿਰਣਾ ਕਰਨ ਲਈ ਅਕਾਲ ਤਖ਼ਤ ਹੀ ਅਧਿਕਾਰਤ ਅਤੇ ਇਕਲੌਤਾ ਸਥਾਈ ਅਸਥਾਨ ਹੈ।ਇੱਥੋਂ ਜਾਰੀ ਬਿਆਨ ਵਿੱਚ ਜੀ ਐਸ ਸੀ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਨੇ ਕਿਹਾ ਕਿ ਖੇਤਰੀ ਤਖ਼ਤਾਂ ਨੂੰ ਸਿਰਫ ਆਪਣੇ ਖੇਤਰੀ ਅਧਿਕਾਰ ਹੇਠਲੇ ਇਲਾਕਿਆਂ ਅਤੇ ਆਪਣੇ ਕਾਰਜਾਂ ਤੇ ਨੀਤੀ ਤੇ ਸੂਬਾਈ ਕੰਟਰੋਲ ਕਰਨ ਦਾ ਹੀ ਹੱਕ ਹੈ ਜੋ ਸਥਾਨਕ ਮੁੱਦਿਆਂ ਅਤੇ ਆਪਣੇ



ਅਧਿਕਾਰ ਖੇਤਰ ਤੋਂ ਇਲਾਵਾ ਕੋਈ ਬਾਹਰੀ ਦਖ਼ਲਅੰਦਾਜ਼ੀ ਨਹੀਂ ਕਰ ਸਕਦੇ। ਸੁਖਬੀਰ ਸਿੰਘ ਪਟਨਾ ਜਾਂ ਬਿਹਾਰ ਦਾ ਨਿਵਾਸੀ ਨਹੀਂ ਹੈ ਤੇ ਉਸ ਵਿਰੁੱਧ ਕਥਿਤ ਦੋਸ਼ ਖੇਤਰੀ ਨਹੀਂ ਸਗੋਂ ਰਾਸ਼ਟਰੀ ਪੱਧਰ ਦੇ ਹਨ। ਇਸ ਲਈ ਉਸ ਦੀ ਪਾਰਟੀ ਅਤੇ ਉਸ ਦੀਆਂ ਕਾਰਵਾਈਆਂ ਸਪੱਸ਼ਟ ਤੌਰ ਉਤੇ ਇਸ ਖੇਤਰੀ ਤਖ਼ਤ ਦੇ ਅਧਿਕਾਰ ਖੇਤਰ ਤੋਂ ਬਿਲਕੁਲ ਬਾਹਰੀ ਹਨ। ਉਨ੍ਹਾ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਮੁੱਚੇ ਪੰਥਕ ਫੈਸਲਿਆਂ ਉਤੇ ਵਿਸ਼ੇਸ਼ ਅਧਿਕਾਰ ਖੇਤਰ ਰੱਖਦਾ ਹੈ ਅਤੇ ਸਰਬਉੱਚ ਹੈ ਇਸ ਦੇ ਉਲਟ, ਚਾਰ ਖੇਤਰੀ ਤਖ਼ਤਾਂ ਵਿੱਚ ਪਟਨਾ ਸਾਹਿਬ, ਹਜ਼ੂਰ ਸਾਹਿਬ, ਕੇਸਗੜ੍ਹ ਸਾਹਿਬ ਅਤੇ ਦਮਦਮਾ ਸਾਹਿਬ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਸਥਾਨਕ ਧਾਰਮਿਕ ਮਾਮਲਿਆਂ ਦੀ ਨਿਗਰਾਨੀ ਲਈ ਸਥਾਪਤ ਕੀਤਾ ਗਿਆ ਸੀ।

# ਪੰਜਾਬੀ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ : ਜੀਤਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਵੱਲੋਂ ਵਿਸ਼ੇਸ਼ ਉਪਰਾਲਾ ਕਰਦਿਆਂ ਪੰਜਾਬੀ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੰਮ ਕਰਨ ਲਈ ਰੇਹੜੀਆਂ ਵੰਡੀਆਂ ਗਈਆਂ। ਇਸ ਵਿਸ਼ੇਸ਼ ਉਪਰਾਲੇ ਲਈ ਉਹਨਾਂ ਆਪਣੇ ਕੋਲੋਂ 1.25 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਵੀ ਖਰਚ ਕੀਤੀ ਗਈ। ਪ੍ਰਧਾਨ ਜੀਤਾ ਨੇ ਇਸ ਮੌਕੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਹਰ ਤਰ੍ਹਾਂ ਦੀ ਮਿਹਨਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪੰਜਾਬੀ ਨੌਜਵਾਨਾਂ ਨੂੰ ਰੋਜਗਾਰ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਹਰ ਸੰਭਵ ਮੱਦਦ ਕੀਤੀ ਜਾਵੇਗੀ। ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਜਾਣ ਦੀ ਬਜਾਏ ਆਪਣੇ ਦੇਸ਼ ਵਿੱਚ ਰਹਿ ਕੇ ਹੀ ਆਤਮ ਨਿਰਭਰ ਬਣਨ ਲਈ ਮਿਹਨਤ ਕਰਨੀ ਚਾਹੀਦੀ ਹੈ। ਇਸ ਮੌਕੇ ਗੱਲ ਕਰਦਿਆਂ ਹੈਲਪ ਫਾਊਂਡੇਸ਼ਨ ਦੇ ਚੇਅਰਮੈਨ ਦਲੀਪ ਹੰਸ ਨੇ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਦੀ ਵੱਡੀ ਸੋਚ ਦਾ ਨਤੀਜਾ ਇਹ ਉਪਰਾਲਾ ਬਹੁਤ ਹੀ ਵਧੀਆ ਹੈ ਜੋ ਪੰਜਾਬ ਅਤੇ ਪੰਜਾਬ ਦੇ ਲੋਕਾਂ ਲਈ ਚੰਗਾ ਫੈਸਲਾ ਹੈ। ਉਹਨਾਂ ਕਿਹਾ ਕਿ ਪੰਜਾਬੀ ਰੁਜ਼ਗਾਰ ਪੱਖੋਂ ਬਹੁਤ ਪਿੱਛੇ ਰਹਿ ਗਏ ਹਨ। ਪੰਜਾਬ ਅੰਦਰ ਬਾਹਰੀ ਲੋਕ ਆ ਕੇ ਕਾਮਯਾਬ ਹੋ ਗਏ ਪਰ ਪੰਜਾਬੀ ਕੰਮ ਤੋਂ ਵਾਂਝੇ ਹੋ ਗਏ। ਉਹਨਾਂ ਕਿਹਾ ਕਿ ਹਰਜੀਤ ਸਿੰਘ ਜੀਤਾ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਨੌਜਵਾਨਾਂ ਨੂੰ ਕੰਮ ਸ਼ੁਰੂ ਕਰਵਾਉਣ ਲਈ ਬਹੁਤ ਹੀ ਸ਼ਾਨਦਾਰ ਰੇਹੜੀਆਂ ਬਣਾ ਕੇ ਦਿੱਤੀਆਂ ਹਨ ਅਤੇ ਜਲਦ ਹੀ ਇਹਨਾਂ ਰੇਹੜੀਆਂ ਲਈ ਢੁਕਵਾਂ ਸਥਾਨ ਵੀ ਦੇ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਅੱਗੋਂ ਵੀ ਇਹ ਕੋਸ਼ਿਸ਼ ਜਾਰੀ ਰਹੇਗੀ ਅਤੇ ਜੋ ਵੀ ਸ੍ਰੀ ਅਨੰਦਪੁਰ ਸਾਹਿਬ ਇਲਾਕੇ ਨਾਲ ਸਬੰਧਤ ਪੰਜਾਬੀ ਨੌਜਵਾਨ ਆਪਣਾ ਕੰਮ ਕਰਨਾ ਚਾਹੇਗਾ ਉਹ ਪ੍ਰਧਾਨ ਜੀਤਾ ਨਾਲ ਸੰਪਰਕ ਕਰ ਸਕਦਾ ਹੈ।ਰੇਹੜੀ ਫੜ੍ਹੀ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਸੁਨੀਲ ਅਡਵਾਲ ਨੇ ਇਸ ਮੌਕੇ ਗੱਲ ਕਰਦਿਆਂ ਕਿਹਾ ਕਿ ਪ੍ਰਵਾਸੀ ਲੋਕ ਪੰਜਾਬ ਵਿੱਚ ਆ ਕੇ ਚੰਗੀ ਕਮਾਈ ਕਰ ਰਹੇ ਹਨ ਪਰ ਸਾਡੇ



ਪੰਜਾਬੀ ਨੌਜਵਾਨ ਛੋਟੇ ਕੰਮ ਕਰਨ ਵਿੱਚ ਸ਼ਰਮ ਮਹਿਸੂਸ ਕਰਦੇ ਹਨ ਜੋ ਕਿ ਬਹੁਤ ਗਲਤ ਹੈ। ਪੰਜਾਬੀ ਨੌਜਵਾਨਾਂ ਨੂੰ ਮਿਹਨਤ ਕਰਨ ਵਿੱਚ ਸ਼ਰਮ ਨਹੀਂ ਕਰਨੀ ਚਾਹੀਦੀ ਸਗੋਂ ਅੱਗੇ ਵਧਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਵੱਲੋਂ ਸਵਾ ਲੱਖ ਰੁਪਏ ਲਾ ਕੇ ਇਹ ਰੇਹੜੀਆਂ ਤਿਆਰ ਕੀਤੀਆਂ ਹਨ ਜੋ ਕਿ ਲੋੜਵੰਦ ਅਤੇ ਚਾਹਵਾਨ ਪੰਜਾਬੀ ਨੌਜਵਾਨਾਂ ਨੂੰ ਆਪਣਾ ਕੰਮ ਕਰਨ ਲਈ ਦਿੱਤੀਆਂ ਜਾਣਗੀਆਂ। ਉਹਨਾਂ ਸ੍ਰੀ ਅਨੰਦਪੁਰ ਸਾਹਿਬ ਦੇ ਨੌਜਵਾਨਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਜੋ ਵੀ ਨੌਜਵਾਨ ਆਪਣਾ ਕੰਮ ਕਰਨ ਦਾ ਇੱਛੁਕ ਹੈ ਉਹ ਜ਼ਰੂਰ ਨਗਰ ਕੌਂਸਲ ਪ੍ਰਧਾਨ ਨਾਲ ਸੰਪਰਕ ਕਰਨ। ਨਗਰ ਕੌਂਸਲ ਪ੍ਰਧਾਨ ਵੱਲੋਂ ਜੋ ਵੀ ਸੰਭਵ ਮੱਦਦ ਹੋ ਸਕੇਗੀ ਕੀਤੀ ਜਾਵੇਗੀ।

# ਵੱਡੀ ਗਿਣਤੀ 'ਚ ਅਧਿਆਪਕ ਗੌਰਮਿੰਟ ਟੀਚਰ ਯੂਨੀਅਨ ਸ਼ਾਮਲ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲਪੁਰੀ)**- ਅਧਿਆਪਕਾਂ ਦੇ ਹੱਕਾਂ ਲਈ ਲੜਨ ਵਾਲੀ ਪੰਜਾਬ ਦੀ ਸਭ ਤੋਂ ਵੱਡੀ ਅਧਿਆਪਕ ਜਥੇਬੰਦੀ ਗੌਰਮਿੰਟ ਟੀਚਰ ਯੂਨੀਅਨ ਕਪੂਰਥਲਾ ਵਾਲੋਂ ਵਿੱਚ ਵੱਡਾ ਵਾਧਾ ਹੋਇਆ ਜਦੋਂ ਨਵੇਂ ਭਰਤੀ ਹੋਏ ਅਧਿਆਪਕਾਂ ਨੇ ਜਥੇਬੰਦੀ ਦੀ ਡਟ ਕੇ ਸਾਥ ਦੇਣ ਦਾ ਐਲਾਨ ਕੀਤਾ। ਜ਼ਿਲ੍ਹਾ ਪ੍ਰਧਾਨ ਸੁਖਚੈਨ



ਸਿੰਘ ਦੀ ਅਗਵਾਈ ਹੇਠ ਹੋਏ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸ਼ਾਮਿਲ ਅਧਿਆਪਕਾਂ ਨੇ ਕਿਹਾ ਕਿ ਗੌਰਮਿੰਟ ਟੀਚਰ ਯੂਨੀਅਨ ਹੀ ਅਧਿਆਪਕਾਂ ਦੇ ਹੱਕਾਂ ਦੀ ਲੜਾਈ ਲੜਦੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਬੱਧਣ ਨੇ ਜਥੇਬੰਦੀ ਵਿੱਚ ਸ਼ਾਮਿਲ ਹੋਣ ਅਧਿਆਪਕਾਂ ਦਾ ਸਵਾਗਤ ਕਰਦੇ ਹਾਂ ਕਿਹਾ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਇੱਕ ਇੱਕੋ ਇੱਕ ਅਜਿਹੀ ਜਥੇਬੰਦੀ ਹੈ ਜਿਸ ਨੇ ਅਧਿਆਪਕਾਂ ਦੇ ਹੱਕਾਂ ਲਈ ਡੱਟ ਕੇ ਪਹਿਰਾ ਦਿੱਤਾ ਹੈ। ਜਦੋਂ ਵੀ ਅਧਿਆਪਕਾਂ ਦੇ ਹੱਕਾਂ ਦੀ ਗੱਲ ਹੋਈ ਤਾਂ ਜਥੇਬੰਦੀ ਨੇ ਮੋਹਰੀ ਰੋਲ ਅਦਾ ਕੀਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਜਿਸ ਵਿੱਚ 70 ਹਜਾਰ ਤੋਂ ਉੱਪਰ ਮੁਲਾਜ਼ਮ ਸ਼ਾਮਿਲ ਹਨ। ਜਿਸ ਤਹਿਤ ਮੁਲਾਜ਼ਮਾਂ ਦੇ ਹੱਕਾਂ ਨੂੰ ਮੁੱਖ ਰੱਖਦਿਆਂ ਵੱਡੇ ਕਿਰੰਨ ਦੇ ਰੂਪ ਗੌਰਮਿੰਟ ਟੀਚਰਜ਼ ਯੂਨੀਅਨ ਅਹਿਮ ਰੋਲ ਅਦਾ ਕਰ ਰਹੀ ਹੈ। ਇਸ ਮੌਕੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਬੂਲਪੁਰ ਅਤੇ ਬਲਾਕ ਕਪੂਰਥਲਾ ਦੇ ਪ੍ਰਧਾਨ ਜਗਜੀਤ ਸਿੰਘ ਰਾਜੂ ਬੂਲਪੁਰ ਨੇ ਕਿਹਾ ਕਿ ਜਥੇਬੰਦੀ ਲਗਾਤਾਰ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੀ ਹੈ ਅਤੇ ਆਉਣ ਵਾਲੇ ਸਮੇਂ ਦੇ ਵਿੱਚ ਵੀ ਸਰਕਾਰ ਦੀਆਂ ਗਲਤ ਨੀਤੀਆਂ ਨੂੰ ਟੱਕਰ ਦੇਵੇਗੀ। ਇਸ ਮੌਕੇ ਨਵ ਨਿਯੁਕਤ ਅਧਿਆਪਕ ਚੇਤਨ ਮਾਨ, ਮਨਜੀਤ ਸਿੰਘ, ਮੋਨਿਕਾ, ਮਨਪ੍ਰੀਤ ਕੌਰ, ਕਮਲਜੀਤ ਕੌਰ, ਰਾਧੇ ਸ਼ਾਮ, ਅਜੇ ਕੁਮਾਰ, ਮਨਦੀਪ ਸਿੰਘ, ਪ੍ਰਦੀਪ ਕੁਮਾਰ, ਗੀਤਾ, ਮਨਦੀਪ ਕੌਰ, ਅਮਨਦੀਪ, ਆਸ਼ੀਸ਼ ਕੌਸ਼ਿਕ, ਗਗਨਦੀਪ ਕੌਰ ਸਮੇਤ ਨਵ ਨਿਯੁਕਤ ਅਧਿਆਪਕਾਂ ਨੂੰ ਜਥੇਬੰਦੀ ਨੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਰਮੇਸ਼ ਕੰਬੋਜ ਲਾਧੂਕਾ ਮੰਡੀ, ਅਸ਼ਵਨੀ ਕੁਮਾਰ, ਕੁਲਦੀਪ ਕੰਬੋਜ ਲਾਧੂਕਾ, ਅਜੇ ਕੁਮਾਰ ਸ਼ਰਮਾ, ਰਾਜਵੀਰ ਪਠਾਨੀਆ, ਜਗਮੋਹਨ ਸਿੰਘ ਜਾਗਲਾਂ, ਸੁਖਜਿੰਦਰ ਸਿੰਘ, ਹਰਬੰਸ ਸਿੰਘ ਰਿਟਾਇਰਡ ਸੁਪਰਡੈਂਟ ਹਾਜ਼ਰ ਸਨ।

# ਅਸ਼ੋਕ ਕਟਾਰੀਆ ਨੇ ਨਹਿਰ ਸੰਬੰਧੀ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



ਬਲਾਚੌਰ (ਜਸਵਿੰਦਰ ਬੈਂਸ)

ਬਲਾਕ ਸੜੋਆ ਦੇ ਪਿੰਡ ਜੀਤਪੁਰ ਵਿਖੇ ਨਾਨੋਵਾਲ ਕੰਢੀ,ਧਰਮਪੁਰ,ਪੈਲੀ,ਜੀਤਪੁਰ, ਚੁਹੜਪੁਰ ਆਦਿ ਵੱਖ ਵੱਖ ਪਿੰਡਾਂ ਦੀ ਬੈਠਕ ਵਿਧਾਨ ਸਭਾ ਹਲਕਾ ਬਲਾਚੌਰ ਦੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਤੇ ਨਹਿਰੀ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਅਗਵਾਈ ਦੇ ਵਿੱਚ ਪਿੰਡ ਜੀਤਪੁਰ ਵਿਖੇ ਕੀਤੀ ਗਈ। ਇਸ ਮੌਕੇ ਪਿੰਡਾਂ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਆਪ ਆਗੂ ਅਸ਼ੋਕ ਕਟਾਰੀਆ ਨੇ ਦੱਸਿਆ ਕਿ ਕੰਢੀ ਨਹਿਰ ਦਾ ਮੁੱਖ ਮਕਸਦ ਕੰਢੀ ਇਲਾਕੇ ਦੀ ਬੰਜਰ ਪਈ ਜ਼ਮੀਨ ਨੂੰ ਉਪਜਾਊ ਬਣਾਉਣਾ ਹੈ।ਉਨ੍ਹਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ, ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਮਾੜੀ ਕਾਰਗੁਜਾਰੀ ਦੇ ਕਾਰਨ ਕੰਢੀ ਨਹਿਰ ਲੋਕਾਂ ਦੀ ਮੰਗ ਤੋਂ ਉਲਟ ਪਾਈਪਾਂ ਰਾਹੀਂ ਕੱਢ ਕੇ ਨਹਿਰ ਨੂੰ ਦੋ ਭਾਗਾਂ ਵਿਚ ਵੰਡ ਦਿੱਤਾ ਗਿਆ ਅਤੇ ਨਹਿਰ ਭ੍ਰਿਸ਼ਟਾਚਾਰ ਦੀ ਭੇਟ ਚੜ੍ਹ ਗਈ। ।ਅੱਜ ਜਦੋਂ ਪੰਜਾਬ ਸਰਕਾਰ ਇਸ ਨਹਿਰ ਨੂੰ ਪੂਰਾ ਕਰਨ ਲਈ ਵੱਡੇ ਪੱਧਰ ਉਤੇ ਲੱਗੀ ਹੋਈ ਹੈ ਤਦ ਕੰਢੀ ਇਲਾਕੇ ਦੇ ਬਹੁਤ ਸਾਰੇ ਪਿੰਡਾਂ ਦੀ ਬਹੁਤ ਸਾਰੀ ਜ਼ਮੀਨ ਕੰਢੀ ਨਹਿਰ ਦੀ ਪਾਈਪ ਲਾਈਨ ਤੋਂ ਬਿਨਾਂ ਰਹਿ ਗਈ ਹੈ।ਉਹਨਾਂ ਸਾਰੇ ਪਿੰਡਾਂ ਦੀ ਵੱਧ ਤੋਂ ਵੱਧ ਜ਼ਮੀਨ ਨੂੰ ਕੰਢੀ ਨਹਿਰ ਦੇ ਪਾਣੀ ਦੀ ਸਹੂਲਤ ਦੇਣ ਲਈ ਪਾਈਪ ਲਾਈਨ ਪਾਈ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਹਲਕਾ ਵਿਧਾਇਕਾ ਸ੍ਰੀਮਤੀ ਸੰਤੋਸ਼ ਕਟਾਰੀਆ ਕੰਢੀ ਦੇ ਕਿਸਾਨਾਂ ਦੀ ਲੰਬੇ ਸਮੇਂ ਤੋਂ ਲਟਕ ਰਹੀ ਇਸ ਮੰਗ ਨੂੰ ਸਰਕਾਰ ਕੋਲੋਂ ਪੂਰਾ ਕਰਨ ਦੀ ਕੋਸ਼ਿਸ਼ ਲਗਾਤਾਰ ਕਰਦੇ ਆ ਰਹੇ ਹਨ। ਇਸ ਮੌਕੇ ਨਹਿਰੀ ਵਿਭਾਗ ਦੀ ਟੀਮ ਵਲੋਂ ਅਧਿਕਾਰੀਆਂ ਨੇ ਪਿੰਡਾਂ ਦੇ ਲੋਕਾਂ ਨੂੰ ਕਿਹਾ ਕਿ ਜਿਹਨਾਂ ਪਿੰਡਾਂ ਦੀ ਜ਼ਮੀਨ ਕੰਢੀ ਨਹਿਰ ਦੀ ਪਾਈਪ ਲਾਈਨ ਤੋਂ ਬਾਹਰ ਰਹਿ ਗਈ ਹੈ ਉਹ ਪਿੰਡ ਸਾਂਝੇ ਤੌਰ 'ਤੇ ਦਰਖਾਸਤ ਵਿਭਾਗ ਨੂੰ ਦੇਣ। ਇਸ ਮੌਕੇ ਕੰਢੀ ਵੱਖ ਵੱਖ ਪਿੰਡਾਂ ਤੋਂ ਆਏ ਹੋਏ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਲੋਕਾਂ ਦੀ ਮੰਗ ਅਨੁਸਾਰ ਹੀ ਉਹਨਾਂ ਦੀ ਬੰਜਰ ਜ਼ਮੀਨ ਨੂੰ ਉਪਜਾਊ ਬਣਾਇਆ ਜਾਵੇਗਾ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਮੋਹਤਵਰ ਆਗੂ ਪੰਚ ਸਰਪੰਚ ਮੌਕੇ 'ਤੇ ਨਹਿਰੀ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।

# ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਮਕਸੂਦਾਂ 'ਚ ਐਕਸੀਲੈਂਸ ਸੈਂਟਰ ਸਥਾਪਤ



ਜਲੰਧਰ (ਸ਼ੈਲੀ ਐਲਬਰਟ)

ਹੁਨਰ-ਅਧਾਰਿਤ ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਵਜੋਂ, ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਸ, ਨਾਰਥ ਕੈਂਪਸ, ਮਕਸੂਦਾਂ ਨੇ ਏਟੇਂਸ ਫਾਊਂਡੇਸ਼ਨ ਅਤੇ ਆਈ.ਸੀ.ਟੀ. ਅਕੈਡਮੀ ਦੇ ਸਹਿਯੋਗ ਨਾਲ ਇੱਕ ਆਧੁਨਿਕ ਐਕਸੀਲੈਂਸ ਸੈਂਟਰ ਦਾ ਉਦਘਾਟਨ ਕੀਤਾ। ਇਹ ਮੀਲ-ਪੱਥਰ ਸੰਸਥਾ ਦੇ ਉਸ ਮਿਸ਼ਨ ਨੂੰ ਹੋਰ ਮਜ਼ਬੂਤ ਕਰਦਾ ਹੈ, ਜਿਸ ਵਿੱਚ ਵਿਦਿਆਰਥੀਆਂ ਨੂੰ ਪਰੰਪਰਾਗਤ ਕਲਾਸਰੂਮ ਸਿੱਖਿਆ ਤੋਂ ਬਾਹਰ ਇੰਡਸਟਰੀ-ਅਧਾਰਿਤ ਕੁਸ਼ਲਤਾ ਨਾਲ ਲੈਸ ਕਰਨਾ ਸ਼ਾਮਲ ਹੈ।ਇਹ ਰਣਨੀਤਕ ਸਹਿਯੋਗ ਸੰਸਥਾ ਦੀ ਉਸ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ, ਜਿਸ ਵਿੱਚ ਅਕਾਦਮਿਕ ਸਿੱਖਿਆ ਅਤੇ ਇੰਡਸਟਰੀ ਦੀਆਂ ਮੰਗਾਂ ਵਿਚਕਾਰ ਦੂਰੀ ਨੂੰ ਪਾੜਨਾ ਸ਼ਾਮਲ ਹੈ। ਨਵ ਸਥਾਪਿਤ ਐਕਸੀਲੈਂਸ ਸੈਂਟਰ ਵਿਦਿਆਰਥੀਆਂ ਨੂੰ ਅੱਜ ਦੇ ਬਦਲਦੇ ਰੋਜ਼ਗਾਰ ਬਾਜ਼ਾਰ ਵਿੱਚ ਜ਼ਰੂਰੀ ਹੈਂਡਸ-ਆਨ ਟ੍ਰੇਨਿੰਗ, ਡਿਜੀਟਲ ਹੁਨਰ ਅਤੇ ਵਿਹਾਰਕ ਅਨੁਭਵ ਪ੍ਰਦਾਨ ਕਰੇਗਾ।ਇਸ ਪਹਿਲਕਦਮੀ ਦੇ ਤਹਿਤ, ਏਟੇਂਸ ਫਾਊਂਡੇਸ਼ਨ ਨੇ ਬੀ.ਬੀ.ਏ. ਅਤੇ ਬੀ.ਕਾਮ. ਦੇ ਵਿਦਿਆਰਥੀਆਂ ਲਈ ਪ੍ਰੀਮੀਅਰ ਬੈਂਕਿੰਗ ਵਿੱਚ 100 ਘੰਟੇ ਦਾ ਵਿਸ਼ੇਸ਼ ਟ੍ਰੇਨਿੰਗ ਪ੍ਰੋਗਰਾਮ ਆਫਲਾਈਨ ਸ਼ੁਰੂ ਕੀਤਾ ਹੈ। ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਬੈਂਕਿੰਗ ਅਤੇ ਵਿੱਤੀ ਸੇਵਾ ਖੇਤਰ ਵਿੱਚ ਕਰੀਅਰ ਲਈ ਤਿਆਰ ਕਰਨ 'ਤੇ ਕੇਂਦ੍ਰਿਤ ਹੈ, ਜਿਸ ਵਿੱਚ ਪੇਸ਼ੇਵਰ ਅਤੇ ਤਕਨੀਕੀ ਕੁਸ਼ਲਤਾਵਾਂ 'ਤੇ ਜ਼ੋਰ ਦਿੱਤਾ ਜਾਵੇਗਾ। ਚਰਨਜੀਤ ਸਿੰਘ ਚੰਨੀ, ਚਾਂਸਲਰ, ਸੀ.ਟੀ. ਯੂਨੀਵਰਸਿਟੀ ਅਤੇ ਚੇਅਰਮੈਨ, ਸੀ.ਟੀ. ਗਰੁੱਪ, ਨੇ ਕਿਹਾ,'ਇਹ ਪਹਿਲ ਗੁਣਵੱਤਾ ਪੂਰਨ ਸਿੱਖਿਆ ਅਤੇ ਨਿਰੰਤਰ ਹੁਨਰ ਵਿਕਾਸ ਦੁਆਰਾ ਵਿਦਿਆਰਥੀਆਂ ਨੂੰ ਸਸ਼ਕਤ ਬਣਾਉਣ ਦੇ ਸਾਡੇ ਮਿਸ਼ਨ ਨੂੰ ਮਜ਼ਬੂਤ ਕਰਦੀ ਹੈ।' ਡਾ. ਨਿਤਿਨ ਟੰਡਨ, ਵਾਈਸ ਚਾਂਸਲਰ, ਸੀ.ਟੀ. ਯੂਨੀਵਰਸਿਟੀ ਅਤੇ ਐਗਜ਼ੀਕਿਊਟਿਵ ਡਾਇਰੈਕਟਰ, ਸੀ.ਟੀ. ਗਰੁੱਪ, ਨੇ ਕਿਹਾ,'ਇਹ ਸੈਂਟਰ ਸਿੱਖਿਆ ਵਿੱਚ ਵਿਸ਼ਵ ਪੱਧਰੀ ਮਾਪਦੰਡਾਂ ਪ੍ਰਤੀ ਸਾਡੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ। ਹੁਣ ਸਾਡੇ ਵਿਦਿਆਰਥੀਆਂ ਕੋਲ ਅਸਲ ਦੁਨੀਆ ਦੀ ਸਿੱਖਿਆ ਦਾ ਇੱਕ ਅਨੋਖਾ ਪਲੇਟਫਾਰਮ ਹੈ' ਡਾ. ਅਨੁਰਾਗ ਸ਼ਰਮਾ, ਡਾਇਰੈਕਟਰ, ਨਾਰਥ ਕੈਂਪਸ, ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਸ, ਨੇ ਕਿਹਾ, 'ਇਹ ਸਹਿਯੋਗ ਸਾਡੇ ਕੈਂਪਸ ਲਈ ਇੱਕ ਵੱਡੀ ਛਲਾਂਗ ਹੈ। ਇਹ ਨਾ ਸਿਰਫ਼ ਇਨਫਰਾਸਟ੍ਰਕਚਰ ਵਿੱਚ ਇੱਕ ਜੋੜ ਹੈ, ਸਗੋਂ ਇੰਡਸਟਰੀ-ਵਿਸ਼ੇਸ਼ ਮੁਹਾਰਤ ਦਾ ਦਰਵਾਜ਼ਾ ਹੈ। ਸਾਡੇ ਵਿਦਿਆਰਥੀ ਉੱਭਰਦੀਆਂ ਕਰੀਅਰ ਮੰਗਾਂ ਨਾਲ ਜੁੜੇ ਵਿਹਾਰਕ, ਉੱਚ-ਮੁੱਲ ਟ੍ਰੇਨਿੰਗ ਦਾ ਲਾਭ ਲੈਣਗੇ।'

# ਬਿੱਲੂ ਖੇੜਾ ਨੇ ਪਾਲ ਗੌਤਮ ਨਾਲ ਐੱਸ ਸੀ ਭਾਈਚਾਰੇ ਨਾਲ ਹੋ ਰਹੀਆਂ ਵਧੀਕੀਆਂ ਬਾਰੇ ਕੀਤੀ ਚਰਚਾ

**ਫਗਵਾੜਾ (ਡਾ. ਰਮਨ, ਚੱਢਾ)** ਕਾਂਗਰਸ ਪਾਰਟੀ ਦੇ ਐਸ.ਸੀ. ਵਿਭਾਗ ਪੰਜਾਬ ਦੇ ਸਾਬਕਾ ਚੇਅਰਮੈਨ ਸੁਖਵਿੰਦਰ ਬਿੱਲੂ ਖੇੜਾ ਨੇ ਦਿੱਲੀ ਵਿਖੇ ਆਲ ਇੰਡੀਆ ਕਾਂਗਰਸ ਕਮੇਟੀ (ਐਸ.ਸੀ. ਵਿਭਾਗ) ਦੇ ਕੌਮੀ ਚੇਅਰਮੈਨ ਰਾਜਿੰਦਰ ਪਾਲ ਗੌਤਮ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਹਨਾਂ ਨੇ ਪੰਜਾਬ ਕਾਂਗਰਸ' ਕੁਝ ਆਗੂਆਂ ਵਲੋਂ ਵਰਕਰਾਂ ਦੇ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਅਤੇ ਪਾਰਟੀ ਨੂੰ ਕਮਜ਼ੋਰ ਕਰਨ ਵਾਲੀ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਦੱਸਿਆ ਕਿ ਪਾਰਟੀ ਵਿੱਚ ਜੇਕਰ ਕੋਈ ਹੱਕ ਦੀ ਗੱਲ ਕਰਦਾ ਹੈ ਤਾਂ ਉਸ ਵਰਕਰ ਨਾਲ ਵਿਤਕਰਾ ਕੀਤਾ ਜਾਦਾਂ ਹੈ। ਬਿੱਲੂ ਖੇੜਾ ਨੇ ਪੰਜਾਬ ਕਾਂਗਰਸ' ਐਸ.ਸੀ. ਵਰਕਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਵੀ ਜਾਣੂ ਕਰਵਾਇਆ। ਇਸ ਦੇ ਨਾਲ ਹੀ ਉਹਨਾਂ ਨੇ ਐਸ.ਸੀ. ਭਾਈਚਾਰੇ ਦੀ ਭਲਾਈ ਲਈ ਪਾਰਟੀ ਪੱਧਰ 'ਤੇ ਚੁੱਕੇ ਜਾਣ ਵਾਲੇ ਮੁੱਦਿਆਂ ਨੂੰ ਲੈ ਕੇ ਵੀ ਉਹਨਾਂ ਨਾਲ ਚਰਚਾ ਕੀਤੀ। ਬਿੱਲੂ ਖੇੜਾ



ਨੇ ਇਸ ਮੁਲਾਕਾਤ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜਿੰਦਰ ਪਾਲ ਗੌਤਮ ਨੇ ਭਰੋਸਾ ਦਿੱਤਾ ਹੈ ਕਿ ਕਾਂਗਰਸ ਪਾਰਟੀ 'ਚ ਐਸ.ਸੀ. ਸਮਾਜ ਨਾਲ ਸਬੰਧਤ ਕਿਸੇ ਵਰਕਰ ਨੂੰ ਵੀ ਕੋਈ ਦਿੱਕਤ ਨਹੀਂ ਹੋਣ ਦਿੱਤੀ ਜਾਵੇਗੀ। ਕਿਉਂਕਿ ਪਾਰਟੀ ਨੇ ਹਮੇਸ਼ਾ ਐਸ.ਸੀ. ਸਮਾਜ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਹੈ ਅਤੇ ਅੱਗੇ ਵੀ ਇਹ ਨੀਤੀ ਜਾਰੀ ਰਹੇਗੀ। ਕਾਂਗਰਸ ਪਾਰਟੀ 'ਚ ਹਰ ਵਰਕਰ ਨੂੰ ਪਾਰਟੀ ਹਿੱਤ 'ਚ ਆਪਣੀ ਗੱਲ ਰੱਖਣ ਦਾ ਹੱਕ ਹੈ। ਸੁਖਵਿੰਦਰ ਬਿੱਲੂ ਖੇੜਾ ਨੇ ਕਿਹਾ ਕਿ ਉਹ ਕਾਂਗਰਸ ਦੇ ਇਕ ਵਫਾਦਾਰ ਸਿਪਾਹੀ ਹਨ ਅਤੇ ਸੀਨੀਅਰ ਲੀਡਰਸ਼ਿਪ ਦੀ ਰਹਿਨੁਮਾਈ 'ਚ ਪਾਰਟੀ ਦੀ ਬਿਹਤਰੀ ਲਈ ਹਮੇਸ਼ਾ ਕੰਮ ਕਰਦੇ ਰਹਿਣਗੇ।

# ਸਕੂਲਾਂ ਦੀਆਂ ਬਾਊਂਡਰੀ ਵਾਲਾਂ ਲਈ 5.64 ਕਰੋੜ ਰੁਪਏ ਦੀ ਰਕਮ ਮਨਜ਼ੂਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਲੋਕ ਸਭਾ ਖੇਤਰ ਹੋਸ਼ਿਆਰਪੁਰ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੰਦਿਆਂ, ਖੇਤਰ ਵਿੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਣ ਕਦਮ ਚੁੱਕਿਆ ਗਿਆ ਹੈ। ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ 100 ਸਰਕਾਰੀ ਸਕੂਲਾਂ ਦੀਆਂ ਬਾਊਂਡਰੀ ਵਾਲ ਬਣਾਉਣ ਲਈ 5 ਕਰੋੜ 64 ਲੱਖ ਰੁਪਏ ਦੀ ਰਕਮ ਮਨਜ਼ੂਰ ਕੀਤੀ ਗਈ ਹੈ ਉਨ੍ਹਾਂ ਕਿਹਾ ਕਿ ਇਸ ਰਕਮ ਰਾਹੀਂ ਸਕੂਲਾਂ ਦੀ ਸੁਰੱਖਿਆ ਅਤੇ ਬੱਚਿਆਂ ਲਈ ਅਨੁਕੂਲ ਵਾਤਾਵਰਣ ਯਕੀਨੀ ਬਣਾਇਆ ਜਾਵੇਗਾ। ਇਹ ਰਕਮ ਖਾਸ ਕਰਕੇ ਉਹਨਾਂ ਸਕੂਲਾਂ ਤੇ ਖਰਚੀ ਜਾਵੇਗੀ ਜਿੱਥੇ ਬਾਊਂਡਰੀ ਵਾਲ ਨਹੀਂ ਹੈ ਜਾਂ ਉਨ੍ਹਾਂ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਵਿੱਚ ਇਹ ਨਿਵੇਸ਼ ਸਕੂਲੀ ਇਮਾਰਤਾਂ ਅਤੇ ਉਪਕਰਨਾਂ ਦੀ ਰੱਖਿਆ ਵਿੱਚ ਅਹਿਮ ਭੂਮਿਕਾ ਨਿਭਾਏਗਾ।ਡਾ. ਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਬੁਨਿਆਦੀਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਦੀ ਹਾਲਤ ਵਿੱਚ ਮਹੱਤਵਪੂਰਣ ਸੁਧਾਰ ਆ ਰਿਹਾ ਹੈ ਅਤੇ ਸੂਬੇ ਵਿੱਚ ਸਿੱਖਿਆ ਦੀ ਗੁਣਵੱਤਾ ਨੂੰ ਲੈ ਕੇ ਗੰਭੀਰਤਾ ਦਿਖਾਈ ਦੇ ਰਹੀ ਹੈ।ਇਸੇ ਲੜੀ ਵਿੱਚ, ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਨੇ ਦੱਸਿਆ ਕਿ ਖਾਸ ਕਰਕੇ ਚੱਬੇਵਾਲਵਿਧਾਨ ਸਭਾ ਖੇਤਰ ਦੇ ਸਕੂਲਾਂ ਲਈ 82.80 ਲੱਖ ਰੁਪਏ ਦੀ ਰਕਮ ਮਨਜ਼ੂਰ ਕੀਤੀ ਗਈ ਹੈ। ਇਹ ਐਲਾਨ ਨਾ ਸਿਰਫ਼ ਖੇਤਰ ਦੇ ਸਕੂਲਾਂ ਲਈ ਇੱਕ ਖੁਸ਼ਖਬਰੀ ਹੈ, ਸਗੋਂ ਇਹ ਵੀ ਦਰਸਾਉਂਦਾ ਹੈ ਕਿ ਵਿਧਾਇਕ ਡਾ. ਈਸ਼ਾਂਕ ਖੇਤਰ ਦੇ ਹਰ ਹਿੱਸੇ ਵਿੱਚ ਵਿਕਾਸ ਲਈ ਵਚਨਬੱਧ ਹਨ ਅਤੇ ਇਸ ਲਈ ਜ਼ਰੂਰੀ ਰਕਮ ਲਈ ਸਰਕਾਰ ਤੋਂ ਗ੍ਰਾਂਟ ਜਾਰੀ ਕਰਵਾ ਰਹੇ ਹਨ।

# ਬਾਬਾ ਲੱਖੀ ਸ਼ਾਹ ਵਣਜਾਰਾ ਸੱਚੇ ਸ਼ਰਧਾਲੂ ਤੇ ਇੱਕ ਵੀਰ ਯੋਧਾ ਸਨ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬਾਬਾ ਲੱਖੀ ਸ਼ਾਹ ਵੰਜਾਰਾ ਜੈਯੰਤੀ ਮੌਕੇ 'ਤੇ ਉਨ੍ਹਾਂ ਨੂੰ ਨਮਨ ਕਰਦੇ ਹੋਏ ਐਲਾਨ ਕੀਤਾ ਕਿ ਸੂਬਾ ਸਰਕਾਰ ਵੱਲੋਂ ਜ਼ਿਲ੍ਹਾ ਕੁਰੂਕਸ਼ੇਤਰ ਦੇ ਪਿੰਡ ਇਸ਼ਰਗੜ੍ਹ ਸਥਿਤ ਬਾਬਾ ਲੱਖੀ ਸ਼ਾਹ ਬਾਵੜੀ ਨੂੰ ਸ਼ੁਸ਼ੋਭਿਤ ਕੀਤਾ ਜਾਵੇਗਾ। ਨਾਲ ਹੀ ਪਿੰਡ ਵਿੱਚ ਉਨ੍ਹਾਂ ਦੇ ਨਾਮ ਨਾਲ ਕਮਿਊਨਿਟੀ ਸੈਂਟਰ ਦਾ ਨਿਰਮਾਣ ਅਤੇ ਇੱਕ ਮੂਰਤੀ ਦੀ ਸਥਾਪਨਾ ਵੀ ਕੀਤੀ ਜਾਵੇਗੀ। ਇਸ ਦੇ ਲਈ ਉਨ੍ਹਾਂ ਨੇ ਆਪਣੇ ਵੱਲੋਂ 31 ਲੱਖ ਰੁਪਏ ਅਤੇ ਕੈਬੀਨੇਟ ਮੰਤਰੀ ਕ੍ਰਿਸ਼ਣ ਲਾਲ ਪੰਵਾਰ ਤੇ ਕੁਮਾਰੀ ਆਰਤੀ ਸਿੰਘ ਰਾਓ ਵੱਲੋਂ 11-11 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਉਨ੍ਹਾਂ ਨੇ ਐਲਾਨ ਕਰਦੇ ਹੋਏ ਕਿਹਾ ਕਿ ਸਮਾਜ ਦੀ ਸਹਿਮਤੀ ਨਾਲ ਸੂਬੇ ਵਿੱਚ ਕਿਸੇ ਇੱਕ ਚੌਕ ਅਤੇ ਇੱਕ ਸੜਕ ਦਾ ਨਾਂਅ ਬਾਬਾ ਲੱਖੀ ਸ਼ਾਹ ਵੰਜਾਰਾ ਦੇ ਨਾਂਅ 'ਤੇ ਰੱਖਿਆ ਜਾਵੇਗਾ। ਇਸ ਤੋਂ ਇਲਾਵਾ, ਉਨ੍ਹਾਂ ਦੇ ਨਾਂਅ ਨਾਲ ਇੱਕ ਕਮਿਊਨਿਟੀ ਸੈਂਟਰ ਦਾ ਨਿਰਮਾਣ ਵੀ ਕਰਵਾਇਆ ਜਾਵੇਗਾ।ਸੈਣੀ ਨੇ ਇਹ ਐਲਾਨ ਇੱਥੇ ਸੰਤ ਕਬੀਰ ਕੁਟੀਰ 'ਤੇ ਬਾਬਾ ਲੱਖੀ ਸ਼ਾਹ ਵੰਜਾਰਾ ਜੈਯੰਤੀ ਮੌਕੇ ਵਿੱਚ ਆਯੋਜਿਤ ਰਾਜ ਪੱਧਰੀ ਸਮਾਰੋਹ ਨੂੰ ਸੰਬੋਧਿਤ ਕਰਦੇ ਹੋਏ ਕੀਤੇ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਬਾਬਾ ਲੱਖੀ ਸ਼ਾਹ ਵੰਜਾਰਾ ਦੇ ਫੋਟੋ 'ਤੇ ਪੁਸ਼ਪਾਂਜਲੀ ਅਰਪਿਤ ਕਰ ਉਨ੍ਹਾਂ ਨੂੰ ਨਮਨ ਕੀਤਾ। ਉਨ੍ਹਾਂ ਨੇ ਕਿਹਾ ਕਿ ਵੰਜਾਰਾ ਸਮਾਜ ਵੱਲੋਂ ਉਨ੍ਹਾਂ ਨੇ ਅੱਜ ਪੱਗ ਪਹਿਨਾ ਕੇ ਜੋ ਮਾਨ-ਸਨਮਾਨ ਦਿੱਤਾ ਗਿਆ ਹੈ ਉਸ ਨੂੰ ਉਹ ਕਦੀ ਘੱਟ ਨਹੀਂ ਹੋਣ ਦੇਣਗੇ ਅਤੇ ਸਦਾ ਇਸ ਸਮਾਨ ਨੂੰ ਵਧਾਉਣ ਲਈ ਕੰਮ ਕਰਦੇ ਰਹਿਣਗੇ। ਸੂਬਾ ਵਾਸੀਆਂ ਨੂੰ ਬਾਬਾ ਲੱਖੀ ਸ਼ਾਹ ਵੰਜਾਰਾ ਜੈਯੰਤੀ ਦੀ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਲੱਖੀ ਸ਼ਾਹ ਵੰਜਾਰਾ ਇੱਕ ਮਹਾਨ ਬਲਿਦਾਨੀ, ਇੱਕ ਸੱਚੇ ਸ਼ਰਧਾਲੂ ਅਤੇ ਇੱਕ ਵੀਰ ਯੋਧਾ ਸਨ, ਜਿਨ੍ਹਾਂ ਨੇ ਆਪਣੇ ਜੀਵਨ ਦੀ ਆਹੂਤੀ ਦੇ ਕੇ ਇਤਿਹਾਸ ਵਿੱਚ ਇੱਕ ਅਰਮ ਕਹਾਣੀ ਲਿਖੀ।ਉਹ ਅਜਿਹੇ ਸਿੱਖ ਸੇਵਕ ਸਨ, ਜਿਨ੍ਹਾਂ ਨੇ ਗੁਰੂ ਭਗਤੀ ਅਤੇ ਹਿੰਮਤ ਦਾ ਅਜਿਹਾ ਉਦਾਹਰਣ ਪੇਸ਼ ਕੀਤਾ, ਜਿਸ ਨੂੰ ਯੁੱਗਾਂ-ਯੁੱਗਾਂ ਤੱਕ ਯਾਦ ਕੀਤਾ ਜਾਂਦਾ ਰਹੇਗਾ।ਮੁੱਖ ਮੰਤਰੀ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਬਾਬਾ ਲੱਖੀ ਸ਼ਾਹ ਵੰਜਾਰਾ ਦੀ ਕੁਰਬਾਨੀਆਂ ਸੁਨਹਿਰੇ ਅੱਖਰਾਂ ਵਿੱਚ ਲਿਖੀ ਗਈ ਹੈ। ਉਨ੍ਹਾਂ ਨੇ ਮੁਗਲਾਂ ਦਾ ਡੱਟ ਕੇ ਮੁਕਾਬਲਾ ਕੀਤਾ ਅਤੇ ਧਰਮ ਦੀ ਰੱਖਿਆ ਲਈ ਬਲਿਦਾਨ ਦਿੱਤਾ। ਭਾਰਤ ਦੇ ਇਤਿਹਾਸ ਵਿੱਚ ਸੰਭਵਤ ਇਹ ਪਹਿਲੀ ਘਟਨਾ ਸੀ, ਜਦੋਂ ਕਿਸੇ ਇੱਕ ਪਰਵਾਰ ਦੇ 112 ਤੋਂ ਵੱਧ ਮੈਂਬਰਾਂ ਵੱਲੋਂ ਸ਼ਹਾਦਤ ਦਿੱਤੀ ਗਈ। ਉਨ੍ਹਾਂ ਨੇ ਕਿਹਾ ਕਿ ਵੰਜਾਰਾ ਸਮਾਜ ਸੰਘਰਸ਼ਸ਼ੀਲ, ਮਿਹਨਤੀ ਅਤੇ ਸਵਾਭੀਮਾਨੀ ਸਮਾਜ ਹੈ, ਜਿਸ ਨੇ ਨਾ ਸਿਰਫ ਵਪਾਰ ਅਤੇ ਕਾਰੋਬਾਰ ਰਾਹੀਂ ਦੇਸ਼ ਦੀ ਅਰਥਵਿਵਸਥਾ ਨੂੰ ਗਤੀ ਦਿੱਤੀ ਹੈ, ਸੋਗ ਦੇਸ਼ ਦੀ ਰੱਖਿਆ ਵਿੱਚ ਵੀ ਮਹਤੱਵਪੂਰਣ ਭੂਮਿਕਾ ਨਿਭਾਈ ਹੈ।

# ਵਰਕਿੰਗ ਕਮੇਟੀ ਮੈਂਬਰ ਲਾਲੀ ਬਾਜਵਾ ਦਾ 59ਵਾਂ ਜਨਮ ਦਿਨ ਮਨਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਇਲਾਕੇ ਦੇ ਹਰਮਨ ਪਿਆਰੇ ਆਗੂ ਤੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਿੰਗ ਕਮੇਟੀ ਮੈਂਬਰ ਜਤਿੰਦਰ ਸਿੰਘ ਲਾਲੀ ਬਾਜਵਾ ਇੰਚਾਰਜ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੀ 59ਵੇਂ ਜਨਮ ਦਿਨ ਮੌਕੇ ਉਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਨਵੀਂ ਜਿੰਮੇਵਾਰੀ ਮਿਲਣ 'ਤੇ ਅਕਾਲੀ ਆਗੂਆਂ ਨੇ ਉਹਨਾਂ ਦੇ ਗ੍ਰਹਿ ਵਿਖੇ ਅਕਾਲੀ ਆਗੂਆਂ ਅਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਦਾ ਤਾਂਤਾ ਲੱਗਾ ਰਿਹਾ । ਜਤਿੰਦਰ ਸਿੰਘ ਲਾਲੀ ਬਾਜਵਾ ਦਾ ਅਕਾਲੀ ਵਰਕਰਾਂ ਵਿੱਚ ਮਾਣ ਅਤੇ ਸਤਿਕਾਰ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਉਹਨਾਂ ਦੇ ਗ੍ਰਹਿ ਵਿਖੇ ਪੁੱਜੇ ਵੱਡੀ ਗਿਣਤੀ ਵਿੱਚ ਅਕਾਲੀ ਆਗੂਆਂ ਤੇ ਵਰਕਰਾਂ ਨੇ ਉਹਨਾਂ ਦਾ ਜਨਮ ਦਿਨ ਮਨਾਉਣ ਲਈ ਕੇਕ ਅਤੇ ਗੁਲਦਸਤਿਆਂ ਦਾ ਅੰਬਾਰ ਲਗਾ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਅਕਾਲੀ ਆਗੂਆਂ ਤੇ ਵਰਕਰਾਂ ਵਿੱਚ ਪ੍ਰੇਮ ਸਿੰਘ ਸੀਨੀਅਰ ਡਿਪਟੀ ਮੇਅਰ ਸਾਬਕਾ, ਬਰਿੰਦਰ ਸਿੰਘ ਪਰਮਾਰ ਸਾਬਕਾ ਮੈਂਬਰ ਕੋਰ ਕਮੇਟੀ, ਸਰਬਜੀਤ ਸਿੰਘ ਬਡਵਾਲ ਚੇਅਰਮੈਨ ਮੀਰੀ ਪੀਰੀ ਸੇਵਾ ਸਿਮਰਨ ਕਲੱਬ, ਬਲਰਾਜ ਸਿੰਘ ਚੌਹਾਨ ਵਿਸ਼ਵ ਪ੍ਰਸਿੱਧ ਸਾਇਕਲਿਸਟ, ਨਰਿੰਦਰ ਸਿੰਘ ਸਾਬਕਾ ਕੌਂਸਲਰ, ਸਤਵਿੰਦਰ ਸਿੰਘ ਆਹਲੂਵਾਲੀਆ, ਐਡਵੋਕੇਟ ਸਮਸ਼ੇਰ ਸਿੰਘ ਭਾਰਦਵਾਜ਼, ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਜਪਿੰਦਰ ਪਾਲ ਸਿੰਘ, ਹਰਭਜਨ ਸਿੰਘ ਧਾਲੀਵਾਲ ਬਜਵਾੜਾ, ਲਖਬੀਰ ਸਿੰਘ ਭਾਰਜ, ਸੰਤੋਖ ਸਿੰਘ ਔਜਲਾ ਸਾਬਕਾ ਕੌਂਸਲਰ, ਬਰਿੰਦਰਜੀਤ ਸਿੰਘ ਸਿਟੀ ਲਾਈਟ, ਰਵਿੰਦਰ ਸਿੰਘ ਚੱਕ ਸਿੰਘਾ, ਸਤਪਾਲ ਸਿੰਘ ਭਲਾਣਾ, ਤਜਿੰਦਰ ਸਿੰਘ ਬਡਵਾਲ, ਦਵਿੰਦਰ ਸਿੰਘ ਬੈਂਸ ਬਾਹੋਵਾਲ, ਨਵਜੋਤ ਸਿੰਘ ਜੇਪੀ, ਰਵਿੰਦਰਪਾਲ ਸਿੰਘ ਮਿੰਟੂ,



ਅਮਰਜੀਤ ਸਿੰਘ ਨੀਲਾ ਨਲੋਆ ਆਦਿ ਸ਼ਾਮਿਲ ਸਨ । ਆਏ ਹੋਏ ਸਾਰੇ ਮਹਿਮਾਨਾਂ ਤੇ ਅਕਾਲੀ ਆਗੂਆਂ ਦਾ ਧੰਨਵਾਦ ਕਰਦਿਆਂ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਉਹਨਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਆਪਣਾ ਜੀਵਨ ਸਮਰਪਿਤ ਕੀਤਾ ਹੋਇਆ ਹੈ ਅਤੇ ਸਦਾ ਹੀ ਇਹ ਕਾਮਨਾ ਕੀਤੀ ਹੈ ਕਿ ਅਕਾਲੀ ਦਲ ਅਤੇ ਇਸ ਦੇ ਨਾਲ ਜੁੜੇ ਅਕਾਲੀ ਆਗੂ ਅਤੇ ਵਰਕਰ ਸਦਾ ਚੜ੍ਹਦੀ ਕਲਾ ਬੁਲੰਦੀਆਂ ਵਿੱਚ ਰਹਿਣ । ਸਮੂਹ ਅਕਾਲੀ ਆਗੂਆਂ ਤੇ ਵਰਕਰਾਂ ਨੇ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ 59ਵੇਂ ਜਨਮ ਦਿਨ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਵਰਕਿੰਗ ਕਮੇਟੀ ਮੈਂਬਰ ਨਿਯੁਕਤ ਹੋਣ ਤੇ ਸਨਮਾਨਿਤ ਕੀਤਾ।

# ਪਨਬਸ/ਪੀ ਆਰ ਟੀ ਸੀ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਪੂਰਾ ਕਰਨ ਦਾ ਭਰੋਸਾ ਵੀ ਨਿਕਲਿਆ ਝੂਠਾ : ਨਰਿੰਦਰ ਪੰਡੋਰੀ

**ਬਲਾਚੌਰ (ਜਸਵਿੰਦਰ ਬੈਂਸ)**

ਪੰਜਾਬ ਰੋਡਵੇਜ਼ ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋ ਪੰਜਾਬ ਦੇ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਨਵਾਂਸ਼ਹਿਰ ਡਿਪੂ 'ਤੇ ਪ੍ਰਧਾਨ ਨਰਿੰਦਰ ਪੰਡੋਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਬਣੀ ਨੂੰ 3 ਸਾਲ ਤੋਂ ਵੀ ਉਪਰ ਦਾ ਸਮਾਂ ਹੋ ਗਿਆ ਹੈ ਪ੍ਰੰਤੂ ਇੱਕ ਵੀ ਮੁਲਾਜ਼ਮ ਨੂੰ ਪੱਕਾ ਨਹੀਂ ਕੀਤਾ ਗਿਆ, ਠੇਕੇਦਾਰੀ ਸਿਸਟਮ ਜਿਉਂ ਦੀ ਤਿਉਂ ਚੱਲ ਰਿਹਾ ਹੈ, ਕੁਰੱਪਸ਼ਨ ਦੇ ਨਾਲ ਵਿਭਾਗਾਂ ਦੇ ਵਿੱਚ ਭਰਤੀ ਕੀਤੀ ਜਾ ਰਹੀ ਹੈ। ਪਹਿਲਾਂ ਟਰਾਂਸਪੋਰਟ ਮੰਤਰੀ ਪੰਜਾਬ ਅਤੇ ਫੇਰ ਮੁੱਖ ਮੰਤਰੀ ਪੰਜਾਬ ਨੇ 1 ਜੁਲਾਈ 2024 ਨੂੰ ਮੀਟਿੰਗ ਕਰਕੇ ਯੂਨੀਅਨ ਦੀਆਂ ਮੰਗਾਂ ਦਾ 1 ਮਹੀਨੇ ਦੇ ਵਿੱਚ ਕਮੇਟੀ ਬਣਾਕੇ ਹੱਲ ਕਰਨ ਦਾ ਭਰੋਸਾ ਦਿੱਤਾ ਸੀ। ਪਰ 1 ਸਾਲ ਹੋ ਗਿਆ ਕਮੇਟੀ ਬਣੀ ਨੂੰ ਕਮੇਟੀ ਨੇ ਹੁਣ ਤੱਕ ਇੱਕ ਵੀ ਮੰਗ ਦਾ ਹੱਲ ਨਹੀਂ ਕੀਤਾ। 10-12 ਸਾਲ ਤੋਂ ਠੇਕੇਦਾਰੀ ਸਿਸਟਮ ਤਹਿਤ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਗਿਆ, ਆਊਟ ਸੋਰਸ ਠੇਕੇਦਾਰ ਠੇਕੇਦਾਰੀ ਸਿਸਟਮ ਤਹਿਤ ਲੁੱਟ ਦਿਨ ਪ੍ਰਤੀ ਦਿਨ ਵੱਧਦੀ ਜਾ ਰਹੀ ਹੈ ਅਤੇ ਹੁਣ ਬਿਨਾਂ ਠੇਕੇਦਾਰ ਨਾਲ ਐਗਰੀਮੈਂਟ ਤੋਂ ਭਰਤੀ ਕੀਤੀ ਜਾ ਰਹੀ ਹੈ। ਪਹਿਲਾਂ ਠੇਕੇਦਾਰ ਦਾਤਾਰ ਸਕਿਊਰਟੀ ਗਰੁੱਪ 12-13 ਕਰੋੜ ਰੁਪਏ ਸਕਿਊਰਟੀ ਅਤੇ EPF,ESI ਦੀ ਸਿੱਧੀ ਲੁੱਟ ਕਰਕੇ ਭੱਜ ਗਿਆ ਫੇਰ ਦੂਸਰਾ ਠੇਕੇਦਾਰ ਸਾਈਂ ਰਾਮ ਏਸੇ ਤਰ੍ਹਾਂ ਲੁੱਟ ਕਰਕੇ ਤੁਰਦਾ ਬਣਿਆ ਅਤੇ ਹੁਣ ਬਿਨਾਂ ਐਗਰੀਮੈਂਟ ਦੇ ਐਸ ਐਸ ਪ੍ਰੋਵਾਇਡਰ ਨੂੰ ਗੈਰ ਕਾਨੂੰਨੀ ਤਰੀਕੇ ਨਾਲ ਤੀਸਰਾ ਠੇਕੇਦਾਰ ਲਿਆਂਦਾ ਗਿਆ ਹੈ ਜੋ ਬਿਨਾਂ ਐਗਰੀਮੈਂਟ ਦੇ ਲੱਖਾਂ ਰੁਪਏ ਰਿਸ਼ਵਤ ਲੈ ਕੇ ਭਰਤੀ ਕਰ ਰਿਹਾ ਹੈ। ਸਰਕਾਰ ਵਲੋਂ ਮੰਗਾਂ ਦਾ ਹੱਲ ਕੱਢਣ ਦੀ ਬਜਾਏ ਲੁੱਟ ਦੇ ਨਵੇਂ ਨਵੇਂ ਤਰੀਕੇ ਲੱਭ ਕੇ ਮੁਲਾਜ਼ਮਾਂ ਦੀ ਲੁੱਟ ਕੀਤੀ ਜਾਂ ਰਹੀ ਹੈ। ਇਸ ਪ੍ਰਤੀ ਪੰਜਾਬ ਦੀਆਂ ਅਤੇ ਬਾਹਰੀ ਸੂਬਿਆਂ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ ਯੂਨੀਅਨ ਦੀ ਰੱਖੀ ਹੜਤਾਲ ਦੀ ਹਮਾਇਤ ਕੀਤੀ ਜਾ ਰਹੀ ਹੈ। ਸਾਡੀ ਪੰਜਾਬ ਦੀਆਂ ਸਾਰੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ



ਅਪੀਲ ਹੈ ਟਰਾਂਸਪੋਰਟ ਵਿਭਾਗ ਨੂੰ ਬਚਾਉਣ ਅਤੇ ਨਿੱਜੀਕਰਨ ਨੂੰ ਰੋਕਣ ਲਈ ਇਸ ਸੰਘਰਸ਼ ਵਿੱਚ ਸਾਡਾ ਸਾਥ ਦਿੱਤਾ ਜਾਵੇ ।ਡਿਪੂ ਸੈਕਟਰੀ ਮਹੇਸ਼ ਕੁਮਾਰ ਨੇ ਬੋਲਦਿਆਂ ਕਿਹਾ ਕਿ ਪਨਬਸ/ਪੀ.ਆਰ.ਟੀ.ਸੀ ਦੇ ਕੱਚੇ ਮੁਲਾਜ਼ਮਾਂ ਦਾ ਲੰਮੇ ਸਮੇ ਤੋ ਠੇਕੇਦਾਰੀ ਸਿਸਟਮ ਤਹਿਤ ਸ਼ੋਸਣ ਹੋ ਰਿਹਾ ਹੈ। ਅਫ਼ਸਰਸ਼ਾਹੀ ਹਾਵੀ ਹੋ ਚੁੱਕੀ ਹੈ ਸਰਕਾਰ ਤੇ ਪੰਜਾਬ ਨੂੰ ਇੱਕ ਖੁਸ਼ਹਾਲ ਸੂਬਾ ਹੋਣ ਦੇ ਬਾਵਜੂਦ ਵੀ ਕਰਜ਼ੇ ਅਤੇ ਬੇਰੋਜ਼ਗਾਰੀ ਵਿੱਚ ਡੋਬਿਆ ਜਾ ਰਿਹਾ ਹੈ। ਕਾਰਪੋਰੇਟ ਘਰਾਣਿਆਂ ਦੀਆਂ ਬੱਸਾਂ ਕਿਲੋਮੀਟਰ ਸਕੀਮ ਤਹਿਤ ਵਿਭਾਗਾਂ ਦੇ ਵਿੱਚ ਪਾਈਆਂ ਜਾ ਰਹੀਆਂ ਹਨ ਜਦੋਂ ਕਿ ਕਿਲੋਮੀਟਰ ਸਕੀਮ ਬੱਸ ਸਿੱਧੇ ਤੌਰ 'ਤੇ ਵਿਭਾਗ ਨੂੰ ਇੱਕ ਬੱਸ 6 ਸਾਲਾਂ ਵਿੱਚ 1 ਕਰੋੜਾਂ ਰੁਪਏ ਦਾ ਚੂਨਾ ਲਾ ਰਹੀ ਹੈ। ਵਿਭਾਗਾਂ ਦਾ ਜਾਣਬੁੱਝ ਕੇ ਨਿੱਜੀਕਰਨ ਕੀਤਾ ਜਾ ਰਿਹਾ ਹੈ ਜਦੋਂ ਕਿ ਫਰੀ ਸਫ਼ਰ ਦਾ ਪੈਸਾ ਸਰਕਾਰ ਤੋਂ ਲਗਭਗ 1100 ਤੋਂ 1200 ਦੇ ਕਰੀਬ ਪੈਡਿੰਗ ਹੈ ਸਰਕਾਰ ਨੇ ਆਪਣੇ ਬਜਟ ਸੈਸ਼ਨ ਦੇ ਵਿੱਚ 450 ਕਰੋੜ ਹੀ ਰੱਖਿਆ ਇਹ ਪੈਸੇ ਨੂੰ ਰੋਕ ਕੇ ਸਰਕਾਰ ਵਿਭਾਗ ਨੂੰ ਘਾਟੇ ਵਿੱਚ ਸਾਬਤ ਕਰਨਾ ਚਹੁੰਦੀ ਇਸ ਸਮੇਂ ਮੁਲਾਜ਼ਮਾਂ ਦੀਆਂ ਤਨਖ਼ਾਹਾਂ, ਟਾਇਰ, ਟਿਕਟ ਮਸ਼ੀਨਾਂ,ਸਪੇਅਰ ਪਾਰਟ ਆਦਿ ਪੈਸਿਆਂ ਦੀ ਘਾਟ ਕਾਰਨ ਰੁਕਿਆ ਹੋਇਆ ਹੈ ਜਦੋਂ ਕਿ ਟਰਾਂਸਪੋਰਟ ਅਦਾਰਾ ਮੁਨਾਫ਼ੇ ਵਾਲਾ ਅਤੇ ਪਬਲਿਕ ਨੂੰ ਸਹੂਲਤਾਂ ਦੇਣ ਵਾਲਾ ਹੈ ਹੁਣ ਤੱਕ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇੱਕ ਵੀ ਨਵੀ ਸਰਕਾਰੀ ਬੱਸ ਨਹੀਂ ਪਾਈ ਇਸ ਕਰਕੇ ਨਜਾਇਜ਼ ਤੌਰ 'ਤੇ ਟਰਾਂਸਪੋਰਟ ਮਾਫੀਆ ਧੜੱਲੇ ਨਾਲ ਚੱਲ ਰਿਹਾ ਹੈ। ਸਰਕਾਰ ਨੂੰ ਟਰਾਂਸਪੋਰਟ ਵਿਭਾਗ ਦੀ ਕੋਈ ਫ਼ਿਕਰ ਨਹੀਂ ਹੈ । ਉਹਨਾਂ ਕਿਹਾ ਕਿ ਸਰਕਾਰ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਤਰੁੰਤ ਹੱਲ ਕਰੇ। ਸਰਕਾਰ ਨੇ ਮੰਗਾਂ ਦਾ ਹੱਲ ਨਾ ਕੀਤਾ ਤਾਂ ਮਜਬੂਰੀ ਵਿੱਚ 09/10/11 ਜੁਲਾਈ ਨੂੰ ਯੂਨੀਅਨ ਵਲੋਂ ਪੂਰਨ ਤੌਰ 'ਤੇ ਪਨਬਸ ਪੀ ਆਰ ਟੀ ਸੀ ਦਾ ਚੱਕਾ ਜਾਮ ਕਰਕੇ ਸਰਕਾਰ ਦੇ ਖਿਲਾਫ ਰੋਸ ਧਰਨਾ ਦਿੱਤਾ ਜਾਵੇਗਾ ਤੇ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ 'ਤੇ ਪੱਕਾ ਧਰਨਾ ਦਿੱਤਾ ਜਾਵੇਗਾ।

# ਪੰਜਾਬ ਦੇ ਉਦਯੋਗ ਲਗਾਤਾਰ ਨਜ਼ਰਅੰਦਾਜ਼, ਸਰਕਾਰ ਨੇ ਧਾਰੀ ਚੁੱਪ : ਅਰਵਿੰਦ ਖੰਨਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਭਾਜਪਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਪੰਜਾਬ ਦੇ ਉਦਯੋਗਿਕ ਮਾਹੌਲ ਨੂੰ ਲੈ ਕੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਸਾਲਾਂ ਤੋਂ ਲੈ ਕੇ ਅੱਜ ਤੱਕ ਸੂਬੇ ਦੇ ਛੋਟੇ, ਮੱਧਮ ਅਤੇ ਵੱਡੇ ਉਦਯੋਗਿਕ ਇਕਾਈਆਂ ਵੱਖ-ਵੱਖ ਸਮੱਸਿਆਵਾਂ ਦੇ ਚੱਕਰ ਵਿੱਚ ਪੈ ਕੇ ਥੱਕ ਗਈਆਂ ਹਨ, ਪਰ ਪੰਜਾਬ ਸਰਕਾਰ ਇਸ ਸੰਕਟ 'ਤੇ ਚੁੱਪ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਕੋਵਿਡ ਦੌਰਾਨ ਬਾਰਡਰਾਂ ਦੇ ਬੰਦ ਹੋਣ ਨਾਲ ਸਪਲਾਈ ਚੇਨ ਠੱਪ ਹੋਈ, ਫਿਰ ਹਰ ਰੋਜ਼ ਵਧਦੇ ਟੋਲ ਅਤੇ ਲਾਡੋਵਾਲ ਟੋਲ ਪਲਾਜ਼ਾ 'ਤੇ ਮਾਸਿਕ ਪਾਸ ਨਾ ਜਾਰੀ ਹੋਣ ਕਾਰਨ ਲੌਜਿਸਟਿਕ ਲਾਗਤ ਦੋਹੀ ਹੋ ਗਈ। ਇਨ੍ਹਾਂ ਦੇ ਨਾਲ ਨਕਲੀਆਂ ਨੋਟਿਸਾਂ, ਬਿਨਾਂ ਜ਼ਰੂਰਤ ਦੇ ਇੰਸਪੈਕਸ਼ਨਾਂ ਅਤੇ ਪ੍ਰਸ਼ਾਸਨਿਕ ਉਤਪੀੜਨ ਨੇ ਉਦਯੋਗਪਤੀਆਂ ਦੀ ਕੰਮ ਕਰਨ ਦੀ ਆਜ਼ਾਦੀ ਖਤਰੇ 'ਚ ਪਾ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਬਿਜਲੀ ਦੀ ਅਣਘੋਸ਼ਿਤ ਕਟੌਤੀ, ਨਵੀਂ ਇੰਡਸਟਰੀ ਪਾਲਿਸੀ ਦੀ ਗੈਰਹਾਜ਼ਰੀ ਅਤੇ ਵਾਅਦੇ ਕੇਵਲ ਕਾਗਜ਼ੀ ਬਣ ਕੇ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀ ਵੱਡੀ ਸਮੱਸਿਆ ਨਸ਼ਿਆਂ ਅਤੇ ਬੇਰੁਜ਼ਗਾਰੀ ਹੈ, ਪਰ ਉਸ ਦਾ ਹੱਲ ਉਦਯੋਗਾਂ ਦੇ ਰਾਹੀਂ ਹੀ ਨਿਕਲ ਸਕਦਾ ਹੈ। ਜੇਕਰ ਸਰਕਾਰ ਮੌਜੂਦਾ ਉਦਯੋਗਾਂ ਨੂੰ ਸਹੂਲਤ ਨਹੀਂ ਦੇਵੇਗੀ ਅਤੇ ਨਵੇਂ ਉਦਯੋਗ ਨਹੀਂ ਲਿਆਵੇਗੀ, ਤਾਂ ਨੌਜਵਾਨਾਂ ਲਈ ਰੋਜ਼ਗਾਰ ਦੀ ਗੱਲ ਸਿਰਫ਼ ਇਕ ਚੋਣੀ ਨਾਅਰਾ ਹੀ ਬਣ ਕੇ ਰਹਿ ਜਾਵੇਗੀ। ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੇ ਉਦਯੋਗ ਅੱਜ ਆਤਮਨਿਰਭਰਤਾ ਦੀ ਨਹੀਂ, ਬਚਾਅ ਦੀ ਲੜਾਈ ਲੜ ਰਹੇ ਹਨ। ਸਰਕਾਰ ਵੱਲੋਂ ਟੀਚੇਬੰਦੀ ਨਾਲ ਨੀਤੀ ਤੈਅ ਨਾ ਕੀਤੀ ਗਈ, ਨਾ ਹੀ ਕੋਈ ਇੰਫ੍ਰਾਸਟਰਕਚਰ ਵਿਕਾਸ ਹੋ ਰਿਹਾ ਹੈ। ਉਦਯੋਗਿਕ ਏਰੀਆਂ ਦੀ ਸੜਕਾਂ ਟੁੱਟੀ ਹੋਈਆਂ ਹਨ, ਡ੍ਰੇਨਜ ਅਤੇ ਬਿਜਲੀ ਦੀ ਲਾਈਨਾਂ ਬਦਹਾਲ ਹਨ ਅਤੇ ਐਮਐਸਐਮਈ ਯੋਜਨਾਵਾਂ ਸਿਰਫ਼ ਰਿਪੋਰਟਾਂ ਵਿੱਚ ਹੀ ਦਿਖ ਰਹੀਆਂ ਹਨ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਮਾਸਿਕ ਵਾਹਨ ਪਾਸ ਜਾਰੀ ਕਰਣ ਦੀ ਪਰਣਾਲੀ ਲਾਗੂ ਕੀਤੀ ਜਾਵੇ, ਪ੍ਰਸ਼ਾਸਨਿਕ ਤੰਗਪਹਿਲੀ ਅਤੇ ਉਤਪੀੜਨ 'ਤੇ ਰੋਕ ਲਾਈ ਜਾਵੇ, ਨਕਲੀ ਇੰਸਪੈਕਸ਼ਨਾਂ ਨੂੰ ਖ਼ਤਮ ਕੀਤਾ ਜਾਵੇ, ਬਿਜਲੀ ਅਤੇ ਲੌਜਿਸਟਿਕ ਸਹੂਲਤਾਂ ਸੁਧਾਰੀ ਜਾਣ ਅਤੇ ਨਵੇਂ ਉਦਯੋਗਾਂ ਦੀ ਸਥਾਪਨਾ ਲਈ ਉਤਸ਼ਾਹਨ ਨੀਤੀਆਂ ਲਾਗੂ ਕੀਤੀਆਂ ਜਾਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਨਸ਼ਿਆਂ ਅਤੇ ਬੇਰੁਜ਼ਗਾਰੀ ਖ਼ਿਲਾਫ਼ ਲੜਾਈ ਵਿਚ ਉਦਯੋਗ ਸਭ ਤੋਂ ਵੱਡਾ ਹਥਿਆਰ ਸਾਬਤ ਹੋ ਸਕਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਮੌਜੂਦਾ ਉਦਯੋਗਾਂ ਨੂੰ ਮਜ਼ਬੂਤ ਕਰੇ ਅਤੇ ਨਵੇਂ ਉਦਯੋਗ ਲਿਆ ਕੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਬਣਾਏ। ਜੇਕਰ ਪੰਜਾਬ ਨੇ ਅਸਲ ਤਰੱਕੀ ਕਰਨੀ ਹੈ, ਤਾਂ ਉਦਯੋਗਾਂ ਨੂੰ ਆਸਾਨੀਆਂ ਦੇਣੀਆਂ ਪੈਣਗੀਆਂ, ਨਾ ਕਿ ਉਨ੍ਹਾਂ ਦੀਆਂ ਅਵਾਜ਼ਾਂ ਨੂੰ ਨਜ਼ਰਅੰਦਾਜ਼ ਕਰਨਾ।ਆਖ਼ਰ 'ਚ ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਹਾਲਾਤ ਨਾ ਬਦਲੇ, ਤਾਂ ਉਦਯੋਗਿਕ ਵਰਗ ਆਪਣੀਆਂ ਮੰਗਾਂ ਲੈ ਕੇ ਸੜਕਾਂ 'ਤੇ ਆਉਣ ਲਈ ਮਜਬੂਰ ਹੋਵੇਗਾ। ਭਾਜਪਾ ਹਮੇਸ਼ਾ ਉਦਯੋਗਕਾਰਾਂ ਦੀ ਹਮਦਰਦ ਰਹੀ ਹੈ ਅਤੇ ਭਵਿੱਖ 'ਚ ਵੀ ਉਨ੍ਹਾਂ ਦੀ ਅਵਾਜ਼ ਸਰਕਾਰ ਤੱਕ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਰਹੇਗੀ।

# ਜ਼ਿਲ੍ਹਾ ਡੈਲੀਗੇਟਾਂ ਨੂੰ ਅਹੁਦੇਦਾਰੀਆਂ ਦੇਣ ਦੇ ਅਧਿਕਾਰ ਸੁਖਬੀਰ ਨੂੰ ਸੌਂਪੇ

**ਮੋਹਾਲੀ, (ਗੁਰਜੀਤ ਬਿੱਲਾ)**

ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਚੱਲ ਰਹੇ ਯਤਨਾਂ ਤਹਿਤ ਗੁਰਦੁਆਰਾ ਅੰਬ ਸਾਹਿਬ ਵਿਖੇ ਜ਼ਿਲ੍ਹਾ ਡੈਲੀਗੇਟਾਂ ਦੀ ਮੀਟਿੰਗ ਹੋਈ। ਹਲਕਾ ਇੰਚਾਰਜ ਜਥੇਦਾਰ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਹੇਠ ਹੋਈ ਇਸ ਬੈਠਕ ਵਿੱਚ ਕੋਰ ਕਮੇਟੀ ਮੈਂਬਰ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ, ਜ਼ਿਲ੍ਹਾ ਆਬਜ਼ਰਵਰ ਬੀਬੀ ਕੁਲਦੀਪ ਕੌਰ ਕੰਗ ਸਮੇਤ ਕਈ ਸੀਨੀਅਰ ਆਗੂ ਹਾਜ਼ਰ ਰਹੇ।ਮੀਟਿੰਗ ਦੌਰਾਨ ਅਹੁਦੇਦਾਰੀਆਂ ਦੇ ਨਿਰਧਾਰਨ ਸੰਬੰਧੀ ਪੂਰਾ ਅਧਿਕਾਰ ਪਾਰਟੀ ਪ੍ਰਧਾਨ ਸ੍ਰੀ ਸੁਖਬੀਰ ਸਿੰਘ ਬਾਦਲ ਨੂੰ ਸੌਂਪਣ ਦੀ ਸਹਿਮਤੀ ਦਿੱਤੀ ਗਈ, ਜਿਸ ਦਾ ਵਰਕਰਾਂ ਨੇ ਜੈਕਾਰਿਆਂ ਨਾਲ ਸਵਾਗਤ ਕੀਤਾ। ਇਸ ਮੌਕੇ ਜਥੇਦਾਰ ਸੋਹਾਣਾ ਨੇ ਕਿਹਾ ਕਿ ਪਾਰਟੀ ਲਈ ਨਿਸ਼ਠਾ ਨਾਲ ਕੰਮ ਕਰਨ ਵਾਲੇ ਵਰਕਰਾਂ ਨੂੰ ਜਿੰਮੇਵਾਰੀਆਂ ਦਿੱਤੀਆਂ ਜਾਣਗੀਆਂ।ਬਾਅਦ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਮੌਜੂਦਾ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਇਹ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਦੀ ਬਜਾਏ ਹਰ ਵਰਗ ਦਾ ਗਲਾ ਘੁੱਟ ਰਹੀ ਹੈ। ਬਾਦਲ ਸਰਕਾਰ ਦੌਰਾਨ ਹਰੇਕ ਵਰਗ ਲਈ ਕਈ ਭਲਾਈ ਸਕੀਮਾਂ ਲਾਗੂ ਕੀਤੀਆਂ ਗਈਆਂ ਸਨ, ਜਦਕਿ ਅੱਜ ਦੀ ਸਰਕਾਰ ਲੋਕਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ।ਲੈਂਡ ਪੂਲਿੰਗ ਮਾਮਲੇ 'ਤੇ ਉਨ੍ਹਾਂ ਦੋਹਰਾਇਆ ਕਿ ਬਾਦਲ ਸਰਕਾਰ ਨੇ ਕਿਸਾਨਾਂ ਨੂੰ ਬਾਜਾਰੀ ਕੀਮਤ ਤੋਂ ਪੰਜ ਗੁਣਾ ਵਧੇਰੇ ਮੁੱਲ 'ਤੇ ਕਮਰਸ਼ੀਅਲ ਅਤੇ ਰਿਹਾਇਸ਼ੀ ਪਲਾਟ ਦਿੱਤੇ ਸਨ, ਜਦਕਿ ਮੌਜੂਦਾ ਸਰਕਾਰ ਉਸੇ ਸਕੀਮ ਦੀ ਆੜ ਹੇਠ ਕਿਸਾਨਾਂ ਦੀਆਂ ਜ਼ਮੀਨਾਂ ਜ਼ਬਤ ਕਰ ਰਹੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਇਸ ਜ਼ਬਰ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਖਿਲਾਫ ਪਾਰਟੀ 15 ਜੁਲਾਈ ਤੋਂ ਲੁਧਿਆਣਾ ਤੋਂ ਲੜੀਵਾਰ ਸੰਘਰਸ਼ ਸ਼ੁਰੂ ਕਰੇਗੀ।ਇਸ ਮੌਕੇ ਸ਼ਮਸ਼ੇਰ ਪੁਰਖਾਲਵੀ, ਹਰਮਨਪ੍ਰੀਤ ਸਿੰਘ ਪ੍ਰਿੰਸ, ਕਮਲਜੀਤ ਸਿੰਘ ਰੂਬੀ, ਐਸਜੀਪੀਸੀ ਮੈਂਬਰ ਚਰਨਜੀਤ ਸਿੰਘ ਕਾਲੇਵਾਲ, ਜਸਬੀਰ ਸਿੰਘ ਜੱਸਾ, ਸੁਰਮੁਖ ਸਿੰਘ ਰਾਏਪੁਰ, ਮਨਜੀਤ ਸਿੰਘ ਮਾਨ, ਕਰਮ ਸਿੰਘ ਬਾਬਰਾ, ਪ੍ਰਦੀਪ ਸਿੰਘ ਭਰਾਜ, ਕੈਪਟਨ ਰਮਨਦੀਪ ਸਿੰਘ ਬਾਵਾ, ਜਗਦੀਸ ਸਿੰਘ ਸਰਾਓ, ਸੁਖਵਿੰਦਰ ਸਿੰਘ ਛਿੰਦੀ, ਸਰਬਜੀਤ ਸਿੰਘ ਪਾਰਸ, ਰਵਿੰਦਰ ਸਿੰਘ ਖੇੜਾ, ਹਰਜੀਤ ਸਿੰਘ, ਮਨਜੀਤ ਸਿੰਘ ਮਲਿਕਪੁਰ, ਹਰਗੋਬਿੰਦ ਸਿੰਘ, ਰਾਜਿੰਦਰ ਸਿੰਘ ਈਸਾਪੁਰ, ਸਰਪੰਚ ਅਵਤਾਰ ਸਿੰਘ ਦਾਊਂ, ਬਲਜੀਤ ਸਿੰਘ ਦੈੜੀ, ਬਲਜਿੰਦਰ ਸਿੰਘ ਬੇਦੀ, ਬੀਬੀ ਮਨਮੋਹਨ ਕੌਰ, ਬੀਬੀ ਰੁਪਿੰਦਰ ਕੌਰ ਧੜਾਕ, ਕੁਲਵੰਤ ਸਿੰਘ ਤ੍ਰਿਪੜੀ, ਵਿੱਕੀ ਬਹਿਲੋਲਪੁਰ, ਸੋਨੀ ਬੜੀ, ਅਮਨ ਪੂਨੀਆ, ਕੁਲਦੀਪ ਸਿੰਘ ਬੈਰੋਂਪੁਰ, ਨੰਬਰਦਾਰ ਹਰਿੰਦਰ ਸਿੰਘ ਸੁੱਖਗੜ੍ਹ, ਕਰਮਜੀਤ ਸਿੰਘ ਮੌਲੀ, ਹਰਵਿੰਦਰ ਸਿੰਘ ਲੰਬੜਦਾਰ ਸੁਹਾਣਾ, ਤਰਨਦੀਪ ਸਿੰਘ ਧਾਲੀਵਾਲ, ਅਮਨ ਖਰੜ, ਕੇਸਰ ਸਿੰਘ, ਸੁਰਿੰਦਰ ਗਰੇਵਾਲ, ਜਰਨੈਲ ਸਿੰਘ ਬਲੌਂਗੀ, ਦੀਸਾ ਤੜੌਲੀ, ਬਿਕਰਮ ਸਿੰਘ ਗੀਗੇਮਾਜਰਾ, ਗੁਰਪ੍ਰੀਤ ਸਿੰਘ ਮਨੌਲੀ, ਸਤਬੀਰ ਸਿੰਘ ਖਟੜਾ, ਗੁਰਮੀਤ ਸਿੰਘ ਬੜਮਾਜਰਾ, ਬਲਬੀਰ ਸਿੰਘ ਪੱਤੋਂ, ਜਸਬੀਰ ਸਿੰਘ ਕੁਰੜਾ, ਬਿੱਲਾ ਛੱਜੂਮਾਜਰਾ ਅਤੇ ਗੁਰਪ੍ਰੀਤ ਸਿੰਘ ਤੰਗੌਰੀ ਸ਼ਾਮਲ ਸਨ।



# ਵੜਿੰਗ ਨੇ ਅਬੋਹਰ 'ਚ ਵਪਾਰੀ ਦੀ ਹੱਤਿਆ ਦੀ ਕੀਤੀ ਨਿੰਦਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅਬੋਹਰ ਵਿੱਚ ਵਪਾਰੀ ਸੰਜੇ ਵਰਮਾ ਦੇ ਕਤਲ ਦੀ ਘਿਨਾਉਣੀ ਵਾਰਦਾਤ ਦੀ ਨਿੰਦਾ ਕੀਤੀ ਹੈ।ਇਸ ਮੌਕੇ ਵੜਿੰਗ ਨੇ ਪੀੜਤ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਉਹ ਅਤੇ ਉਨ੍ਹਾਂ ਦੀ ਪਾਰਟੀ ਅਜਿਹੇ ਦੁਖਦਾਈ ਹਾਲਾਤ ਵਿੱਚ ਪਰਵਾਰ ਨੂੰ ਹੋਏ ਨਾ ਪੂਰਾ ਹੋਣ ਵਾਲੇ ਘਾਟੇ ਮੌਕੇ ਉਨ੍ਹਾਂ ਨਾਲ ਖੜ੍ਹੇ ਹਨ।ਸੂਬਾ ਕਾਂਗਰਸ ਪ੍ਰਧਾਨ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਆਪਣੀ ਸਮੁੱਚੀ ਅਸਫਲਤਾ ਲਈ ਜ਼ਿੰਮੇਵਾਰ ਠਹਿਰਾਇਆ, ਜਿਸ ਨੇ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਹੌਸਲਾ ਦਿੱਤਾ ਹੈ, ਜਿਹੜੇ ਸੂਬੇ ਵਿੱਚ ਅਜਿਹੇ ਘਿਨਾਉਣੇ ਅਪਰਾਧ ਕਰਨ ਤੋਂ ਬਾਅਦ ਵੀ ਕਾਨੂੰਨ ਦੇ ਸ਼ਿਕੰਜੇ ਤੋਂ ਬਾਹਰ ਹਨ।ਉਨ੍ਹਾਂ ਖੁਲਾਸਾ ਕੀਤਾ ਕਿ ਹਾਲ ਹੀ ਪੰਜਾਬ ਅੰਦਰ ਵਾਪਰੀਆਂ ਘਟਨਾਵਾਂ ਦੇ ਸਿਲਸਿਲੇ ਵਿੱਚ ਇਸ ਘਟਨਾ ਨੇ ਪੰਜਾਬ ਦੇ ਲੋਕਾਂ, ਖਾਸ ਕਰਕੇ ਵਪਾਰਕ ਭਾਈਚਾਰੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਉਨ੍ਹਾਂ ਆਪ ਸਰਕਾਰ ਨੂੰ ਕਿਹਾ ਕਿ ਤੁਸੀਂ ਆਪਣੇ ਸਾਰੇ ਵਾਅਦਿਆਂ 'ਤੇ ਅਸਫਲ ਰਹੇ ਹੋ ਅਤੇ ਸੂਬੇ ਦੇ ਲੋਕਾਂ ਨੂੰ ਤੁਹਾਡੇ ਤੋਂ ਘਟੋਂ ਘੱਟ ਸੁਰੱਖਿਆ ਪ੍ਰਦਾਨ ਕਰਨ ਦੀ ਉਮੀਦ ਸੀ, ਜਿਸ ਵਿਚ ਵੀ ਤੁਸੀਂ ਅਸਫਲ ਰਹੇ ਹੋ।ਇਸ ਤੋਂ ਇਲਾਵਾ, ਵੜਿੰਗ ਡਾ. ਅਨਿਲਜੀਤ ਸਿੰਘ ਕੰਬੋਜ ਨੂੰ ਵੀ ਮਿਲਣ ਲਈ ਗਏ, ਜੋ ਕੁਝ ਦਿਨ ਪਹਿਲਾਂ ਮੋਗਾ ਵਿੱਚ ਇਸੇ ਤਰ੍ਹਾਂ ਦੇ ਕਾਤਲਾਨਾ ਹਮਲੇ ਤੋਂ ਬਚ ਗਏ ਸਨ।

# ਲੋਕ ਇਨਸਾਫ਼ ਮੰਚ ਵੱਲੋਂ ਬੀ ਡੀ ਪੀ ਓ ਦਫਤਰ ਵਿਖੇ ਪੱਕਾ ਧਰਨਾ

**ਫਿਲੌਰ,(ਨਿਰਮਲ)**

ਲੋਕ ਇਨਸਾਫ਼ ਮੰਚ ਵਲੋਂ ਡੇਰਾ ਮਈਆ ਭਗਵਾਨ ਦੇ ਗੇਟ ਸਾਹਮਣੇ ਪੈਂਦੇ ਗੰਦੇ ਪਾਣੀ ਦੀ ਨਿਕਾਸੀ ਦੇ ਹੱਲ ਲਈ ਬੀ ਡੀ ਪੀ ਓ ਦਫਤਰ ਫਿਲੌਰ ਸਾਹਮਣੇ ਪੱਕਾ ਧਰਨਾ ਸ਼ੁਰੂ ਕੀਤਾ ਗਿਆ, ਜਿਸ ਵਿੱਚ ਪਹਿਲੇ ਦਿਨ ਸੈਕੜੇ ਲੋਕਾਂ ਵਲੋਂ ਹਿੱਸਾ ਲਿਆ ਗਿਆ। ਇਸ ਮੌਕੇ ਧਰਨੇ ਦੀ ਅਗਵਾਈ ਡੇਰਾ ਮਈਆ ਭਗਵਾਨ ਦੇ ਮੁੱਖ ਸੇਵਾਦਾਰ ਸ਼ੰਭੂ ਅਤੇ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਨੇ ਕੀਤੀ। ਭਰਾਤਰੀ ਜਥੇਬੰਦੀਆਂ, ਕਿਸਾਨ ਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਵਲੋਂ ਸੰਬੋਧਨ ਕਰਦਿਆਂ ਧਰਨੇ ਦੀ ਸਫਲਤਾ ਲਈ ਸਹਿਯੋਗ ਦੇਣ ਦਾ ਐਲਾਨ ਕੀਤਾ। ਲੋਕ ਇਨਸਾਫ਼ ਮੰਚ ਦੇ ਆਗੂਆਂ ਜਰਨੈਲ ਫਿਲੌਰ, ਪ੍ਰਸ਼ੋਤਮ ਫਿਲੌਰ, ਮਾਸਟਰ ਹੰਸ ਰਾਜ, ਐਡਵੋਕੇਟ ਸੰਜੀਵ ਕੁਮਾਰ ਭੌਰਾ, ਡਾਕਟਰ ਸੰਦੀਪ ਕੁਮਾਰ, ਲਾਡੀ ਮਹਿਸਮਪੁਰ,ਡਾਕਟਰ ਅਸ਼ੋਕ ਕੁਮਾਰ, ਹਨੀ ਸੰਤੋਖਪੁਰਾ, ਰਾਮਜੀ ਦਾਸ ਗੰਨਾ ਪਿੰਡ, ਰਾਜਵਿੰਦਰ ਸਿੰਘ ਮੁਠੱਡਾ, ਜਸਵਿੰਦਰ ਜੱਸੀ, ਰਾਜਿੰਦਰ ਸੰਧੂ, ਜਸਵੰਤ ਬੋਧ, ਤਰਸੇਮ ਸਿੰਘ, ਜ਼ਿਲ੍ਹਾ ਸਕੱਤਰ, ਅਤੇ ਸਰਬਜੀਤ ਸਾਬੀ, ਭਾਰਤੀ ਕਿਸਾਨ ਯੂਨੀਅਨ ਦੋਆਬਾ, ਤਰਸੇਮ ਸਿੰਘ ਕਡਿਆਣਾ ਅਤੇ ਬਲਦੇਵ ਸੇਲਕੀਆਨਾ,ਕਿਰਤੀ ਕਿਸਾਨ ਯੂਨੀਅਨ, ਇਨਸਾਨੀਅਤ ਦੇ ਸੇਵਾਦਾਰ ਜੱਥੇਬੰਦੀ ਆਗੂਆਂ ਨੇ ਸੰਬੋਧਨ ਕੀਤਾ।ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਦੋਂ ਤੱਕ ਮਸਲਾ ਹੱਲ ਨਹੀਂ ਹੁੰਦਾਂ ਇਹ ਧਰਨਾ ਪੱਕੇ ਤੌਰ 'ਤੇ ਚਲਦਾ ਰਹੇਗਾ ਅਤੇ 15 ਜੁਲਾਈ ਨੂੰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਵੱਡਾ ਇਕੱਠ ਕੀਤਾ ਜਾਵੇਗਾ।ਇਸ ਮੌਕੇ ਬਾਬਾ ਕੁਲਰਾਜ ਦਰਗਾਹ ਪ੍ਰਬੰਧਕ ਕਮੇਟੀ, ਸਾਬਕਾ ਸਰਪੰਚ ਸਰਬਜੀਤ ਸਬੀ, ਜਰਨੈਲ ਪੰਚ, ਰਣਜੀਤ ਕੁਮਾਰ ਸਾਬਕਾ ਸਰਪੰਚ ਅਕਲਪੁਰ, ਸੰਦੀਪ ਕੁਮਾਰ , ਗੁਰਮੇਲ ਮੁਠੱਡਾ, ਸੋਮਨਾਥ ਸਖੂਪੁਰ, ਮਨਜੀਤ ਰਾਮਗੜ੍ਹ, ਇਕਬਾਲ ਸਿੰਘ, ਅਜੇ ਹਮਸਰ, ਅਮਰਦੀਪ ਟੀਨੂੰ, ਕਰਨ ਕੁਮਾਰ, ਰਾਜੇਸ਼ ਕੁਮਾਰ, ਬਿੱਟੂ ਪ੍ਰਧਾਨ, ਬਲਿਹਾਰ ਧੁਲੇਤਾ, ਮਹਿੰਦਰ ਲੱਲੀਆਂ, ਸਰਵਣ ਲੱਲੀਆਂ, ਸੋਮ ਨਾਥ ਲੱਲੀਆਂ, ਜੀਵਨ ਲਾਲ, ਵੀਜੇ ਜੌਹਲਾਂ, ਬੀਬੀ ਸੋਮਾ ਰਾਣੀ, ਸਲਿੰਦਰ ਕੌਰ, ਬੀਬੀ ਹੰਸ ਕੌਰ, ਸੁਨੀਤਾ ਫਿਲੌਰ, ਕਮਲਜੀਤ ਕੌਰ, ਮੰਮਤਾ ਰਾਣੀ, ਗੇਜੋਂ, ਸੁਰਜੀਤ ਕੌਰ ਆਦਿ ਹਾਜ਼ਰ ਸਨ।



9-JULY-PAGE-10.qxd 7/8/2025 10:28 PM Page 1



## ਦਲਿਤ ਸਮਾਜ ਸੇਵਾ ਸੰਗਠਨ ਵੱਲੋਂ ਰਣਜੀਤ ਕੌਰ ਜ਼ਿਲ੍ਹਾ ਪ੍ਰਧਾਨ ਨਿਯੁਕਤ



**ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)**-ਅੱਜ ਦੇਸ਼ ਦੇ ਭਾਵੇਂ ਤਰੱਕੀਆਂ ਬੁਲੰਦੀਆਂ ਛੂਹੀਆਂ ਹਨ, ਪਰ ਫਿਰ ਵੀ ਕਿਤੇ ਨਾ ਕਿਤੇ ਦਲਿਤ ਭਾਈਚਾਰੇ ਨਾਲ ਧੱਕੇ ਹੁੰਦੇ ਦੇਖੇ ਜਾਂਦੇ ਹਨ। ਇਹ ਗੱਲ ਡਾਕਟਰ ਹਰਮੇਸ਼ ਸਿੰਘ ਰਿਆਣਾ ਸੂਬਾ ਪ੍ਰਧਾਨ ਦਲਿਤ ਸਮਾਜ ਸੇਵਾ ਸੰਗਠਨ ਨੇ ਕੀਤੀ। ਉਨ੍ਹਾਂ ਕਿਹਾ ਕਿ ਸਾਡਾ ਇੱਕ ਹੀ ਮਕਸਦ ਹੈ ਕਿ ਡਾਕਟਰ ਭੀਮ ਰਾਓ ਅੰਬੇਡਕਰ ਦੇ ਦੱਸੇ ਰਾਹ ਉੱਪਰ ਚੱਲਣਾ ਆਉਣ ਵਾਲੀ ਪੀੜ੍ਹੀ ਨੂੰ ਦੱਬ ਕੇ ਪੜ੍ਹਾਉਣਾ ਤੇ ਸਾਡੇ ਪਿਛਲੇ ਬਜ਼ੁਰਗਾਂ ਬਾਰੇ ਚਾਨਣਾ ਪਾਉਣਾ, ਦੱਬੇ ਕੁਚਲੇ ਲੋਕਾਂ ਨੂੰ ਉੱਪਰ ਉੱਠਣ ਦੀ ਸ਼ਕਤੀ ਦੇਣਾ, ਇਸ ਲਈ ਅਸੀਂ ਪੰਜਾਬ ਦੇ ਹਰ ਜ਼ਿਲ੍ਹੇ ਅੰਦਰ ਸਾਡੇ ਐਸ.ਸੀ ਭਾਈਚਾਰੇ ਵਿੱਚੋਂ ਮਾਨ-ਸਨਮਾਨ ਦੇ ਕੇ ਅਹੁਦਿਆਂ ਨਾਲ ਨਿਵਾਜਿਆ ਜਾਂਦਾ ਹੈ ਅਸੀਂ ਸ਼ਹੀਦ ਊਧਮ ਸਿੰਘ ਵਾਲਾ ਦੀ ਭੈਣ ਰਣਜੀਤ ਕੌਰ ਨੂੰ ਜ਼ਿਲ੍ਹਾ ਸੰਗਰੂਰ ਦਾ ਪ੍ਰਧਾਨ ਨਿਯੁਕਤ ਕਰਦੇ ਹਾਂ ਤਾਂ ਜੁ ਜ਼ਿਲ੍ਹਾ ਸੰਗਰੂਰ ਦੇ ਬਲਾਕ ਸੁਨਾਮ ਦੇ ਨੇੜੇ-ਤੇੜੇ ਦੇ ਪਿੰਡਾਂ ਦੇ ਸਾਡੇ ਐਸੀ ਭਾਈਚਾਰੇ ਨਾਲ ਜੁੜਨ ਤਾਂ ਜੁ ਉਨ੍ਹਾਂ ਦੀਆਂ ਹਰ ਮੁਸ਼ਕਿਲਾਂ ਅਸੀਂ ਇਕੱਠੇ ਹੋ ਕੇ ਨਜਿੱਠੀਏ।

## ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖਰੀਦਣ ਲਈ ਦਿੱਤੀ ਵਿੱਤੀ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਮਹੰਤ ਕਸ਼ਮੀਰ ਸਿੰਘ ਦੀ ਹਾਜ਼ਰੀ 'ਚ 15 ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖਰੀਦਣ ਲਈ ਵੀਹ ਹਜ਼ਾਰ ਦੇ ਕਰੀਬ ਵਿੱਤੀ ਸਹਾਇਤਾ ਰਾਸ਼ੀ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਘਰੇਲੂ ਹਾਲਾਤ ਠੀਕ ਨਾ ਹੋਣ ਕਾਰਨ ਕਈ ਵਾਰ ਡਾਕਟਰ ਦੀ ਲਿਖੀ ਹੋਈ ਦਵਾਈ ਖਰੀਦਣ ਤੋਂ ਅਸਮਰਥ ਲੋਕ ਦਵਾਈਆਂ ਨਾ ਖਰੀਦ ਕੇ ਅਪਣੀ ਸਿਹਤ ਹੋਰ ਵਿਗਾੜ ਲੈਂਦੇ ਹਨ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਅਜਿਹੀ ਸਥਿਤੀ 'ਚ ਇਨ੍ਹਾਂ ਲੋਕਾਂ ਦੀਆਂ ਡਾਕਟਰ ਦੀਆਂ ਦਵਾਈ ਦੀਆਂ ਪਰਚੀਆਂ ਡਾ. ਓਬਰਾਏ ਕੋਲ ਭੇਜੀਆਂ ਜਾਂਦੀਆਂ ਹਨ ਤਾਂ ਡਾਕਟਰ ਓਬਰਾਏ ਵੱਲੋਂ ਤੁਰੰਤ ਪ੍ਰਵਾਨਗੀ ਦੇਣ ਤੋਂ ਬਾਅਦ ਇਨ੍ਹਾਂ ਨੂੰ ਪੈਸੇ ਭੇਜੇ ਜਾਂਦੇ ਹਨ ਤੇ ਸ੍ਰੀ ਮੁਕਤਸਰ ਸਾਹਿਬ ਟੀਮ ਰਹੀ ਇਨ੍ਹਾਂ ਕੋਲ ਪੁਚਾਏ ਜਾਂਦੇ ਹਨ। ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦ ਮਰੀਜ਼ਾਂ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ। ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਇਹ ਸਹਾਇਤਾ ਰਾਸੀ ਡਾਕਟਰ ਓਬਰਾਏ ਵੱਲੋਂ ਅਪਣੀ ਨੇਕ ਕਮਾਈ 'ਚੋਂ ਦਸਵੰਧ ਕੱਢ ਕੇ ਦਿੱਤੀ ਜਾਂਦੀ ਹੈ।

## ਗਰੇਵਾਲ ਤੇ ਕਲੇਰ ਦਾ ਵਰਕਿੰਗ ਕਮੇਟੀ ਮੈਂਬਰ ਬਣਨ 'ਤੇ ਸਨਮਾਨ



**ਜਗਰਾਓਂ (ਅਮਿਤ ਖੰਨਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸਾਬਕਾ ਵਿਧਾਇਕ ਸ੍ਰੀ ਐਸ ਆਰ ਕਲੇਰ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਹੋਰ ਅਹੁਦਿਆਂ ਨਾਲ ਨਿਵਾਜਣ 'ਤੇ ਖਾਲਸਾ ਪਰਵਾਰ ਨੇ ਉਨ੍ਹਾਂ ਨੂੰ ਸਨਮਾਨਤ ਕੀਤਾ।ਸ਼੍ਰੋਮਣੀ ਅਕਾਲੀ ਦਲ ਵੱਲੋਂ ਭਾਈ ਗੁਰਚਰਨ ਸਿੰਘ ਗਰੇਵਾਲ, ਜੋ ਪਹਿਲਾਂ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਹਨ, ਨੂੰ ਹੋਰ ਮਾਣ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਵਿੱਚ ਵੀ ਥਾਂ ਦਿੱਤੀ ਗਈ ਹੈ।ਇਸੇ ਤਰ੍ਹਾਂ ਇਲਾਕੇ ਦੇ ਸਾਬਕਾ ਵਿਧਾਇਕ ਸ੍ਰੀ ਐਸ ਆਰ ਕਲੇਰ ਨੂੰ ਵੀ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਵਿੱਚ ਨਿਯੁਕਤੀ ਹੋਈ ਹੈ। ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸ੍ਰੀ ਐਸ ਆਰ ਕਲੇਰ ਨੇ ਆਖਿਆ ਕਿ ਇਹ ਅਹਿਮ ਜ਼ਿੰਮੇਵਾਰੀ ਨੂੰ ਉਹ ਪੂਰੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਨਿਭਾਉਣ ਦੀ ਪੂਰੀ ਕੋਸ਼ਿਸ਼ ਕਰਨਗੇ।

## ਐਸ.ਸੀ. ਭਾਈਚਾਰੇ ਦੇ ਲਾਭਪਾਤਰੀਆਂ ਨੂੰ 1.36 ਕਰੋੜ ਦੀ ਕਰਜ਼ਾ ਮਾਫ਼ੀ ਦਾ ਲਾਭ ਪ੍ਰਦਾਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਹਲਕੇ ਦੇ ਐਸ.ਸੀ. ਭਾਈਚਾਰੇ ਦੇ 86 ਲਾਭਪਾਤਰੀਆਂ ਨੂੰ 1.36 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਪ੍ਰਦਾਨ ਕੀਤੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਕਰਜ਼ੇ ਮੁਆਫ਼ ਕਰਕੇ ਗਰੀਬ ਪਰਵਾਰਾਂ ਦੀ ਬਾਂਹ ਫੜਨ ਦਾ ਵੱਡਾ ਉਪਰਾਲਾ ਕੀਤਾ ਹੈ, ਜਿਸ ਨਾਲ ਇਹ ਲਾਭਪਾਤਰੀ ਪਰਿਵਾਰ ਹੁਣ ਆਪਣੇ ਭਵਿੱਖ ਨੂੰ ਨਵੀਂ ਦਿਸ਼ਾ ਦੇ ਸਕਣਗੇ ਅਤੇ ਆਰਥਿਕ ਤੌਰ 'ਤੇ ਖੁਦਮੁਖਤਾਰ ਬਣ ਸਕਣਗੇ।ਜੌੜਾਮਾਜਰਾ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ 400 ਲਾਭਪਾਤਰੀਆਂ ਨੂੰ 4 ਕਰੋੜ 83 ਲੱਖ ਰੁਪਏ ਦੀ ਕਰਜ਼ਾ ਮੁਆਫ਼ੀ ਦਾ ਲਾਭ ਮਿਲਿਆ ਹੈ ਤੇ ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਧਾਈ ਦੀ ਪਾਤਰ ਹੈ, ਜਿਸ ਨੇ ਇਸ ਭਾਈਚਾਰੇ ਦੇ ਲੋਕਾਂ ਨਾਲ ਕੀਤਾ ਵਾਅਦਾ ਪੁਗਾਇਆ ਹੈ।ਜੌੜਾਮਾਜਰਾ ਨੇ ਦੱਸਿਆ ਕਿ ਐਸ.ਸੀ. ਭਾਈਚਾਰੇ ਨਾਲ ਸੰਬੰਧਤ ਪਰਵਾਰਾਂ ਵੱਲੋ ਪੰਜਾਬ ਅਨੁਸੂਚਿਤ ਜਾਤੀਆਂ ਭੋਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਤੋਂ ਲਏ ਗਏ ਕਰਜ਼ਿਆਂ ਨੂੰ ਮਾਫ ਕਰਕੇ ਇਕ ਵੱਡੀ ਰਾਹਤ ਪ੍ਰਦਾਨ ਕੀਤੀ ਹੈ।ਉਨ੍ਹਾਂ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਵੰਡਦਿਆਂ ਕਿਹਾ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਲੋੜਵੰਦ ਲੋਕਾਂ ਦੀ ਮਦਦ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਐਸ.ਸੀ ਭਾਈਚਾਰੇ ਵੱਲੋਂ ਲੰਬੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ ਕਿ ਉਨ੍ਹਾਂ ਦੇ ਕਰਜ਼ੇ ਮਾਫ ਕੀਤੇ ਜਾਣ, ਕਿਉਂਕਿ ਹੜਾਂ, ਬਿਮਾਰੀਆਂ ਅਤੇ ਆਰਥਿਕ ਕਮਜ਼ੋਰੀ ਕਾਰਨ ਬਹੁਤ ਸਾਰੇ ਪਰਵਾਰ ਉਕਤ ਕਰਜ਼ੇ ਅਦਾ ਕਰਨ ਵਿੱਚ ਅਸਮਰੱਥ ਸਨ।ਲਾਭਪਾਤਰੀ ਪਰਵਾਰਾਂ ਨੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਕਰਜ਼ਾ ਮਾਫ ਕਰਕੇ ਉਨ੍ਹਾਂ ਨੂੰ ਵਿੱਤੀ ਬੋਝ ਤੋਂ ਮੁਕਤ ਕੀਤਾ।ਉਨ੍ਹਾਂ ਕਿਹਾ ਕਿ ਹੁਣ ਉਹ ਆਪਣੇ ਬੱਚਿਆਂ ਦੀ ਪੜ੍ਹਾਈ ਤੇ ਪਰਵਾਰ ਦੀਆਂ ਜ਼ਰੂਰਤਾਂ ਲਈ ਬਿਹਤਰ ਤਰੀਕੇ ਨਾਲ ਯਤਨ ਕਰ ਸਕਣਗੇ।

## 'ਇੱਕ ਬੂਟਾ ਮਾਂ ਦੇ ਨਾਂ' ਮੁਹਿੰਮ ਤਹਿਤ ਮਲਕਾਣਾ ਸਕੂਲ 'ਚ ਲਗਾਏ ਬੂਟੇ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਰੁੱਖਾਂ ਦੀ ਘੱਟ ਰਹੀ ਗਿਣਤੀ ਤੇ ਆਲਮੀ ਤਪਸ਼ ਤੋਂ ਬਚਣ ਲਈ ਭਾਰਤ ਸਰਕਾਰ ਵੱਲੋਂ 'ਇੱਕ ਬੂਟਾ ਮਾਂ ਦੇ ਨਾਂ' ਤਹਿਤ ਪੂਰੇ ਭਾਰਤ ਵਿੱਚ ਪੌਦੇ ਲਾਉਣ ਦੀ ਮੁਹਿੰਮ ਚਲਾਈ ਗਈ ਹੈ।ਇਸੇ ਲੜੀ ਤਹਿਤ ਡਾਇਰੈਕਟਰ ਰਾਜ ਸਿੱਖਿਆ ਖੋਜ ਤੇ ਸਿਖਲਾਈ ਸੰਸਥਾ ਪੰਜਾਬ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸਰਕਾਰੀ ਹਾਈ ਸਕੂਲ ਮਲਕਾਣਾ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਸਕੂਲ ਦੇ ਮੁੱਖ ਅਧਿਆਪਕ ਚੰਦਰ ਸ਼ੇਖਰ ਦੀ ਅਗਵਾਈ ਹੇਠ ਵੱਖ ਵੱਖ ਕਿਸਮ ਦੇ ਪੌਦੇ ਲਗਾਏ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਅਧਿਆਪਕ ਚੰਦਰ ਸ਼ੇਖਰ ਨੇ ਦੱਸਿਆ 'ਇਕ ਬੂਟਾ ਮਾਂ ਦੇ ਨਾਂ' ਜਿਹੜੀ ਮੁਹਿੰਮ ਚਲਾਈ ਗਈ ਹੈ, ਉਸ ਦੇ ਅੰਤਰਗਤ ਸਿੱਖਿਆ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਕਿਸਮ ਦੇ 30 ਬੂਟੇ ਲਾਏ ਗਏ ਹਨ।ਇਸ ਮੌਕੇ ਬੱਚਿਆਂ ਨੂੰ ਵਾਤਾਵਰਨ ਤੇ ਰੁੱਖਾਂ ਦੀ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ ਹੈ।ਇਸ ਮੌਕੇ ਬੱਚਿਆਂ ਨੂੰ ਲਾਏ ਗਏ ਪੌਦਿਆਂ ਦੇ ਵਿਗਿਆਨਕ ਨਾਂ ਤੇ ਉਨ੍ਹਾਂ ਦੇ ਸਾਡੀ ਜ਼ਿੰਦਗੀ 'ਚ ਆਉਣ ਵਾਲੇ ਕੰਮਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਹੈੱਡਮਾਸਟਰ ਚੰਦਰ ਸ਼ੇਖਰ ਤੋਂ ਇਲਾਵਾ ਅਧਿਆਪਕ ਗੁਰਮੇਲ ਸਿੰਘ, ਹਰਬੰਸ ਸਿੰਘ, ਦਲ ਸਿੰਘ, ਰਾਜਵਿੰਦਰ ਸਿੰਘ, ਮੋਹਨ ਸਿੰਘ, ਹਰਜੀਵਨ ਸਿੰਘ, ਗੁਰਜੀਤ ਸਿੰਘ, ਪਰਮਜੀਤ ਕੌਰ, ਸੁਖਵਿੰਦਰ ਕੌਰ ਤੇ ਦਲਪ੍ਰੀਤ ਕੌਰ ਹਾਜ਼ਰ ਸਨ।

## ਦੇਸ਼ ਵਿਆਪੀ ਹੜਤਾਲ ਦੇ ਸਮਰਥਨ 'ਚ ਪੀ.ਏ.ਯੂ. ਮੁਲਾਜ਼ਮ ਕਰਨਗੇ ਰੋਸ ਰੈਲੀ

**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੀ ਐਗਜ਼ੈਕਟਿਵ ਕੌਂਸਲ ਤੇ ਪੀ.ਏ.ਯੂ. ਫੋਰਥ ਕਲਾਸ ਵਰਕਰਜ਼ ਯੂਨੀਅਨ ਦੀ ਐਗਜ਼ੈਕਟਿਵ ਕੌਂਸਲ ਦੀ ਹੰਗਾਮੀ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਸ੍. ਬਲਦੇਵ ਸਿੰਘ ਵਾਲੀਆ ਨੇ ਕੀਤੀ, ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਕੇਂਦਰ ਸਰਕਾਰ ਵੱਲੋਂ ਜੋ ਲਗਾਤਾਰ ਮੁਲਾਜ਼ਮ ਵਿਰੋਧੀ ਕਾਨੂੰਨ ਪਾਸ ਕੀਤੇ ਜਾ ਰਹੇ ਹਨ ਤੇ ਪੰਜਾਬ ਸਰਕਾਰ ਵੀ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਅਤੇ ਸੰਘਰਸ਼ੀ ਮੁਲਾਜ਼ਮਾਂ ਉੱਪਰ ਲਾਠੀਚਾਰਜ ਦਾ ਕਹਿਰ ਢਾਹਿਆ ਜਾ ਰਿਹਾ ਹੈ, ਦੇ ਵਿਰੋਧ ਵਿੱਚ ਜੋ ਦੇਸ਼ ਭਰ ਦੀਆਂ ਜਥੇਬੰਦੀਆਂ ਵੱਲੋਂ ਦੇਸ਼ ਵਿਆਪੀ ਹੜਤਾਲ 9 ਜੁਲਾਈ 2025 ਨੂੰ ਕੀਤੀ ਜਾ ਰਹੀ ਹੈ, ਉਸ ਦੇ ਸਮਰਥਨ ਵਿੱਚ ਸਵੇਰੇ 9 ਵਜੇ ਥਾਪਰ ਹਾਲ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ।ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਬਲਦੇਵ ਸਿੰਘ ਨੇ ਦੱਸਿਆ ਕਿ ਇਹ ਦੇਸ਼ ਵਿਆਪੀ ਹੜਤਾਲ ਕੀਤੀ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੈ।ਇਸ ਮੌਕੇ ਮਨਮੋਹਨ ਸਿੰਘ, ਲਾਲ ਬਹਾਦੁਰ ਯਾਦਵ, ਬਿੱਕਰ ਸਿੰਘ ਕਲਸੀ, ਨਵਨੀਤ ਸ਼ਰਮਾ, ਨਰਿੰਦਰ ਸਿੰਘ ਸੇਖੋਂ, ਕੇਸ਼ਵ ਰਾਏ ਸੈਣੀ, ਗੁਰਇਬਾਲ ਸਿੰਘ ਸੋਹੀ, ਧਰਮਿੰਦਰ ਸਿੰਘ ਸਿੱਧੂ, ਭੁਪਿੰਦਰ ਸਿੰਘ, ਸਤਵਿੰਦਰ ਸਿੰਘ, ਹਰਮਿੰਦਰ ਸਿੰਘ, ਸੁਰਜੀਤ ਸਿੰਘ, ਕਰਨੈਲ ਸਿੰਘ, ਜਗਦੀਪ ਸਿੰਘ, ਬਲਜਿੰਦਰ ਸਿੰਘ ਨੰਦ ਕਿਸ਼ੋਰ, ਪ੍ਰਿੰਸ ਗਰਗ, ਸੁਰਿੰਦਰ ਸਿੰਘ, ਜਤਿੰਦਰ ਕੁਮਾਰ, ਤੇਜਿੰਦਰ ਸਿੰਘ, ਰਕੇਸ਼ ਕੁਮਾਰ ਕੌਂਡਲ, ਹਰਪ੍ਰੀਤ ਸਿੰਘ, ਜਤਿੰਦਰ ਸਿੰਘ ਸੈਣੀ, ਇੰਦਰਜੀਤ ਸਿੰਘ, ਬਰਿੰਦਰ ਸਿੰਘ ਪੰਡੋਰੀ, ਰੁਪਿੰਦਰ ਸਿੰਘ ਤੇ ਰਵਿੰਦਰ ਚਾਵਲਾ ਸ਼ਾਮਲ ਹੋਏ।

# ਡੰਮੀ ਬੋਲੀ ਰੱਦ ਕਰਨ ਦੀ ਮੰਗ ਨੂੰ ਲੈ ਕੇ ਮਜ਼ਦੂਰਾਂ ਦਾ ਸੰਘਰਸ਼ ਜਾਰੀ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਸਕੱਤਰ ਗੁਰਵਿੰਦਰ ਬੌੜਾਂ ਤੇ ਇਕਾਈ ਪ੍ਰਧਾਨ ਪਰਮਜੀਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਮੰਡੌਰ ਵਿੱਚ ਡੰਮੀ ਬੋਲੀ ਨੂੰ ਰੱਦ ਕਰਨ ਸੰਬੰਧੀ ਪ੍ਰਸ਼ਾਸਨ ਵੱਲੋਂ 5 ਜੁਲਾਈ ਨੂੰ ਗ੍ਰਾਮ ਸਭਾ ਦਾ ਅਜਲਾਸ ਬੁਲਾਇਆ ਗਿਆ ਸੀ।ਇਸ ਅਜਲਾਸ ਵਿੱਚ ਬਹੁ-ਗਿਣਤੀ ਮਜ਼ਦੂਰਾਂ ਨੇ ਮੰਗ ਕੀਤੀ ਕਿ ਪਿੰਡ ਦੀ ਐੱਸ ਸੀ ਭਾਈਚਾਰੇ ਦੀ ਜ਼ਮੀਨ, ਜਿਸ ਨੂੰ ਸਰਪੰਚ ਤੇ ਕੁਝ ਹੋਰ ਵਿਅਕਤੀ ਜਨਰਲ ਕੈਟਾਗਰੀ ਨੂੰ ਵਾਹੁਣ ਦੀ ਕੋਸ਼ਿਸ਼ ਕਰ ਰਹੇ ਹਨ, ਨੂੰ ਮਜ਼ਦੂਰਾਂ ਨੂੰ ਸਾਂਝੀ ਖੇਤੀ ਲਈ ਦਿੱਤੀ ਜਾਵੇ।ਇਸ ਦੌਰਾਨ ਪ੍ਰਸ਼ਾਸਨਕ ਅਧਿਕਾਰੀਆਂ ਨੇ ਸਿਰਫ਼ ਵੀਡੀਓਗ੍ਰਾਫੀ ਕਰਕੇ ਐਲਾਨ ਕੀਤਾ ਕਿ ਏਡੀਸੀ (ਡੀ) ਸੋਮਵਾਰ ਨੂੰ ਬੋਲੀ ਸੰਬੰਧੀ ਫੈਸਲਾ ਸੁਣਾਉਣਗੇ।ਅੱਜ 7 ਜੁਲਾਈ ਨੂੰ ਵੱਡੀ ਗਿਣਤੀ ਵਿੱਚ ਮਜ਼ਦੂਰ ਏਡੀਸੀ ਦਫ਼ਤਰ ਪਹੁੰਚੇ ਤੇ ਮੰਗ ਕੀਤੀ ਕਿ ਡੰਮੀ ਬੋਲੀ ਰੱਦ ਕਰਕੇ ਜ਼ਮੀਨ ਮਜ਼ਦੂਰਾਂ ਨੂੰ ਸਾਂਝੀ ਖੇਤੀ ਲਈ ਅਲਾਟ ਕੀਤੀ ਜਾਵੇ।ਮਜ਼ਦੂਰ ਆਗੂ ਬੋਲੀ ਦਾ ਪੈਸਾ ਭਰਨ ਲਈ ਤਿਆਰ ਹਨ।ਉਹਨਾਂ ਪਾਸੋਂ, ਪਿੰਡ ਦੇ ਸਿਰਫ਼ ਦੋ ਵਿਅਕਤੀ, ਜੋ ਜਨਰਲ ਕੈਟਾਗਰੀ ਨਾਲ ਸਬੰਧਤ ਹਨ, ਨੇ ਬੋਲੀ ਨੂੰ ਸਹੀ ਠਹਿਰਾਉਂਦਿਆਂ ਕਿਹਾ ਕਿ ਜ਼ਮੀਨ ਜਨਰਲ ਕੈਟਾਗਰੀ ਨੂੰ ਹੀ ਜ਼ਮੀਨ ਵਾਹੁਣਗੇ।ਹੈਰਾਨੀ ਦੀ ਗੱਲ ਹੈ ਕਿ ਪ੍ਰਸ਼ਾਸਨ 120 ਮਜ਼ਦੂਰ ਪਰਵਾਰਾਂ ਦੀ ਮੰਗ ਨੂੰ ਨਜ਼ਰਅੰਦਾਜ਼ ਕਰਕੇ ਸਿਰਫ਼ ਦੋ-ਤਿੰਨ ਪਰਵਾਰਾਂ ਦੀ ਗੱਲ ਸੁਣ ਰਿਹਾ ਹੈ।ਇਕਾਈ ਆਗੂ ਗੁਰਪ੍ਰੀਤ ਸਿੰਘ ਤੇ ਸੁਖਵਿੰਦਰ ਕੌਰ ਨੇ ਕਿਹਾ ਕਿ ਪਹਿਲਾਂ ਤਾਂ ਡੀਡੀਪੀਓ ਵੱਲੋਂ ਮਜ਼ਦੂਰਾਂ ਕੋਲੋਂ 2 ਲੱਖ 70 ਹਜ਼ਾਰ ਰੁਪਏ ਬੋਲੀ ਦੌਰਾਨ ਭਰਵਾ ਕੇ ਕੋਈ ਰਸੀਦ ਨਹੀਂ ਦਿੱਤੀ ਅਤੇ ਗਲਤ ਬੋਲੀ ਕਰ ਦਿੱਤੀ, ਫਿਰ ਮਜ਼ਦੂਰਾਂ ਨੂੰ ਬੋਲੀ ਰੋਕਣ ਦਾ ਦਾਅਵਾ ਕੀਤਾ, ਫਿਰ ਬੀਡੀਪੀਓ ਦਫ਼ਤਰ ਬੁਲਾ ਕੇ ਬਾਕੀ ਰਹਿੰਦੇ ਪੈਸੇ ਭਰਨ ਲਈ ਕਿਹਾ ਅਤੇ ਬਾਅਦ ਵਿੱਚ ਗ੍ਰਾਮ ਸਭਾ ਰਾਹੀਂ ਬੋਲੀ ਰੱਦ ਕਰਨ ਦੀ ਗੱਲ ਕੀਤੀ, ਪਰ ਪ੍ਰਸ਼ਾਸਨ ਆਪਣੇ ਕਿਸੇ ਵੀ ਵਾਅਦੇ 'ਤੇ ਕਾਇਮ ਨਹੀਂ ਰਿਹਾ।ਮਜ਼ਦੂਰਾਂ ਨੇ ਸਪੱਸ਼ਟ ਕੀਤਾ ਹੈ ਕਿ ਜੇ ਪ੍ਰਸ਼ਾਸਨ ਨੇ ਠੋਸ ਹੱਲ ਨਾ ਕੱਢਿਆ ਤਾਂ ਉਹ ਆਪਣੀ ਜ਼ਮੀਨ ਬਚਾਉਣ ਲਈ ਸੰਘਰਸ਼ ਦਾ ਰਾਹ ਅਖਤਿਆਰ ਕਰਨਗੇ, ਭਾਵੇਂ ਇਸ ਦੌਰਾਨ ਉਨ੍ਹਾਂ ਨੂੰ ਜੇਲ੍ਹ ਜਾਣਾ ਪਵੇ ਜਾਂ ਕੁੱਟਮਾਰ ਦਾ ਸਾਹਮਣਾ ਕਰਨਾ ਪਵੇ।ਇਸ ਮੌਕੇ ਕਮੇਟੀ ਦੇ ਆਗੂ ਕੁਲਵਿੰਦਰ ਕੌਰ, ਚਰਨਜੀਤ ਕੌਰ, ਰੇਖਾ ਤੇ ਹੋਰ ਮੈਂਬਰ ਹਾਜ਼ਰ ਸਨ। ਮਜ਼ਦੂਰ ਆਗੂ ਹੁਣ ਵੀ ਏਡੀਸੀ ਤੇ ਡੀਡੀਪੀਓ, ਪਟਿਆਲਾ ਨਾਲ ਮੀਟਿੰਗ ਵਿੱਚ ਸ਼ਾਮਲ ਹਨ ਅਤੇ ਆਸ ਕਰਦੇ ਹਨ ਕਿ ਪ੍ਰਸ਼ਾਸਨ ਜਲਦੀ ਤੋਂ ਜਲਦੀ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰੇਗਾ।

## ਸਿਵਲ ਹਸਪਤਾਲ 'ਚ ਡਾਇਲਸਿਸ ਮਸ਼ੀਨ ਲਗਾਈ ਜਾਵੇ : ਰਾਜੇਸ਼ਵਰ ਚੌਧਰੀ

**ਧੂਰੀ (ਮਹਿੰਦਰ ਗਰਗ, ਬਿੰਨੀ ਗਰਗ)**-ਸੀਨੀਅਰ ਐਕਟੀਵਿਸਟ ਐਡਵੋਕੇਟ ਰਾਜੇਸ਼ਵਰ ਚੌਧਰੀ ਨੇ ਪੰਜਾਬ ਦੇ ਮੁੱਖ ਮੰਤਰੀ ਤੇ ਹਲਕਾ ਵਿਧਾਇਕ ਸ੍ਰੀ ਭਗਵੰਤ ਮਾਨ ਨੂੰ ਇੱਕ ਪੱਤਰ ਰਾਹੀਂ ਅਪੀਲ ਕਰਦਿਆਂ ਮੰਗ ਕੀਤੀ ਹੈ ਕਿ ਸਿਵਲ ਹਸਪਤਾਲ ਧੂਰੀ ਵਿੱਚ ਡਾਇਲਸਿਸ ਮਸ਼ੀਨ ਸਥਾਪਤ ਕੀਤੀ ਜਾਵੇ, ਤਾਂ ਜੋ ਵਧ ਰਹੀ ਮਰੀਜ਼ਾਂ ਨੂੰ ਧਿਆਨ ਵਿੱਚ ਰੱਖਦਿਆਂ ਹਲਕੇ ਦੇ ਲੋਕਾਂ ਨੂੰ ਸੁਵਿਧਾਵਾਂ ਮਿਲ ਸਕਣ।ਉਨ੍ਹਾਂ ਕਿਹਾ ਕਿ ਕਿਡਨੀ ਬਿਮਾਰੀਆਂ ਦੀ ਪੀੜਤ ਗਿਣਤੀ ਵਿੱਚ ਦਿਨੋਂ-ਦਿਨ ਵਾਧਾ ਹੋ ਰਿਹਾ ਹੈ ਤੇ ਧੂਰੀ ਹਲਕੇ ਦੇ ਲੋਕਾਂ ਨੂੰ ਡਾਇਲਸਿਸ ਜਿਹੇ ਸੰਵੇਦਨਸ਼ੀਲ ਇਲਾਜ ਲਈ ਸੰਗਰੂਰ ਜਾਂ ਲੁਧਿਆਣਾ ਜਾਣਾ ਪੈਂਦਾ ਹੈ, ਜਿਸ ਨਾਲ ਉਨ੍ਹਾਂ ਨੂੰ ਨਿਰਾਸ਼ਾ, ਵਿੱਤੀ ਬੋਝ ਤੇ ਸਮੇਂ ਦੀ ਬਰਬਾਦੀ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਆਪਣੇ ਪੱਤਰ ਵਿੱਚ ਦਰਸਾਇਆ ਕਿ ਸਿਵਲ ਹਸਪਤਾਲ ਧੂਰੀ ਦਾ ਕਰੀਬ 32 ਕਰੋੜ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਜਾ ਰਿਹਾ ਹੈ।ਇਨ੍ਹਾਂ ਰਕਮਾਂ ਦੀ ਵਰਤੋਂ ਹਸਪਤਾਲ ਵਿੱਚ ਆਧੁਨਿਕ ਮਸ਼ੀਨਾਂ ਤੇ ਜ਼ਰੂਰੀ ਇਲਾਜ ਸਹੂਲਤਾਂ ਲਈ ਕੀਤੀ ਜਾ ਰਹੀ ਹੈ। ਚੌਧਰੀ ਨੇ ਕਿਹਾ ਕਿ ਅਜਿਹੀ ਸਥਿਤੀ ਵਿੱਚ ਜੇਕਰ ਹਸਪਤਾਲ ਵਿੱਚ ਡਾਇਲਸਿਸ ਮਸ਼ੀਨ ਵੀ ਲਾਈ ਜਾਵੇ, ਤਾਂ ਇਸ ਨਾਲ ਹਲਕੇ ਦੇ ਸੈਂਕੜੇ ਪਰਿਵਾਰਾਂ ਨੂੰ ਬਹੁਤ ਵੱਡਾ ਲਾਭ ਮਿਲੇਗਾ।ਚੌਧਰੀ ਨੇ ਸਿਹਤ ਮੰਤਰੀ, ਡਿਪਟੀ ਕਮਿਸ਼ਨਰ ਸੰਗਰੂਰ, ਸਿਵਲ ਸਰਜਨ ਤੇ ਹੋਰ ਸਬੰਧਤ ਅਧਿਕਾਰੀਆਂ ਨੂੰ ਵੀ ਇਸ ਸਬੰਧੀ ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਲੋਕ ਭਲਾਈ ਲਈ ਡਾਇਲਸਿਸ ਮਸ਼ੀਨ ਜਲਦ ਸਥਾਪਤ ਕੀਤੀ ਜਾਵੇ।

## ਸੀਵਰੇਜ ਬੋਰਡ ਦੇ ਆਊਟਸੋਰਸ ਕਰਮਚਾਰੀ ਹੜਤਾਲ 'ਤੇ



**ਧੂਰੀ (ਮਹਿੰਦਰ ਗਰਗ, ਬਿੰਨੀ ਗਰਗ)**-ਵਾਟਰ ਸਪਲਾਈ ਤੇ ਸੀਵਰੇਜ ਸਕੀਮਾਂ 'ਚ ਕੰਮ ਕਰ ਰਹੇ ਆਊਟਸੋਰਸ ਕਰਮਚਾਰੀ 27 ਜੂਨ ਤੋਂ ਕੰਮ ਛੱਡ ਹੜਤਾਲ 'ਤੇ ਹਨ। ਦੱਸਣਯੋਗ ਹੈ ਕਿ ਇਨ੍ਹਾਂ ਕਰਮਚਾਰੀਆਂ ਵੱਲੋਂ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵਿਭਾਗ ਰਾਹੀਂ ਚੱਲ ਰਹੇ ਪ੍ਰੋਜੈਕਟਾਂ ਦੀ ਦੇਖਭਾਲ ਕੀਤੀ ਜਾ ਰਹੀ ਸੀ, ਪਰ ਹੁਣ ਹੜਤਾਲ ਕਾਰਨ ਇਹ ਸੇਵਾਵਾਂ ਠੱਪ ਹੋ ਗਈਆਂ ਹਨ। ਗੁਰਜੰਟ ਸਿੰਘ ਭੁਗਰਾ ਤੇ ਸੰਜੀਵ ਕੁਮਾਰ ਦੀ ਅਗਵਾਈ ਹੇਠ ਕਰਮਚਾਰੀਆਂ ਵੱਲੋਂ ਧਰਨਾ ਦਿੱਤਾ ਜਾ ਰਿਹਾ ਹੈ। ਸੰਘਰਸ਼ ਦੀ ਅਗਵਾਈ ਕਰ ਰਹੇ ਆਗੂਆਂ ਨੇ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਆਊਟਸੋਰਸ ਆਧਾਰ 'ਤੇ ਕੰਮ ਕਰ ਰਹੇ ਹਨ, ਜੋ ਅੱਜ ਦੇ ਮਹਿੰਗੇ ਸਮੇਂ ਵਿੱਚ ਗੁਜ਼ਾਰਾ ਕਰਨ ਲਈ ਅਸਮਰੱਥ ਹਨ। ਉਨ੍ਹਾਂ ਮੰਗ ਕੀਤੀ ਕਿ ਉਨ੍ਹਾਂ ਨੂੰ ਜਲਦ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ ਜਾਂ ਫਿਰ ਉਨ੍ਹਾਂ ਨੂੰ 1948 ਐਕਟ ਦੇ ਤਹਿਤ ਘੱਟੋ-ਘੱਟ 35,000 ਮਹੀਨਾ ਤਨਖਾਹ ਦਿੱਤੀ ਜਾਵੇ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਨਰਾਇਣ ਦੱਤ ਸ਼ਰਮਾ, ਰਾਮ ਆਸਰਾ, ਪ੍ਰਦੀਪ ਸਿੰਘ, ਦੀਪਕ ਕੁਮਾਰ, ਹਰਬੰਸ ਸਿੰਘ ਤੇ ਨਿੱਕਾ ਸਿੰਘ ਸਮੇਤ ਕਈ ਹੋਰ ਕਰਮਚਾਰੀ ਹਾਜ਼ਰ ਸਨ। ਦੱਸਣਯੋਗ ਹੈ ਕਿ ਬਰਸਾਤਾਂ ਦੇ ਮੌਸਮ ਵਿੱਚ ਵਾਟਰ ਲਾਈਨ ਤੇ ਸੀਵਰੇਜ ਪ੍ਰਣਾਲੀ ਦੀ ਰੱਖ-ਰਖਾਅ ਬਹੁਤ ਜ਼ਰੂਰੀ ਹੁੰਦੀ ਹੈ। ਹੜਤਾਲ ਕਾਰਨ ਜੇਕਰ ਤੁਰੰਤ ਕਾਰਵਾਈ ਨਾ ਕੀਤੀ ਗਈ ਤਾਂ ਪਾਣੀ ਨਿਕਾਸ ਦੀ ਵਿਵਸਥਾ ਪ੍ਰਭਾਵਤ ਹੋ ਸਕਦੀ ਹੈ ਤੇ ਸ਼ਹਿਰੀਆਂ ਨੂੰ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

# ਪੀ ਜੀ ਆਈ ਇੱਕ ਰਾਸ਼ਟਰੀ ਖਜ਼ਾਨਾ, ਜਿੱਥੇ ਤੇਜ਼ ਦਿਮਾਗ ਮੈਡੀਕਲ ਹੱਦਾਂ ਛੋਂਹਦੇ ਹਨ : ਡਾ. ਬਹਿਲ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਅਸਲ ਵਿੱਚ ਇੱਕ ਅਜਿਹਾ ਰਾਸ਼ਟਰੀ ਖਜ਼ਾਨਾ ਹੈ, ਜਿੱਥੇ ਸਭ ਤੋਂ ਤੇਜ਼ ਦਿਮਾਗ਼ ਇਕੱਠੇ ਹੋ ਕੇ ਮੈਡੀਕਲ ਵਿਗਿਆਨ ਦੀਆਂ ਹੱਦਾਂ ਨੂੰ ਲੰਘਣ ਦੀ ਕੋਸ਼ਿਸ਼ ਕਰਦੇ ਹਨ।ਪਿਛਲੇ ਦੋ ਸਾਲਾਂ ਵਿੱਚ ਪੀਜੀਆਈ ਨੇ 74 ਗ੍ਰਾਂਟਾਂ ਪ੍ਰਾਪਤ ਕੀਤੀਆਂ ਹਨ, ਜਿਨ੍ਹਾਂ ਵਿੱਚੋਂ ਲਗਭਗ ਅੱਧੀਆਂ ਨਵੀਆਂ ਥੈਰੇਪੀਜ਼ ਤੇ ਤਕਨੀਕਾਂ ਵਿਕਸਤ ਕਰਨ ਲਈ ਹਨ।ਇਹ ਗੱਲ ਡਾ. ਰਾਜੀਵ ਬਹਿਲ, ਭਾਰਤ ਸਰਕਾਰ ਦੇ ਸਿਹਤ ਖੋਜ ਵਿਭਾਗ ਦੇ ਸਕੱਤਰ ਅਤੇ ਭਾਰਤੀ ਚਿਕਿਤਸਾ ਅਨੁਸੰਧਾਨ ਪ੍ਰੀਸ਼ਦ ਦੇ ਡਾਇਰੈਕਟਰ ਜਨਰਲ ਨੇ ਪੀਜੀਆਈ ਦੇ 62ਵੇਂ ਸਥਾਪਨਾ ਦਿਵਸ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਆਪਣੇ ਸੰਬੋਧਨ ਦੌਰਾਨ ਕਹੀ।

ਉਨ੍ਹਾਂ ਨੇ ਆਪਣੇ ਮੁੱਖ ਭਾਸ਼ਣ, ਜਿਸ ਦਾ ਵਿਸ਼ਾ ਸੀ 'ਮੈਡੀਕਲ ਸੰਸਥਾਵਾਂ ਵਿੱਚ ਡਾਕਟਰ-ਵਿਗਿਆਨੀ ਤੇ ਨਵੀਨਕਰਤਾ ਤਿਆਰ ਕਰਨਾ', ਵਿੱਚ ਕਿਹਾ ਕਿ ਪੀਜੀਆਈ ਚਰਨ-1 ਕਲੀਨੀਕਲ ਟ੍ਰਾਇਲ ਕਰਨ ਵਾਲੀਆਂ ਮੁੱਖ ਸੰਸਥਾਵਾਂ ਵਿੱਚੋਂ ਇੱਕ ਹੈ, ਜੋ ਉਦਯੋਗ ਤੋਂ ਇਲਾਵਾ ਅਜਿਹੇ ਟ੍ਰਾਇਲ ਕਰਦਾ ਹੈ।ਡਾ. ਬਾਹਿਲ ਨੇ ਕਿਹਾ ਕਿ ਭਾਰਤ ਦੇ ਭਵਿੱਖ ਦੇ ਸਿਹਤ ਸੰਭਾਲ ਪ੍ਰਣਾਲੀ ਦੀ ਸਫਲਤਾ ਨਵੀਆਂ ਥੈਰੇਪੀਜ਼ ਤੇ ਡਾਇਗਨੋਸਟਿਕ ਟੂਲ ਬਣਾਉਣ 'ਤੇ ਨਿਰਭਰ ਕਰੇਗੀ। ਉਨ੍ਹਾਂ ਕਿਹਾ ਕਿ ਆਈਸੀਐੱਮਆਰ ਸਬੂਤ-ਅਧਾਰਿਤ ਖ਼ੋਜ ਤੇ ਫਿਜ਼ੀਸ਼ੀਅਨ-ਸਾਇੰਟਿਸਟ ਤਿਆਰ ਕਰਨ ਦੇ ਜਤਨ ਰਾਹੀਂ ਭਾਰਤ ਨੂੰ ਮੈਡੀਕਲ ਤਕਨੀਕ ਵਿੱਚ ਆਤਮਨਿਰਭਰ ਬਣਾਉਣ ਦੀ ਯਾਤਰਾ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਰਿਹਾ ਹੈ।ਇਸ ਮੌਕੇ ਡਾ. ਡੀ. ਬਿਹੜਾ ਪ੍ਰੋਫੈਸਰ ਐਮੇਰਿਟਸ ਪੀਜੀਆਈ ਤੇ ਰਾਸ਼ਟਰੀ ਚਿਕਿਤਸਾ ਵਿਗਿਆਨ ਅਕੈਡਮੀ ਦੇ ਪ੍ਰਧਾਨ ਨਵੀਂ ਦਿੱਲੀ ਇਸ ਸਮਾਗਮ ਵਿੱਚ ਮਹਿਮਾਨ-ਏ- ਖਾਸ ਵਜੋਂ ਸ਼ਾਮਲ ਹੋਏ।ਪੀਜੀਆਈ ਦੇ ਨਾਇਨ ਆਡੀਟੋਰੀਅਮ ਵਿੱਚ ਹੋਏ 62ਵੇਂ ਸਥਾਪਨਾ ਦਿਵਸ ਦੇ ਸਮਾਰੋਹ ਵਿੱਚ ਪੁਰਾਤਨ ਡਾਇਰੈਕਟਰਾਂ, ਡੀਨਜ਼, ਵਿਭਾਗ ਮੁਖੀਆਂ ਤੇ ਵੱਡੇ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ। ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਸਮਾਗਮ ਦੀ ਸ਼ੁਰੂਆਤ ਕਰਦਿਆਂ ਪੀਜੀਆਈ ਦੇ ਸਥਾਪਕਾਂ ਤੇ ਉਨ੍ਹਾਂ ਦੀਆਂ ਸੰਸਥਾ ਪ੍ਰਤੀ ਕੁਰਬਾਨੀਆਂ, ਪ੍ਰਾਪਤੀਆਂ ਤੇ ਯੋਗਦਾਨ ਨੂੰ ਯਾਦ ਕੀਤਾ।ਪ੍ਰੋ. ਵਿਵੇਕ ਲਾਲ ਨੇ ਪੀਜੀਆਈ ਦੀ ਟੀਮ ਦੀ ਮਿਹਨਤ ਤੇ ਲਗਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਸਥਾ ਕੋਲ ਸੰਸਾਧਨਾਂ ਦੀ ਘਾਟ ਹੋਣ ਦੇ ਬਾਵਜੂਦ ਟੀਮ ਪੂਰੇ ਜਜ਼ਬੇ ਤੇ ਨਿਸ਼ਠਾ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਇਸ ਨੂੰ ਬ੍ਰਹਮੋਸ ਮਿਸਾਈਲ ਦੀ ਯਾਤਰਾ ਨਾਲ ਜੋੜਿਆ, ਜੋ 2700 ਅਸਫਲ ਕੋਸ਼ਿਸ਼ਾਂ ਤੋਂ ਬਾਅਦ ਸੰਪੂਰਨਤਾ ਤੱਕ ਪਹੁੰਚੀ।ਸਥਾਪਨਾ ਦਿਵਸ ਮੌਕੇ ਪੀਜੀਆਈ ਦੇ ਵੱਖ ਵੱਖ ਵਿਭਾਗਾਂ ਦੇ 31 ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਬਦਲੇ ਮੁੱਖ ਮਹਿਮਾਨ ਡਾ. ਰਾਜੀਵ ਬਾਹਿਲ, ਮਹਿਮਾਨ-ਏ-ਖਾਸ ਡਾ. ਡਿਗੰਬਰ ਬਿਹੜਾ, ਡਾਇਰੈਕਟਰ ਪ੍ਰੋ. ਵਿਵੇਕ ਲਾਲ, ਡੀਨ (ਅਕੈਡਮਿਕਸ) ਪ੍ਰੋ. ਆਰ. ਕੇ. ਰਾਥੋ ਤੇ ਡੀਨ (ਖੋਜ) ਪ੍ਰੋ. ਸੰਜੇ ਜੈਨ ਵੱਲੋਂ ਸਨਮਾਨਤ ਕੀਤਾ ਗਿਆ।ਉਨ੍ਹਾਂ ਨੂੰ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।ਇਸ ਮੌਕੇ ਡਾ. ਸੰਜੈ ਜੈਨ, ਡੀਨ (ਅਨੁਸੰਧਾਨ) ਨੇ ਵੋਟ ਆਫ ਥੈਂਕਸ ਦਾ ਪ੍ਰਸਤਾਵ ਰੱਖਿਆ।

# ਬੱਸਾਂ ਵਿਚਲੀਆਂ ਖਾਮੀਆਂ 15 ਦਿਨਾਂ 'ਚ ਦੂਰ ਕਰਨ ਦੀ ਹਦਾਇਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠਲੀ ਵਿਸ਼ੇਸ਼ ਟੀਮ ਨੇ ਸਕੂਲ ਖੁੱਲ੍ਹਦਿਆਂ ਹੀ ਸਬ ਡਵੀਜ਼ਨ ਅੰਦਰ ਪੈਂਦੇ ਪ੍ਰਾਈਵੇਟ ਸਕੂਲਾਂ ਦੇ ਵਾਹਨਾਂ ਦੀ ਚੈਕਿੰਗ ਕੀਤੀ।ਇਸ ਦੌਰਾਨ ਸੇਫ ਸਕੂਲ ਵਾਹਨ ਨੀਤੀ ਤਹਿਤ ਸਾਹਮਣੇ ਆਈਆਂ ਖਾਮੀਆਂ ਕਰਕੇ 22 ਚਲਾਨ ਕੱਟੇ ਗਏ।

ਜ਼ਿਕਰਯੋਗ ਹੈ ਕਿ ਸਮਾਣਾ ਰੋਡ 'ਤੇ ਹੋਏ ਭਿਆਨਕ ਸੜਕ ਹਾਦਸੇ ਵਿੱਚ ਬੱਚਿਆਂ ਦੀਆਂ ਜਾਨਾਂ ਜਾਣ ਦਾ ਗੰਭੀਰ ਨੋਟਿਸ ਲੈਂਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਮੁਤਾਬਕ ਸਬ ਡਵੀਜ਼ਨ ਦੇ ਐਸ.ਡੀ.ਐਮ ਰਿਚਾ ਗੋਇਲ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਟੀਮ ਗਠਿਤ ਕੀਤੀ ਗਈ ਸੀ।ਉਪ ਮੰਡਲ ਮੈਜਿਸਟਰੇਟ ਰਿਚਾ ਗੋਇਲ ਨੇ ਦੱਸਿਆ ਕਿ ਜੂਨ ਮਹੀਨੇ ਵਿੱਚ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਇੰਚਾਰਜਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ, ਜਿਸ ਵਿੱਚ ਸਾਰੇ ਸਕੂਲਾਂ ਨੂੰ ਹਦਾਇਤ ਕੀਤੀ ਗਈ ਕਿ ਸਕੂਲਾਂ ਲਈ ਵਰਤੀ ਜਾ ਰਹੀ ਸਕੂਲ ਤੇ ਪ੍ਰਾਈਵੇਟ ਟਰਾਂਸਪੋਰਟ ਦਾ ਡਾਟਾ ਭੇਜਿਆ ਜਾਵੇ ਤਾਂ ਜੁ ਉਨ੍ਹਾਂ ਦੇ ਕਾਗ਼ਜ਼ਾਤ ਚੈੱਕ ਕੀਤੇ ਜਾ ਸਕਣ।ਸਕੂਲਾਂ ਵੱਲੋਂ ਸਾਂਝੀ ਕੀਤੀ ਗਈ ਸੂਚਨਾ ਨੂੰ ਰੂਲਾਂ ਤਹਿਤ ਚੈੱਕ ਕਰਦੇ ਹੋਏ ਜੋ ਕਮੀਆਂ ਪਾਈਆਂ ਗਈਆਂਠ ਉਸ ਬਾਰੇ ਰਿਪੋਰਟ ਸਕੂਲਾਂ ਨੂੰ ਵਾਪਸ ਭੇਜੀ ਗਈ। ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਖਾਮੀਆਂ ਤੁਰੰਤ ਪੂਰੀਆਂ ਕੀਤੀਆਂ ਜਾਣ ਤੇ ਇਸ ਸਬੰਧੀ ਬੱਚਿਆਂ ਦੇ ਮਾਪਿਆਂ ਨਾਲ ਵੀ ਰਾਬਤਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਵੀ ਜਾਰੀ ਹਦਾਇਤਾਂ ਸਬੰਧੀ ਜਾਣੂ ਕਰਾਇਆ ਜਾਵੇ।ਉਨ੍ਹਾਂ ਦੱਸਿਆ ਕਿ ਸਕੂਲ ਖੁੱਲ੍ਹਣ ਉਪਰੰਤ ਸਕੂਲਾਂ ਦੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਤੇ ਸੇਫ ਵਾਹਨ ਪਾਲਿਸੀ ਤਹਿਤ ਜੋ ਖਾਮੀਆਂ ਪਾਈਆਂ ਗਈਆਂ, ਉਨ੍ਹਾਂ ਸਬੰਧੀ ਮੌਕੇ ਉਤੇ ਹੀ 22 ਚਲਾਨ ਕੱਟੇ ਗਏ।ਇਸ ਤੋਂ ਇਲਾਵਾ ਸਾਰੇ ਸਕੂਲਾਂ ਨੂੰ ਹਦਾਇਤਾਂ ਜਾਰੀ ਕੀਤੀ ਗਈ ਕਿ ਆਉਣ ਵਾਲੇ ਦਿਨਾਂ 'ਚ ਕਮੇਟੀ ਵੱਲੋਂ ਚੈਕਿੰਗ ਜਾਰੀ ਰਹੇਗੀ।ਇਸ ਲਈ ਜਿਨ੍ਹਾਂ ਸਕੂਲਾਂ ਦੇ ਵਾਹਨਾਂ ਦੇ ਕਾਗ਼ਜ਼ਾਂ ਵਿੱਚ ਜੋ ਵੀ ਕਮੀਆਂ ਹਨ, ਉਨ੍ਹਾਂ ਨੂੰ ਤੁਰੰਤ ਮੁਕੰਮਲ ਕਰ ਲਿਆ ਜਾਵੇ।ਇਹ ਵੀ ਕਿਹਾ ਗਿਆ ਕਿ ਜੇਕਰ ਸਕੂਲਾਂ ਦੇ ਵਾਹਨ ਜਾਂ ਪ੍ਰਾਈਵੇਟ ਵਾਹਨ ਹਰ ਪੱਖੋਂ ਸਹੀ ਹੋਣਗੇ ਤਾਂ ਹੀ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ।ਕਈ ਸਕੂਲਾਂ ਵੱਲੋਂ ਐਸਡੀਐਮ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਉਨ੍ਹਾਂ ਵੱਲੋਂ ਬੱਸਾਂ ਦੇ ਫਿਟਨੈੱਸ ਸਰਟੀਫਿਕੇਟ ਤੇ ਪਰਮਿਟ ਆਦਿ ਲੈਣ ਲਈ ਅਪਲਾਈ ਕੀਤਾ ਹੋਇਆ ਹੈ, ਪ੍ਰੰਤੂ ਉਨ੍ਹਾਂ ਨੂੰ ਫਾਇਨਲ ਕਾਗ਼ਜ਼ਾਤ ਪ੍ਰਾਪਤ ਨਹੀਂ ਹੋਏ।ਮੌਕੇ 'ਤੇ ਮਜੂਦ ਏ.ਡੀ.ਟੀ.ਓ ਨੇ ਦੱਸਿਆ ਕਿਇਸ ਸਬੰਧੀ ਜਲਦ ਤੋਂ ਜਲਦ ਕਾਰਵਾਈ ਮੁਕੰਮਲ ਕਰ ਦਿੱਤੀ ਜਾਵੇਗੀ।ਸਕੂਲ ਮੈਨੇਜਮੈਂਟ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਖਾਮੀਆਂ ਨੂੰ ਆਉਣ ਵਾਲੇ 10ਤੋਂ15 ਦਿਨਾਂ ਵਿੱਚ ਦੂਰ ਕੀਤਾ ਜਾਵੇ ਤੇ ਟੀਮ ਵਲੋਂ ਮੁੜ ਤੋਂ ਨਿਰੀਖਣ ਕੀਤਾ ਜਾਵੇਗਾ ਪਰ ਜੇਕਰ ਦੁਬਾਰਾ ਕੋਈ ਕਮੀ ਮਿਲਦੀ ਹੈ ਤਾਂ ਨਿਯਮਾਂ ਮੁਤਾਬਕ ਮੁੜ ਤੋਂ ਚਲਾਨ ਕੀਤਾ ਜਾਵੇਗਾ ਅਤੇ ਬੱਸਾਂ ਨੂੰ ਜ਼ਬਤ ਵੀ ਕੀਤਾ ਜਾਵੇਗਾ।

# ਸੀਨੀਅਰ ਸਿਟੀਜ਼ਨ ਫੋਰਮ ਵੱਲੋਂ ਹਵਾਈ ਜਹਾਜ਼ ਹਾਦਸੇ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਨੀਅਰ ਸਿਟੀਜ਼ਨ ਫੋਰਮ ਫਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਬਾਗਬਾਨ ਦਫਤਰ ਬਾਹਰਵਾਰ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਪ੍ਰਦੀਪ ਧਵਨ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਡੀ ਗਿਣਤੀ 'ਚ ਫੋਰਮ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਹੋਏ। ਇਸ ਸਮੇਂ ਅਹਿਮਦਾਬਾਦ ਵਿਖੇ ਹਵਾਈ ਜਹਾਜ਼ ਹਦਸੇ ਵਿੱਚ ਮਾਰੇ ਗਏ ਮ੍ਰਿਤਕਾਂ ਤੇ ਸੀਨੀਅਰ ਸਿਟੀਜਨ ਫੋਰਮ ਫਿਰੋਜ਼ਪੁਰ ਦੇ ਮ੍ਰਿਤਕ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਹਾਜ਼ਰ ਸਾਥੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਫਿਰੋਜ਼ਪੁਰ ਤੋਂ ਹਰਿਦੁਆਰ ਤੇ ਨੰਦੇੜ ਹਜ਼ੂਰ ਸਾਹਿਬ ਲਈ ਪਹਿਲੀ ਵਾਰ ਸ਼ੁਰੂ ਕੀਤੀਆਂ ਗਈਆਂ ਰੇਲ ਗੱਡੀਆਂ ਲਈ ਰੇਲਵੇ ਅਧਿਕਾਰੀਆਂ ਤੇ ਰੇਲਵੇ ਮੰਤਰੀ ਦਾ ਫੋਰਮ ਵੱਲੋਂ ਧੰਨਵਾਦ ਕੀਤਾ ਗਿਆ ਅਤੇ ਇਹ ਮੰਗ ਕੀਤੀ ਕਿ ਫ਼ਿਰੋਜ਼ਪੁਰ ਤੋਂ ਹਰਿਦੁਆਰ ਤੇ ਸ਼੍ਰੀ ਹਜ਼ੂਰ ਸਾਹਿਬ ਲਈ ਹਫਤੇ ਵਿੱਚ ਦੋ ਵਾਰ ਰੇਲ ਗੱਡੀਆਂ ਚਲਾਈਆਂ ਜਾਣ। ਇਹ ਵੀ ਮੰਗ ਕੀਤੀ ਕਿ ਇੰਟਰ ਸਿਟੀ ਟਰੇਨ ਜੋ ਨਵੀਂ ਦਿੱਲੀ ਤੋਂ ਮੋਗਾ ਤੱਕ ਚੱਲ ਰਹੀ ਹੈ, ਨੂੰ ਫ਼ਿਰੋਜ਼ਪੁਰ ਛਾਉਣੀ ਤੱਕ ਚਲਾਇਆ ਜਾਵੇ ਤੇ ਇਸੇ ਤਰ੍ਹਾਂ ਨਵੀਂ ਦਿੱਲੀ ਤੋਂ ਬਠਿੰਡਾ ਤੱਕ ਚੱਲ ਰਹੀ ਰੇਲ ਗੱਡੀ ਨੂੰ ਵੀ ਫ਼ਿਰੋਜ਼ਪੁਰ ਛਾਉਣੀ ਤੱਕ ਚਲਾਇਆ ਜਾਵੇ ਤਾਂ ਕਿ ਆਮ ਲੋਕਾਂ ਨੂੰ ਸਹੂਲਤ ਮਿਲ ਸਕੇ। ਇਸ ਦੇ ਇਲਾਵਾ ਬੇਸਹਾਰਾ ਪਸ਼ੂਆਂ ਤੇ ਕੁੱਤਿਆਂ ਦੀ ਸੰਭਾਲ ਕਰਨ ਦੇ ਉਪਰਾਲੇ ਕੀਤੇ ਜਾਣ ਤਾਂ ਕਿ ਹਾਦਸਿਆਂ ਕਾਰਨ ਬੱਚਿਆਂ ਤੇ ਬਜ਼ੁਰਗਾਂ ਦੀ ਜਾਨ-ਮਾਲ ਦੀ ਰਾਖੀ ਹੋ ਸਕੇ। ਮੀਟਿੰਗ ਵਿਚ ਇਹ ਵੀ ਮੰਗ ਕੀਤੀ ਗਈ ਕਿ ਲੋਕਾਂ ਨੂੰ ਆਵਾਜਾਈ ਦੇ ਵੱਧ ਰਹੇ ਸਾਧਨਾਂ ਕਾਰਨ ਵਾਪਰਦੀਆਂ ਦੁਰਘਟਨਾਵਾਂ ਤੋਂ ਬਚਣ ਲਈ ਬਾਈ ਪਾਸ ਦਾ ਪ੍ਰਬੰਧ ਕੀਤਾ ਜਾਵੇ ਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਨੱਥ ਪਾਈ ਜਾਵੇ। ਇਸ ਸਮੇਂ ਫੋਰਮ ਦੇ ਨਵੇਂ ਆਏ ਮੈਂਬਰ ਨੂੰ ਪ੍ਰਧਾਨ ਵੱਲੋਂ ਜੀ ਆਇਆਂ ਕਿਹਾ ਗਿਆ ਤੇ ਹਾਜ਼ਰ ਸਾਥੀਆਂ ਨੂੰ ਦੱਸਿਆ ਕਿ ਜਲਦੀ ਹੀ ਫੋਰਮ ਵੱਲੋਂ ਰੇਲਵੇ ਅਧਿਕਾਰੀਆਂ ਅਤੇ ਸਿਵਲ ਪ੍ਰਸ਼ਾਸਨ ਨਾਲ ਜਨਤਕ ਮਸਲਿਆਂ ਬਾਰੇ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਫੋਰਮ ਦੇ ਚੇਅਰਮੈਨ ਐੱਸ ਪੀ ਖੇੜਾ ਦੀ ਤੰਦਰੁਸਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪ੍ਰਦੀਪ ਧਵਨ ਪ੍ਰਧਾਨ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਰਾਕੇਸ਼ ਸ਼ਰਮਾ ਕੋਆਰਡੀਨੇਟਰ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਦੇਸ਼ ਬੰਧੂ ਤੁਲੀ ਪੈਟਰਨ, ਤਿਲਕ ਰਾਜ ਏਰੀ, ਅਸ਼ੋਕ ਕੁਮਾਰ ਕਾਕੜ, ਦਾਸ ਕੁਮਾਰ ਗੁਲਾਟੀ, ਪ੍ਰੇਮ ਨਾਥ ਰਸੀਆ, ਅਸ਼ੋਕ ਚੁੱਘ, ਪ੍ਰਵੇਸ਼ ਕੁਮਾਰ, ਅਸ਼ੋਕ ਚੁੱਘ, ਹਰੀਸ਼ ਮੋਂਗਾ, ਬਲਦੇਵ ਸਚਦੇਵਾ, ਸੁਭਾਸ਼ ਆਦਿ ਨੇ ਸੰਬੋਧਨ ਕੀਤਾ।

## ਬਲਕਾਰ ਸਿੰਘ ਡਕੌਂਦਾ ਦੀ ਸਾਲਾਨਾ ਬਰਸੀ 13 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਬਲਾਕ ਮਹਿਲ ਕਲਾਂ ਦੀ ਮੀਟਿੰਗ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਵਿਖੇ ਹੋਈ।ਜਥੇਬੰਦੀ ਦੇ ਆਗੂਆਂ ਨੇ 13 ਜੁਲਾਈ ਨੂੰ ਬਲਕਾਰ ਸਿੰਘ ਡਕੌਂਦਾ ਦੀ 15ਵੀਂ ਬਰਸੀ ਪਿੰਡ ਅਖਾੜੇ ਵਿੱਚ ਮਨਾਉਣ ਦਾ ਐਲਾਨ ਕੀਤਾ।ਉਨ੍ਹਾਂ ਕਿਹਾ ਕਿ ਬਲਕਾਰ ਸਿੰਘ ਦੀ ਵਿਚਾਰਧਾਰਾ, ਉਸ ਦੀ ਸਹਿਣਸ਼ੀਲਤਾ ਤੇ ਨਿੱਜੀਕਰਨ ਖ਼ਿਲਾਫ਼ ਜਾਗਰੂਕਤਾ ਪ੍ਰੇਰਣਾ ਸਰੋਤ ਹੈ।ਸਤਨਾਮ ਸਿੰਘ ਮੂੰਮ, ਜੱਗਾ ਸਿੰਘ ਮਹਿਲ ਕਲਾਂ, ਸਤਪਾਲ ਸਿੰਘ ਸਹਿਜੜਾ, ਜੱਸਾ ਸਿੰਘ ਗਹਿਲ ਨੇ ਕਿਹਾ ਕਿ ਲੈਂਡ ਪੂਲਿੰਗ ਸਕੀਮਾਂ ਨਾਲ ਕਿਸਾਨਾਂ ਦੀਆਂ ਜ਼ਮੀਨਾਂ ਲੁੱਟੀਆਂ ਜਾ ਰਹੀਆਂ ਹਨ, ਜਿਸ ਨੂੰ ਜਥੇਬੰਦੀ ਬਰਦਾਸ਼ਤ ਨਹੀਂ ਕਰੇਗੀ।ਭਾਰਤੀ ਕਿਸਾਨ ਯੂਨੀਅਨ ਡਕੌਂਦਾ ਨੇ ਰਾਜ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕੀਤਾ ਜਾਵੇ।

## ਦੇਸ਼ ਭਗਤ ਗਲੋਬਲ ਸਕੂਲ 'ਚ ਕਰਾਏ 'ਪੋਸਟਰ ਮੇਕਿੰਗ ਤੇ ਸਲੋਗਨ ਲਿਖਤ ਮੁਕਾਬਲੇ'



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਬੱਚਿਆਂ ਵਿੱਚ ਪੋਸਟਰ ਮੇਕਿੰਗ ਤੇ ਸਲੋਗਨ ਲਿਖਤ ਮੁਕਾਬਲੇ ਕਵਾਏ ਗਏ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਸਾਨੂੰ ਆਪਣੀ ਨਵੀਂ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਹਰ ਹਾਲਤ ਵਿੱਚ ਹਰ ਹੀਲਾ ਅਪਣਾਉਣਾ ਪਵੇਗਾ। ਉਨ੍ਹਾਂ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਦੇ ਤਹਿਤ ਬੱਚਿਆਂ ਵਿੱਚ ਸਲੋਗਨ ਲਿਖਤ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਾਏ। ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਨਸ਼ੇ ਸਾਨੂੰ ਸਿਰਫ਼ ਸਰੀਰਕ ਹੀ ਨਹੀਂ, ਸਗੋਂ ਮਾਨਸਿਕ ਤੇ ਆਰਥਿਕ ਤੌਰ 'ਤੇ ਅੰਦਰੋਂ ਅੰਦਰੀ ਖੋਖਲਾ ਕਰਦੇ ਹਨ, ਇਸ ਲਈ ਨਸ਼ਿਆਂ ਨੂੰ ਨਕੇਲ ਪਾਉਣਾ ਬਹੁਤ ਜ਼ਰੂਰੀ ਹੋ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਡੇ ਬੱਚਿਆਂ ਨੂੰ ਨਸ਼ਿਆਂ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ ਤੇ ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਨਸ਼ਿਆਂ ਤੋਂ ਕਿਵੇਂ ਬਚਿਆ ਜਾ ਸਕਦਾ ਹੈ। ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਅਸੀਂ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਨਸ਼ਿਆਂ ਦੇ ਵਿਰੁੱਧ ਯੁੱਧ ਲੜਨ ਲਈ ਤਿਆਰ ਕਰ ਸਕਦੇ ਹਾਂ ਤੇ ਉਨ੍ਹਾਂ ਨੂੰ ਇਸ ਤੋਂ ਹੋਣ ਵਾਲੇ ਮਾੜੇ ਪ੍ਰਭਾਵ ਤੋਂ ਬਚਾ ਸਕਦੇ ਹਾਂ ਕਿਉਂਕਿ ਕਿਸ਼ੋਰ ਅਵਸਥਾ ਵਾਲੇ ਬੱਚੇ ਸਭ ਤੋਂ ਵੱਧ ਨਸ਼ਿਆਂ ਵੱਲ ਖਿੱਚੇ ਜਾਂਦੇ ਹਨ।

## ਐੱਚ ਐੱਮ ਸੀਨੀ. ਸੈਕੰ. ਸਕੂਲ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਸਮਾਗਮ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਜੰਗ ਮੁਹਿੰਮ ਦੇ ਤਹਿਤ ਐੱਚ. ਐੱਮ. ਸੀਨੀਅਰ ਸੈਕੰਡਰੀ ਸਕੂਲ ਵਿਖੇ ਪੰਜਾਬ ਪੁਲਸ ਦੇ ਅਧਿਕਾਰੀਆਂ ਤੇ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਜਾਗਰੂਕਤਾ ਸਮਾਗਮ ਕੀਤਾ। ਇਹ ਸਮਾਗਮ ਐੱਸ ਐੱਸ ਪੀ ਫਿਰੋਜ਼ਪੁਰ ਭੁਪਿੰਦਰ ਸਿੰਘ ਦੀਆਂ ਹਦਾਇਤਾਂ ਅਨੁਸਾਰ ਕਰਵਾਇਆ ਗਿਆ। ਸਮਾਗਮ ਦੌਰਾਨ ਨਾਟਕ ਤੇ ਭਾਸ਼ਣਾਂ ਰਾਹੀਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਪੰਜਾਬ ਪੁਲਸ ਦੀ ਟੀਮ ਵਿੱਚੋਂ ਐੱਸ ਆਈ ਲਖਵੀਰ ਸਿੰਘ ਤੇ ਐੱਸ ਆਈ ਗੁਰਮੇਜ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਨੁਕਸਾਨਦੇਹ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਤੇ ਕਿਹਾ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਤੇ ਸਿੱਖਿਆ ਵਿੱਚ ਉੱਚੇ ਮੁਕਾਮ ਹਾਸਲ ਕਰਕੇ ਆਪਣੇ ਮਾਤਾ-ਪਿਤਾ ਤੇ ਦੇਸ਼ ਦਾ ਨਾਮ ਰੌਸ਼ਨ ਕਰਨਾ ਚਾਹੀਦਾ ਹੈ। ਸਮਾਗਮ ਵਿੱਚ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਨਾਟਕ ਪੇਸ਼ ਕਰਕੇ ਨਸ਼ਿਆਂ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਸਕੂਲ ਪ੍ਰਿੰਸੀਪਲ ਅਜੀਤ ਕੁਮਾਰ ਨੇ ਪੰਜਾਬ ਯੂਨੀਵਰਸਿਟੀ ਦੇ ਕਲਾਕਾਰਾਂ ਤੇ ਪੁਲਸ ਅਧਿਕਾਰੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਸਕੂਲ ਦੇ ਵਿਦਿਆਰਥੀਆਂ ਤੇ ਸਟਾਫ ਨੂੰ ਨਸ਼ੇ ਨਾ ਕਰਨ ਦੀ ਸਹੁੰ ਚੁਕਾਈ ਤੇ ਇਹ ਪ੍ਰਣ ਲਿਆ ਕਿ ਉਹ ਕਦੇ ਵੀ ਨਸ਼ਿਆਂ ਦੀ ਵਰਤੋਂ ਨਹੀਂ ਕਰਨਗੇ ਤੇ ਦੂਜਿਆਂ ਨੂੰ ਵੀ ਇਸ ਪ੍ਰਤੀ ਜਾਗਰੂਕ ਕਰਨਗੇ।

## ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਤੇ ਰਾਸ਼ਨ ਦੇਣਾ ਸ਼ਲਾਘਾਯੋਗ : ਬਿੰਦਲ, ਗੌਤਮ




**ਪਟਿਆਲਾ (ਰਾਜਿੰਦਰ ਥਿੰਦ)**-ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨ ਹਿੱਤ ਸੰਮਤੀ ਵੱਲੋਂ ਪ੍ਰਧਾਨ ਐੱਸ ਕੇ ਗੌਤਮ ਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਪ੍ਰਭਾਤ ਪ੍ਰਵਾਨਾ ਹਾਲ ਵਿਖੇ ਦੋ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਤੇ ਪੰਜ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਦੇਣ ਲਈ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਬਾਲ ਕ੍ਰਿਸ਼ਨ ਬਿੰਦਲ ਰਿਟਾਇਰ ਡਾਇਰੈਕਟਰ ਪੀ.ਐੱਸ.ਪੀ.ਸੀ.ਐੱਲ. ਤੇ ਸੀਨੀਅਰ ਐਡਵੋਕੇਟ ਐੱਚ ਐੱਨ ਮਹਿਸਮਪੁਰੀ ਨੇ ਸ਼ਿਰਕਤ ਕੀਤੀ।ਵਿਸ਼ੇਸ਼ ਤੌਰ 'ਤੇ ਮੀਤ ਪ੍ਰਧਾਨ ਚਮਨ ਲਾਲ ਗਰਗ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੀਤ ਪ੍ਰਧਾਨ, ਪ੍ਰੋਫੈਸਰ ਅਸ਼ੋਕ ਕੁਮਾਰ ਵਰਮਾ, ਜੀ ਐੱਸ ਆਨੰਦ, ਪ੍ਰੈੱਸ ਸਕੱਤਰ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਸੁਨੀਲ ਵਧਵਾ, ਵਿਨੇ ਸ਼ਰਮਾ, ਐੱਸ ਪੀ ਪਰਾਸ਼ਰ, ਸਤੀਸ਼ ਜੋਸ਼ੀ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ, ਡੀ ਪੀ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਬਾਲ ਕ੍ਰਿਸ਼ਨ ਬਿੰਦਲ ਤੇ ਐੱਸ ਕੇ ਗੌਤਮ ਨੇ ਕਿਹਾ ਕਿ ਜਨ ਹਿੱਤ ਸੰਮਤੀ ਵੱਲੋਂ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਤੇ ਰਾਸ਼ਨ ਦੇਣਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾ ਕਿਹਾ ਕਿ ਜਨ ਹਿੱਤ ਸੰਮਤੀ ਵਰਗੀ ਸਮਾਜ ਸੇਵੀ ਸੰਸਥਾ ਤੋਂ ਸੇਧ ਲੈ ਕੇ ਹੋਰਨਾਂ ਸੰਸਥਾਵਾਂ ਨੂੰ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਪ੍ਰਧਾਨ ਐੱਸ ਕੇ ਗੌਤਮ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਹਮੇਸ਼ਾ ਲੋੜਵੰਦਾਂ ਦੀ ਮਦਦ ਹਰ ਸਮੇਂ ਤਿਆਰ ਹੈ।ਇਸ ਮੌਕੇ ਬਾਲ ਕ੍ਰਿਸ਼ਨ ਬਿੰਦਲ ਰਿਟਾਇਰ ਡਾਇਰੈਕਟਰ ਪੀ.ਐੱਸ.ਪੀ.ਸੀ.ਐੱਲ. ਵੱਲੋਂ ਦੋ ਸਿਲਾਈ ਮਸ਼ੀਨਾਂ ਦਿੱਤੀਆਂ ਗਈਆਂ।

## ਤਰਕਸ਼ੀਲ ਸੁਸਾਇਟੀ ਵੱਲੋਂ ਬੱਸ ਅੱਡੇ ਨੂੰ ਤਬਦੀਲ ਕਰਨ ਦੀ ਤਜਵੀਜ਼ ਦਾ ਵਿਰੋਧ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਤਰਕਸ਼ੀਲ ਸੋਸਾਇਟੀ ਇਕਾਈ ਰਾਮਪੁਰਾ ਨੇ ਬਠਿੰਡਾ ਦੇ ਬੱਸ ਅੱਡੇ ਨੂੰ ਤਬਦੀਲ ਕਰਨ ਦੀ ਤਜਵੀਜ਼ ਦਾ ਸਖਤ ਵਿਰੋਧ ਕੀਤਾ ਹੈ।ਆਗੂਆਂ ਕਿਹਾ ਕਿ ਸਰਕਾਰ ਦੀ ਲੋਕ ਵਿਰੋਧੀ ਤੇ ਸਰਮਾਏਦਾਰੀ ਪੱਖੀ ਨੀਤੀਆਂ ਕਾਰਨ ਹੁਣ ਕਈ ਪਾਸਿਆਂ ਤੋਂ ਆਮ ਲੋਕਾਂ ਦੀ ਆਰਥਿਕ ਹਾਲਤ ਖਰਾਬ ਹੋਣ ਦੀ ਰਫਤਾਰ ਲਗਾਤਾਰ ਤਿੱਖੀ ਹੁੰਦੀ ਜਾ ਰਹੀ ਹੈ।ਤਜਵੀਜ਼ੀ ਬੱਸ ਅੱਡਾ ਮਲੋਟ ਰੋਡ ਉੱਪਰ ਲਿਜਾਇਆ ਜਾ ਰਿਹਾ ਹੈ।ਰਾਮਪੁਰਾ ਫੂਲ ਤੇ ਹੋਰ ਇਲਾਕਿਆਂ ਤੋਂ ਆਉਣ ਵਾਲੇ ਸਾਰੇ ਲੋਕਾਂ ਨੂੰ ਅਦਾਲਤ, ਮਿੰਨੀ ਸਕੱਤਰੇਤ, ਰਜਿੰਦਰਾ ਕਾਲਜ, ਡੀਏਵੀ ਕਾਲਜ, ਸਰਕਾਰੀ ਹਸਪਤਾਲ, ਧੋਬੀ ਬਾਜ਼ਾਰ, ਮਾਲ ਰੋਡ ਤੇ ਹੋਰ ਬਾਜ਼ਾਰ, ਰੇਲਵੇ ਸਟੇਸ਼ਨ, ਸਟੇਡੀਅਮ ਸਭ ਕੁਝ ਜਾਣ ਲਈ ਵੱਧ ਸਮਾਂ ਤੇ ਵੱਧ ਰੁਪਏ ਲੱਗਣਗੇ।ਆਟੋ ਰਿਕਸ਼ਾ, ਟੈਕਸੀਆਂ, ਨਿੱਜੀ ਕਾਰਾਂ ਆਦਿ ਵਧਣਗੇ, ਜਿਸ ਨਾਲ ਸ਼ਹਿਰ ਵਿੱਚ ਟ੍ਰੈਫਿਕ ਦੀ ਸਮੱਸਿਆ ਹੋਰ ਗੰਭੀਰ ਹੋ ਜਾਵੇਗੀ।ਨਵਾਂ ਬੱਸ ਅੱਡਾ ਲੋਕਾਂ ਨੂੰ ਸਹੂਲਤ ਦੇਣ ਲਈ ਨਹੀਂ, ਅਸਲ ਵਿੱਚ ਇਹ ਤਜਵੀਜ਼ ਨਵੇਂ ਬੱਸ ਅੱਡੇ ਦੇ ਨੇੜੇ ਵਾਲੇ ਭੂ ਮਾਫੀਆ ਦੀ ਜ਼ਮੀਨਾਂ ਦੇ ਰੇਟਾਂ ਵਿੱਚ ਵਾਧਾ ਕਰਨ ਲਈ ਹੈ, ਜਿਸ ਲਈ ਸਾਰੇ ਬਠਿੰਡੇ ਜ਼ਿਲ੍ਹੇ ਦੇ ਲੋਕਾਂ ਨਾਲ ਇਹ ਧੱਕਾ ਕੀਤਾ ਜਾ ਰਿਹਾ ਹੈ।ਸਰਮਾਏਦਾਰ ਪੱਖੀ ਨੀਤੀਆਂ ਲੋਕ ਸਹੂਲਤਾਂ ਉੱਤੇ ਕਾਟਾ ਤਾਂ ਮਾਰਦੀਆਂ ਹੀ ਹਨ, ਇਸ ਤੋਂ ਵੀ ਅੱਗੇ ਸਰਮਾਏਦਾਰੀ ਨੂੰ ਲਾਹਾ ਪਹੁੰਚਾਉਣ ਲਈ ਲੋਕਾਂ ਨੂੰ ਤੰਗ ਪ੍ਰੇਸ਼ਾਨ, ਖੱਜਲ ਖੁਆਰ ਕਰਨਾ ਹੋਵੇ ਤਾਂ ਵੀ ਸੰਕੋਚ ਨਹੀਂ ਕੀਤਾ ਜਾਂਦਾ, ਨਵੇਂ ਬੱਸ ਅੱਡੇ ਦੀ ਤਜਵੀਜ਼ ਇਸ ਦੀ ਇੱਕ ਪ੍ਰਤੱਖ ਤੇ ਸਪੱਸ਼ਟ ਉਦਾਹਰਣ ਹੈ।ਬੱਸ ਅੱਡੇ ਦੀ ਤਬਦੀਲੀ ਦੀ ਤਜਵੀਜ਼ ਸਮੁੱਚੇ ਬਠਿੰਡੇ ਜ਼ਿਲ੍ਹੇ ਦੇ ਲੋਕਾਂ ਦੇ ਵਿਰੁੱਧ ਤਜਵੀਜ਼ ਹੈ।ਲੋਕਾਂ ਦੀ ਸੰਗਠਤ ਤਾਕਤ ਹੀ ਇਸ ਤਜਵੀਜ਼ ਨੂੰ ਰੋਕ ਸਕਦੀ ਹੈ।ਮੀਟਿੰਗ ਵਿੱਚ ਤੇਜ ਸਿੰਘ ਮਾਫੀਦਾਰ, ਜੰਟਾ ਸਿੰਘ, ਫਕੀਰ ਚੰਦ, ਗਗਨ ਕਾਂਗੜ, ਸੁਰਜੀਤ ਸਿੰਘ, ਸੁਖਮੰਦਰ ਸਿੰਘ, ਗਗਨ ਰਾਮਪੁਰਾ, ਗੁਰਮੇਲ ਸਿੰਘ, ਬੰਤ ਭੁੰਦੜ, ਮਿਹਰਚੰਦ ਬਾਹੀਆ, ਜਗਦੇਵ ਸਿੰਘ ਤੇ ਮੇਜਰ ਸਿੰਘ ਸ਼ਾਮਲ ਸਨ।

# 'ਪੰਜਾਬ 'ਚ ਕਮਿਊਨਿਸਟ ਲਹਿਰ ਦੀ ਉਤਪਤੀ, ਵਿਕਾਸ ਤੇ ਉਤਰਾਵਾਂ-ਚੜ੍ਹਾਵਾਂ ਦਾ ਸੰਖੇਪ ਇਤਿਹਾਸ' 'ਤੇ ਕੇਂਦਰੀ ਸਭਾ ਵੱਲੋਂ ਗੋਸ਼ਟੀ



**ਪਟਿਆਲਾ (ਪੱਤਰ ਪ੍ਰੇਰਕ)**-ਕਾਮਰੇਡ ਲਹਿੰਬਰ ਸਿੰਘ ਤੱਗੜ ਦੁਆਰਾ ਲਿਖੀ ਪੁਸਤਕ 'ਪੰਜਾਬ ਵਿੱਚ ਕਮਿਊਨਿਸਟ ਲਹਿਰ ਦੀ ਉਤਪਤੀ, ਵਿਕਾਸ ਤੇ ਉਤਰਾਵਾਂ ਚੜ੍ਹਾਵਾਂ ਦਾ ਸੰਖੇਪ ਇਤਿਹਾਸ' ਉਪਰ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਵੱਲੋਂ ਕਾਮਰੇਡ ਮੇਘ ਨਾਥ (ਬਠਿੰਡਾ), ਡਾ. ਦਰਸ਼ਨ ਸਿੰਘ ਆਸ਼ਟ ਪ੍ਰਧਾਨ ਤੇ ਜਨਰਲ ਸਕੱਤਰ, ਦਵਿੰਦਰ ਪਟਿਆਲਵੀ, ਪੰਜਾਬੀ ਸਾਹਿਤ ਸਭਾ ਪਟਿਆਲਾ ਤੇ ਡਾ ਜੀ.ਐੱਸ. ਆਨੰਦ ਪ੍ਰਧਾਨ ਤੇ ਜਨਰਲ ਸਕੱਤਰ ਬਲਬੀਰ ਜਲਾਲਾਬਾਦੀ, ਗਿਆਨਦੀਪ ਸਾਹਿਤ ਸਾਧਨਾ ਮੰਚ ਪਟਿਆਲਾ ਤੇ ਪਟਿਆਲਾ ਜ਼ਿਲ੍ਹੇ ਦੀਆਂ ਬਾਕੀ ਲੇਖਕ ਸਭਾਵਾਂ ਦੇ ਉਤਸ਼ਾਹਜਨਕ ਸਹਿਯੋਗ ਨਾਲ ਵਿਸਥਾਰਿਤ ਗੋਸ਼ਟੀ ਤੇ ਸੈਮੀਨਾਰ ਭਾਸ਼ਾ ਵਿਭਾਗ ਪਟਿਆਲਾ ਦੇ ਆਡੀਟੋਰੀਅਮ ਵਿੱਚ ਕਰਾਇਆ ਗਿਆ।

ਪੁਸਤਕ 'ਤੇ ਡਾ. ਭੀਮਇੰਦਰ ਸਿੰਘ, ਡਾ ਜੋਗਾ ਸਿੰਘ ਤੇ ਡਾ. ਗੁਰਨਾਇਬ ਸਿੰਘ ਨੇ ਪੇਪਰ ਪੜ੍ਹੇ। ਸਮਾਗਮ ਦੇ ਮੁੱਖ ਮਹਿਮਾਨ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਤੇ ਵਿਸ਼ੇਸ਼ ਚਿੰਤਕ ਡਾ. ਸਵਰਾਜ ਸਿੰਘ ਸਨ।ਸਮਾਗਮ ਦੀ ਪ੍ਰਧਾਨਗੀ ਪ੍ਰਧਾਨ ਪਵਨ ਹਰਚੰਦਪੁਰੀ ਤੋਂ ਇਲਾਵਾ ਉੱਘੇ ਚਿੰਤਕ ਡਾ. ਸੁਰਜੀਤ ਸਿੰਘ ਭੱਟੀ, ਚਿੰਤਨਸ਼ੀਲ ਲੇਖਕ ਸ੍ਰੀ ਬੀ. ਐਸ.ਰਤਨ, ਡਾ. ਜੋਗਿੰਦਰ ਸਿੰਘ ਨਿਰਾਲਾ ਤੇ ਡਾ ਗੁਰਚਰਨ ਕੌਰ ਕੋਚਰ ਸੀਨੀਅਰ ਮੀਤ ਪ੍ਰਧਾਨ ਕੇਂਦਰੀ ਸਭਾ ਨੇ ਕੀਤੀ।ਸਮਾਗਮ ਦੀ ਸ਼ੁਰੂਆਤ ਗੁਰਪ੍ਰੀਤ ਢਿੱਲੋਂ ਦੁਆਰਾ ਗਾਏ ਗੀਤ ਪਗੜੀ ਸੰਭਾਲ ਜੱਟਾ ਦੇ ਨਾਲ ਹੋਈ।ਇਸ ਦੌਰਾਨ ਸੁਰਿੰਦਰ ਸਾਗਰ ਤਰਨ ਤਾਰਨ, ਅਵਤਾਰ ਜੀਤ ਅਟਵਾਲ, ਬਚਨ ਸਿੰਘ ਗੁਰਮ, ਅਮਰਜੀਤ ਸਿੰਘ ਅਮਨ ਅਤੇ ਜੁਗਰਾਜ ਧੌਲਾ, ਗੁਰਚਰਨ ਸਿੰਘ ਚੰਨ ਪਟਿਆਲਵੀ ਅਤੇ ਦਰਸ਼ ਪਸਿਆਣਾ ਨੇ ਇਨਕਲਾਬੀ ਰਚਨਾਵਾਂ ਪੇਸ਼ ਕੀਤੀਆਂ। ਡਾ. ਭੀਮਇੰਦਰ ਸਿੰਘ, ਡਾ. ਜੋਗਾ ਸਿੰਘ ਅਤੇ ਡਾ. ਗੁਰਨਾਇਬ ਸਿੰਘ ਨੇ ਪੇਪਰ ਪੜ੍ਹਦਿਆਂ ਕਿਹਾ ਕਿ ਇਹ ਪੁਸਤਕ ਕਮਿਊਨਿਸਟ ਲਹਿਰ ਦਾ ਸਾਰਥਿਕ ਇਤਿਹਾਸਿਕ ਤੇ ਵਿਗਿਆਨਕ ਦਸਤਾਵੇਜ਼ ਹੈ।ਡਾਕਟਰ ਜੋਗਾ ਸਿੰਘ ਨੇ ਪੁਸਤਕ ਨੂੰ ਕਾਮਰੇਡ ਤੱਗੜ ਹੋਰਾਂ ਦੁਆਰਾ 58 ਸਾਲ ਦਾ ਹੱਡੀਂ ਹੰਢਾਇਆ ਤੇ ਸੀਪੀਆਈ (ਐਮ) ਵੱਲੋਂ ਪ੍ਰਵਾਨਤ ਭਰੋਸੇਯੋਗ ਇਤਿਹਾਸ ਕਿਹਾ।ਉਨ੍ਹਾਂ ਕਿਹਾ ਕਿ ਦੁਨੀਆ ਪੱਧਰ ਦੀਆਂ ਇਨਕਲਾਬੀ ਲਹਿਰਾਂ, ਭਾਰਤ ਅੰਦਰਲੀ ਕਮਿਊਨਿਸਟ ਲਹਿਰ ਤੇ ਹੋਰ ਅਨੇਕਾਂ ਲਹਿਰਾਂ ਦਾ ਬਰੀਕਬੀਨੀ ਨਾਲ ਵਰਣਨ ਪੁਸਤਕ ਦੀ ਸਾਰਥਿਕਤਾ ਨੂੰ ਹੋਰ ਵਧਾਉਂਦਾ ਹੈ।ਦੂਜੇ ਦੌਰ 'ਚ ਲਗਾਤਾਰ ਤਿੰਨ ਘੰਟੇ ਲੰਮੀ ਚੱਲੀ ਗੰਭੀਰ ਤੇ ਚਿੰਤਨਮਈ ਬਹਿਸ ਅਤੇ ਸੰਵਾਦ ਵਿੱਚ ਡਾ. ਸੁਰਜੀਤ ਸਿੰਘ ਭੱਟੀ, ਬੀ ਐਸ ਰਤਨ, ਡਾ. ਸਵਰਾਜ ਸਿੰਘ, ਪਵਨ ਹਰਚੰਦਪੁਰੀ, ਡਾ. ਗੁਰਚਰਨ ਕੌਰ ਕੋਚਰ, ਡਾ. ਭਗਵੰਤ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਗੁਲਜ਼ਾਰ ਸਿੰਘ ਸ਼ੌਂਕੀ, ਦਰਸ਼ਨ ਸਿੰਘ ਪ੍ਰੀਤੀਮਾਨ, ਬਲਵਿੰਦਰ ਸਿੰਘ ਭੱਟੀ, ਡਾ. ਸੁਖਵਿੰਦਰ ਸੇਖੋਂ, ਡਾ. ਸੰਤੋਖ ਸਿੰਘ ਸੁੱਖੀ, ਜੋਗਾ ਸਿੰਘ ਧਨੌਲਾ, ਤਰਲੋਚਨ ਮੀਰ, ਗੁਰਵਿੰਦਰ ਅਮਨ, ਵਿਸ਼ੇਸ਼ਰ ਰਾਮ ਸੰਗਰੂਰ, ਜਸਵੰਤ ਪੂਨੀਆਂ, ਹਰਭਜਨ ਸਿੰਘ ਰਾਏਕੋਟ ਤੇ ਸੁਖਦੇਵ ਔਲਖ ਆਦਿ ਨੇ ਆਪੋ-ਆਪਣੇ ਵਿਚਾਰ ਪੇਸ਼ ਕਰਦਿਆਂ ਬਹੁਤ ਭਾਵਪੂਰਨ ਨੁਕਤੇ ਉਠਾਏ।ਕਾਮਰੇਡ ਹਰਕਿਸ਼ਨ ਸੁਰਜੀਤ ਦੀ ਸਰਾਹਨਾ ਕਰਦਿਆਂ ਸੰਘਰਸ਼ਾਂ ਨੂੰ ਲਗਾਤਾਰ ਜਾਰੀ ਰੱਖਣ 'ਤੇ ਜ਼ੋਰ ਦਿੱਤਾ ਗਿਆ।ਇਸ ਉਪਰੰਤ ਮਿੰਨੀ ਕਹਾਣੀਆਂ ਦਾ ਪੇਪਰ 'ਛਿਣ' ਜੋ ਡਾ. ਹਰਪ੍ਰੀਤ ਰਾਣਾ ਤੇ ਦਵਿੰਦਰ ਪਟਿਆਲਵੀ ਵੱਲੋਂ ਕੱਢਿਆ ਜਾਂਦਾ ਹੈ ਲੋਕ ਅਰਪਣ ਕੀਤਾ ਗਿਆ।ਪਵਨ ਹਰਚੰਦਪੁਰੀ ਨੇ ਸੰਵਿਧਾਨ ਵਿੱਚੋਂ ਧਰਮ ਨਿਰਪੱਖ ਤੇ ਸਮਾਜਵਾਦੀ ਸ਼ਬਦ ਕੱਢਣ ਦੀ ਮੁਹਿੰਮ ਖਿਲਾਫ਼ ਤੇ ਦਲਜੀਤ ਦੋਸਾਂਝ ਦੀ ਫਿਲਮ ਭਾਰਤ ਅੰਦਰ ਜਾਰੀ ਕਰਨ ਤੇ ਪਾਬੰਦੀ ਲਾਉਣ ਖਿਲਾਫ਼ ਤੇ ਫ਼ਲਸਤੀਨੀਆਂ ਦੇ ਨਸਲਘਾਤ ਖਿਲਾਫ਼ ਪੇਸ਼ ਕੀਤੇ ਮਤੇ ਪਾਸ ਕੀਤੇ।ਅਖੀਰ 'ਚ ਮੁੱਖ ਮਹਿਮਾਨ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਉਠਾਏ ਨੁਕਤਿਆਂ ਦੇ ਵਿਧੀਵਤ ਜਵਾਬ ਦਿੱਤੇ ਤੇ ਦੱਸਿਆ ਕਿ ਇਸ ਕਿਤਾਬ ਨੂੰ ਹਿੰਦੀ ਤੇ ਅੰਗਰੇਜ਼ੀ ਵਿੱਚ ਵੀ ਛਾਪਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਮਰੇਡ ਤੱਗੜ ਵੱਲੋਂ ਬਤੌਰ ਸੂਬਾ ਸਕੱਤਰ ਮੇਰੇ ਨਾਲ ਸਮੇਂ-ਸਮੇਂ 'ਤੇ ਇਸ ਕਿਤਾਬ ਦੀਆਂ ਲਿਖਤਾਂ ਬਾਬਤ ਸਲਾਹ ਮਸ਼ਵਰਾ ਕੀਤਾ ਜਾਂਦਾ ਰਿਹਾ ਹੈ। ਕਾਮਰੇਡ ਸੇਖੋਂ ਨੇ ਕਿਹਾ ਕਿ ਇਹ ਕਿਤਾਬ ਇੱਕ ਦਸਤਾਵੇਜ਼ ਹੈ।ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਵੀਸੀ ਪ੍ਰੋ. ਅਰਵਿੰਦ ਨੇ ਕਾਮਰੇਡ ਤੱਗੜ ਤੇ ਉਨ੍ਹਾਂ ਨੂੰ ਇਸ ਕਿਤਾਬ ਦੀ ਰਜਿਸਟਰ ਕਰਾਉਣ ਲਈ ਕਿਹਾ ਸੀ ਤਾਂ ਜੁ ਕਾਮਰੇਡ ਤੱਗੜ ਨੂੰ ਪੀਐਚਡੀ ਦੀ ਡਿਗਰੀ ਦਿੱਤੀ ਜਾ ਸਕੇ, ਪਰ ਕਾਮਰੇਡ ਤੱਗੜ ਘਰੇਲੂ ਰੁਝੇਵਿਆਂ ਕਾਰਨ ਅਜਿਹਾ ਨਹੀਂ ਕਰ ਸਕੇ।

09-Junly-PAGE-11-Majha-25-C.qxd 7/8/2025 10:31 PM Page 1



# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ 14 ਨੂੰ ਰੋਸ ਧਰਨਾ ਦੇਣ ਦਾ ਐਲਾਨ

ਤਰਸਿੱਕਾ, (ਤਰਸੇਮ ਸਿੰਘ ਸਾਧੂਪੁਰ)-ਪਿੰਡ ਚੰਨਣਕੇ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਵਿੱਚ ਪਿੰਡ ਵੱਡੇ ਚੰਨਣਕੇ ਵਿੱਚ ਹੋਈ ਜਿਸ ਵਿੱਚ ਕਿਸਾਨ ਮਜ਼ਦੂਰ ਦੀ ਵਿਸ਼ਾਲ ਮੀਟਿੰਗ ਕਰਵਾਈ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰਾਂ ਅਤੇ ਬੀਬੀਆਂ ਨੇ ਹਿੱਸਾ ਲਿਆ। ਰਣਜੀਤ ਸਿੰਘ ਕਲੇਰ ਬਾਲਾ ਨੇ ਸਰਕਾਰ ਦੀ ਲੈਂਡ ਪਾਲਿਸੀ ਬਾਰੇ ਵਿਸਥਾਰ ਨਾਲ ਲੋਕਾਂ ਨੂੰ ਸਮਝਾਇਆ ਕਿ ਕਿਸ ਤਰ੍ਹਾਂ ਸਰਕਾਰ ਲੋਕਾਂ ਨਾਲ ਬੇਇਨਸਾਫੀ ਕਰ ਰਹੀ ਹੈ। ਬਿਜਲੀ ਵਿਭਾਗ ਨੂੰ ਸਰਕਾਰ ਪ੍ਰਾਈਵੇਟ ਕੰਪਨੀਆਂ ਦੇ ਹੱਥਾਂ ਵਿੱਚ ਦੇ ਰਹੀ ਹੈ।



ਬਿਜਲੀ ਬੋਰਡ ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਲਾ ਰਿਹਾ ਹੈ। ਜਿੰਨਾ ਦਾ ਬੋਜ ਪਿੰਡ ਵਾਲੇ ਲੋਕ ਨਹੀਂ ਸਾਹ ਸਕਦੀ। ਇਨ੍ਹਾਂ ਨੀਤੀਆਂ ਦੇ ਖਿਲਾਫ ਸੰਘਰਸ਼ ਕਮੇਟੀ ਵੱਲੋਂ 14 ਜੁਲਾਈ ਨੂੰ ਚੀਫ ਇੰਜੀਨੀਅਰ ਅੰਮ੍ਰਿਤਸਰ ਦੇ ਦਫਤਰ ਅੱਗੇ ਬਹੁਤ ਵੱਡਾ ਧਰਨਾ ਲਗਾਇਆ ਜਾ ਰਿਹਾ ਹੈ। ਇਸ ਮੌਕੇ ਮਹਿਤਾ ਜ਼ੋਨ ਸਕੱਤਰ ਸ਼ਿਵਚਰਨ ਸਿੰਘ, ਗੁਰਭੇਜ ਸਿੰਘ ਸੁਰੰਪੁਰਾ, ਪ੍ਰਧਾਨ ਗੁਰਪ੍ਰੀਤ ਸਿੰਘ, ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਪ੍ਰਧਾਨ ਲਖਵਿੰਦਰ ਸਿੰਘ, ਪ੍ਰਧਾਨ ਗੁਰਬਿੰਦਰ ਸਿੰਘ, ਜਥੇਦਾਰ ਜਗਤਾਰ ਸਿੰਘ, ਨਰਾਇਣ ਸਿੰਘ, ਨਵਦੀਪ ਸਿੰਘ ਬਾਠ, ਅਮਨਦੀਪ ਸਿੰਘ ਜੰਡੂ, ਡਾ. ਸਤਨਾਮ ਸਿੰਘ, ਇੰਦਰਜੀਤ ਸਿੰਘ ਲਾਡਾ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਮੰਗਲ ਸਿੰਘ ਮੈਂਬਰ, ਕਾਲਾ ਸਿੰਘ, ਉਂਕਾਰ ਸਿੰਘ, ਹਰਦੇਵ ਸਿੰਘ, ਬਰਜਿੰਦਰ ਸਿੰਘ, ਮੈਂਬਰ ਲਖਵਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ, ਬਾਬਾ ਮਨਜੀਤ ਸਿੰਘ ਆਦਿ ਬਹੁਤ ਗਿਣਤੀ ਵਿੱਚ ਆਗੂ ਅਤੇ ਬੀਬੀਆ ਹਾਜ਼ਰ ਸਨ।

# ਹੈਰੋਇਨ, ਡਰੱਗ ਮਨੀ ਤੇ ਦੋ ਕੰਪਿਊਟਰ ਕੰਡਿਆਂ ਸਮੇਤ ਪਤੀ-ਪਤਨੀ ਤੇ ਨਸ਼ਾ ਤਸਕਰ ਕਾਬੂ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਥਾਣਾ ਧਾਰੀਵਾਲ ਦੀ ਪੁਲਸ ਵੱਲੋਂ ਨਸ਼ਾ ਤਸਕਰਾਂ ਖਿਲਾਫ ਲਗਾਤਾਰ ਕਾਰਵਾਈ ਜਾਰੀ ਰੱਖਦੇ ਹੋਏ ਵੱਖ-ਵੱਖ ਸਥਾਨਾਂ ਤੋਂ ਨਸ਼ਾ ਤਸਕਰ ਪਤੀ-ਪਤਨੀ ਸਮੇਤ ਇੱਕ ਹੋਰ ਨਸ਼ਾ ਤਸਕਰ ਨੂੰ ਕਾਬੂ ਕਰਕੇ ਤਿੰਨਾਂ ਮੁਲਜ਼ਮਾਂ ਵਿਰੁੱਧ ਐੱਨਡੀਪੀਐੱਸ ਐਕਟ ਕੀਤਾ ਹੈ। ਇਸ ਸਬੰਧੀ ਥਾਣਾ ਧਾਰੀਵਾਲ ਦੇ ਐੱਸਐੱਚਓ ਸਬ ਇੰਸਪੈਕਟਰ ਪਰਮਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਐੱਸਐੱਸਪੀ ਗੁਰਦਾਸਪੁਰ ਅਦਿੱਤਿਆ ਦੇ ਆਦੇਸ਼ਾਂ ਤਹਿਤ ਧਾਰੀਵਾਲ ਇਲਾਕੇ ਅੰਦਰ ਚੌਕਸੀ ਵਧਾਉਂਦੇ ਹੋਏ ਦਿਨ-ਰਾਤ ਨਾਕੇ ਲਗਾਏ ਜਾ ਰਹੇ ਹਨ। ਇਸ ਤਹਿਤ ਏਐੱਸਆਈ ਬਲਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਸ਼ਹਿਰ ਦੇ ਬਾਹਰਵਾਰ ਨੈਸ਼ਨਲ ਹਾਈਵੇ ਬਾਈਪਾਸ ਤਰੀਜਾ ਨਗਰ ਮੋੜ 'ਤੇ ਨਾਕਾਬੰਦੀ ਦੌਰਾਨ ਆ ਰਹੇ ਦੋ ਜਣਿਆਂ ਵਿਅਕਤੀ ਤੇ ਮਹਿਲਾ ਨੂੰ ਰੋਕ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ ਮਿਲੇ ਮੋਮੀ ਲਿਫਾਫੇ ਵਿੱਚ 20 ਗ੍ਰਾਮ ਹੈਰੋਇਨ, 3500 ਰੁਪਏ ਡਰੱਗ ਮਨੀ ਅਤੇ ਇੱਕ ਕੰਪਿਊਟਰ ਕੰਡਾ ਬਰਾਮਦ ਹੋਇਆ। ਮੁਲਜ਼ਮਾਂ ਦੀ ਪਛਾਣ ਸੁਖਵਿੰਦਰ ਸਿੰਘ ਪੁੱਤਰ ਅੰਗਦ ਸਿੰਘ, ਗੁਰਮੀਤ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀਆਨ ਰੰਧਾਵਾ ਕਲੋਨੀ ਵਜੋਂ ਹੋਈ, ਜੋ ਦੋਵੇਂ ਪਤੀ-ਪਤਨੀ ਹਨ। ਇਸੇ ਤਰ੍ਹਾਂ ਏਐੱਸਆਈ ਰਣਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਨੈਸ਼ਨਲ ਹਾਈਵੇ ਬਾਈਪਾਸ ਪੀਰ ਦੀ ਸੈਨ ਪੁਲ



ਹੇਠ ਨਾਕਾਬੰਦੀ ਦੌਰਾਨ ਸ਼ੱਕ ਦੇ ਅਧਾਰ 'ਤੇ ਗਲੈਮਰ ਮੋਟਰਸਾਈਕਲ ਨੰਬਰ ਪੀਬੀ 06 ਏ ਐੱਲ 1284 'ਤੇ ਸਵਾਰ ਨੌਜਵਾਨ ਨੂੰ ਰੋਕ ਕੇ ਤਲਾਸ਼ੀ ਲੈਣ 'ਤੇ ਉਸ ਕੋਲੋਂ ਮਿਲੇ ਮੋਮੀ ਲਿਫਾਫੇ ਵਿੱਚੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ ਅਤੇ ਉਸਦੀ ਪੈਂਟ ਜੇਬ ਵਿੱਚੋਂ ਇੱਕ ਕੰਪਿਊਟਰ ਕੰਡਾ ਬਰਾਮਦ ਹੋਇਆ। ਮੁਲਜ਼ਮ ਦੀ ਪਛਾਣ ਸੰਸ਼ਨਜੀਤ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਜਫਰਵਾਲ ਵਜੋਂ ਹੋਈ। ਪੁਲਸ ਅਧਿਕਾਰੀ ਨੇ [illegible] ਉਕਤ ਤਿੰਨਾਂ ਮੁਲਜ਼ਮਾਂ ਨੂੰ 30 ਗਰਾਮ ਹੈਰੋਇਨ, ਦੋ ਕੰਪਿਊਟਰ ਕੰਡੇ ਅਤੇ 3500 ਰੁਪਏ ਡਰੱਗ ਮਨੀ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

# ਅਧਿਆਪਕਾਂ ਦਾ ਵਫਦ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਨੂੰ ਮਿਲਿਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਅੱਜ ਸਾਂਝਾ ਅਧਿਆਪਕ ਮੋਰਚਾ ਦੇ ਆਗੂਆਂ ਕੁਲਦੀਪ ਪੁਰੋਵਾਲ, ਅਨਿਲ ਕੁਮਾਰ, ਸੋਮ ਸਿੰਘ, ਰਜਨੀ ਪਰਕਾਸ਼ ਅਤੇ ਮੰਗਲਦੀਪ ਨੇ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਗੁਰਦਾਸਪੁਰ ਪਰਮਜੀਤ ਨਾਲ ਮੀਟਿੰਗ ਕੀਤੀ। ਇਸ ਸਬੰਧੀ ਅਧਿਆਪਕ ਆਗੂ ਕੁਲਦੀਪ ਪੁਰੋਵਾਲ, ਅਨਿਲ ਕੁਮਾਰ ਨੇ ਸਾਥੀਆਂ ਸਮੇਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਅਧਿਆਪਕ ਆਗੂਆਂ ਨੇ ਹੈੱਡ ਟੀਚਰ ਤੇ ਸੈਂਟਰ ਹੈੱਡ ਟੀਚਰ ਤਰੱਕੀਆਂ ਵਿੱਚ ਹਾਜ਼ਰ ਨਾ ਹੋਣ ਵਾਲੇ ਅਧਿਆਪਕਾਂ ਤੋਂ ਅਗਲੀ ਸੀਨੀਆਰਤਾ ਸੂਚੀ ਮੁਤਾਬਿਕ ਸੀਨੀਅਰ ਅਧਿਆਪਕਾਂ ਦੀ ਤਰੱਕੀ ਨਿਯਮਾਂ ਅਨੁਸਾਰ ਕਰਨ ਦੀ ਮੰਗ ਕੀਤੀ। ਸਾਲ 2002 ਤੋਂ ਪਹਿਲਾਂ ਦਾ ਜ਼ਿਲ੍ਹਾ ਪੱਧਰ ਤੇ ਜੀ ਪੀ ਫੰਡ ਬਕਾਇਆ ਬਲਾਕਾਂ ਨੂੰ ਭੇਜਣ, ਐੱਸ ਐੱਮ ਸੀ ਵਿੱਚ ਰਾਜਨੀਤਕ ਦਖਲ ਬੰਦ ਕਰਨ, ਬੇਲੋੜੀਆਂ ਗੈਰ ਵਿੱਦਿਅਕ ਡਾਕਾਂ ਅਤੇ ਗੂਗਲ ਫਾਰਮ ਬੰਦ ਕਰਨ, ਕੇਵਲ ਲੋੜਵੰਦ ਸਕੂਲਾਂ ਨੂੰ ਹੀ ਗ੍ਰਾਂਟ ਜਾਰੀ ਕਰਨ, 2324 ਅਧਿਆਪਕਾਂ ਦੀ ਤਨਖਾਹ ਜਾਰੀ ਕਰਨ, ਸਿੰਗਲ ਟੀਚਰ ਅਤੇ ਵੱਧ ਵਿਦਿਆਰਥੀਆਂ ਗਿਣਤੀ ਵਾਲੇ ਸਕੂਲਾਂ ਵਿੱਚ ਆਰਜੀ ਐਡਜਸਟਮੈਂਟ ਕਰਨ ਬਾਰੇ, ਬਲਾਕ ਦੋਰਾਂਗਲਾ ਵਿੱਚ ਅਧਿਆਪਕਾਂ ਦੇ ਕੰਮ ਸਮੇਂ ਸਿਰ ਨਾ ਹੋਣ ਤੇ ਨੋਟਿਸ ਲੈਣ, ਮੈਡੀਕਲ ਪ੍ਰਤੀ ਪੂਰਤੀ ਸਬੰਧੀ ਅਤੇ ਸਿੱਧੀ ਭਰਤੀ ਅਧਿਆਪਕਾਂ ਨੂੰ ਅਦਾਲਤ ਦੇ ਫੈਸਲੇ ਮੁਤਾਬਿਕ ਲਾਭ ਦੇਣ ਅਤੇ ਹੋਰ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ। ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਨੇ ਵਫਦ ਨੂੰ ਭਰੋਸਾ



ਦਿੱਤਾ ਕਿ ਅਧਿਆਪਕਾਂ ਦੇ ਸਾਰੇ ਜਾਇਜ਼ ਕੰਮ ਜਲਦੀ ਹੱਲ ਕੀਤੇ ਜਾਣਗੇ। ਤਰੱਕੀਆਂ ਨਿਯਮਾਂ ਅਨੁਸਾਰ ਹੀ ਕੀਤੀਆਂ ਜਾਣਗੀਆਂ। ਆਰਜ਼ੀ ਐਡਜਸਟਮੈਂਟ ਡੀਪੀਆਈ ਪੱਧਰ 'ਤੇ ਹੋਣ ਕਾਰਨ ਅਸਮਰਥ ਜਾਹਰ ਕੀਤੀ, ਲੋੜਵੰਦ ਸਕੂਲਾਂ ਨੂੰ ਹੀ ਗਰਾਂਟਾਂ ਜਾਰੀ ਕਰਨ ਲਈ ਪੱਤਰ ਜਾਰੀ ਕਰਨ ਬਾਰੇ ਆਦੇਸ਼ ਦਿੱਤੇ, ਦੋਰਾਂਗਲਾ ਬਲਾਕ ਦੇ ਕੰਮ ਕਾਜ ਵਿੱਚ ਢਿੱਲ ਦੂਰ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ 'ਤੇ ਦਫਤਰ ਸਹਾਇਕ ਅਮਨਦੀਪ ਕੌਰ, ਜਸਬੀਰ ਅਤੇ ਨਵਜੋਤ ਕੌਰ ਹਾਜ਼ਰ ਸਨ।

# ਖ਼ਾਲਸਾ ਕਾਲਜ ਆਫ ਨਰਸਿੰਗ ਵਿਖੇ ਸਵੱਛਤਾ 'ਤੇ ਵਿੱਦਿਅਕ ਪ੍ਰੋਗਰਾਮ ਕਰਵਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਵਾਤਾਵਰਣ ਸਵੱਛਤਾ 'ਤੇ ਵਿਦਿਅਕ ਪ੍ਰੋਗਰਾਮ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਰਸਿੰਗ ਟਿਊਟਰਜ਼ ਅਮਰਦੀਪ ਕੌਰ ਅਤੇ ਸਿਮਰਨਜੀਤ ਕੌਰ ਦੀ ਅਗਵਾਈ ਹੇਠ ਜੀ. ਐੱਨ. ਐੱਮ. ਤੀਜੇ ਸਾਲ ਦੇ ਵਿਦਿਆਰਥੀਆਂ ਨੇ ਅਰਬਨ ਕਮਿਊਨਿਟੀ ਹੈਲਥ ਸੈਂਟਰ, ਨਰਾਇਣਗੜ੍ਹ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਪ੍ਰੀਤ ਸਿੰਘ ਵਾਲੀਆ ਅਤੇ ਮੈਡੀਕਲ ਅਫ਼ਸਰ ਡਾ. ਗੀਤਿਕਾ ਸੋਹਲ ਦੀ ਮੌਜੂਦਗੀ 'ਚ ਉਕਤ ਪ੍ਰੋਗਰਾਮ ਦੌਰਾਨ ਸਾਫ਼ ਅਤੇ ਸਿਹਤਮੰਦ ਵਾਤਾਵਰਣ ਬਣਾਈ ਰੱਖਣ ਦੀ ਮਹੱਤਤਾ ਸਬੰਧੀ ਜਾਗਰੂਕਤਾ ਪੈਦਾ ਕਰਦਿਆਂ ਵਿਚਾਰ ਸਾਂਝੇ ਕੀਤੇ। ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਵਾਤਾਵਰਣ 'ਤੇ ਮਨੁੱਖੀ ਕਾਰਵਾਈਆਂ ਦੇ ਪ੍ਰਭਾਵ ਅਤੇ ਪ੍ਰਦੂਸ਼ਣ ਨੂੰ ਘਟਾਉਣ ਦੇ ਤਰੀਕਿਆਂ ਸਬੰਧੀ ਗਿਆਨ ਸਾਂਝਾ ਕੀਤਾ।ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਪੋਸਟਰਾਂ ਦੀ ਪ੍ਰਦਰਸ਼ਨੀ ਲਗਾਈ ਅਤੇ ਸਾਫ਼ ਅਤੇ ਟਿਕਾਊ ਵਾਤਾਵਰਣ ਬਣਾਈ ਰੱਖਣ 'ਚ ਇਨਸਾਨ ਦੀ ਭੂਮਿਕਾ 'ਤੇ ਜ਼ੋਰ ਦਿੱਤਾ।ਇਸ ਮੌਕੇ ਵਿਦਿਆਰਥੀਆਂ ਨੇ



ਹਾਜ਼ਰ ਲੋਕਾਂ ਨੂੰ ਆਪਣੇ ਰੋਜ਼ਾਨਾ ਜੀਵਨ 'ਚ ਵਾਤਾਵਰਨ ਅਨੁਕੂਲ ਅਭਿਆਸਾਂ ਨੂੰ ਅਪਨਾਉਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਡਾ. ਵਾਲੀਆ ਅਤੇ ਡਾ. ਸੋਹਲ ਨੇ ਵਿਦਿਆਰਥੀਆਂ ਦੁਆਰਾ ਉਲੀਕੇ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਭਵਿੱਖ 'ਚ ਜਾਗਰੂਕਤਾ ਪ੍ਰੋਗਰਾਮਾਂ ਨੂੰ ਉਲੀਕਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੌਰਾਨ ਡਾ. ਅਮਨਪ੍ਰੀਤ ਕੌਰ ਨੇ ਅਧਿਆਪਕਾਵਾਂ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਭਵਿੱਖ 'ਚ ਅਜਿਹੇ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਸਬੰਧੀ ਵਚਨਬੱਧਤਾ ਦੁਹਰਾਈ।

# ਨੌਸ਼ਹਿਰਾ ਮੱਝਾ ਸਿੰਘ ਦੇ ਲੋਕਾਂ ਦੀ ਸਾਫ-ਸੁਥਰੇ ਪਾਣੀ ਵਾਲੀ ਟੈਂਕੀ ਦੀ ਮੰਗ ਪੂਰੀ ਹੋਈ

ਨੌਸ਼ਹਿਰਾ ਮੱਝਾ ਸਿੰਘ/ਬਟਾਲਾ, ਜੁਲਾਈ (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਹਲਕੇ ਦੇ ਪਿੰਡਾਂ ਅੰਦਰ ਵਿਕਾਸ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਕਸਬਾ ਨੌਸ਼ਹਿਰਾ ਮੱਝਾ ਸਿੰਘ ਵਿਖੇ ਲੋਕਾਂ ਨੂੰ ਸਾਫ਼-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਟੈਂਕੀ ਦਾ ਨਿਰਮਾਣ ਕਰਵਾਇਆ ਗਿਆ ਹੈ। ਹਲਕੇ ਅੰਦਰ ਕਰਵਾ ਜਾ ਰਹੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਅਤੇ ਕਸਬਾ ਨੌਸ਼ਹਿਰਾ ਮੱਝਾ ਸਿੰਘ ਦੇ ਵਾਸੀਆਂ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦਾ ਯਤਨਾਂ ਸਦਕਾ ਪਿੰਡ ਵਾਲਿਆਂ ਨੂੰ ਵੱਡੀ ਰਾਹਤ ਮਿਲੀ ਹੈ। ਉਨਾਂ ਦੱਸਿਆ ਕਿ ਅੱਜ ਉਨਾਂ ਵਲੋਂ ਨਵੀਂ ਬਣ ਰਹੀ ਪੀਣ ਵਾਲੇ ਪਾਣੀ ਦੀ ਟੈਂਕੀ ਦੇ ਕੰਮ ਦਾ ਸਾਥੀਆਂ ਸਮੇਤ ਨਿਰੀਖਣ ਕੀਤਾ ਅਤੇ ਠੇਕੇਦਾਰ ਤੋਂ ਕੰਮ ਦੀ ਗੁਣਵੱਤਾ ਬਾਰੇ ਜਾਣਕਾਰੀ ਲਈ। ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਦੇ ਪਿੰਡਾਂ ਦਾ ਪਾਰਦਰਸ਼ੀ ਢੰਗ ਨਾਲ ਵਿਕਾਸ ਕਰਾਜ ਕਰਵਾਇਆ ਜਾ ਰਿਹਾ ਹੈ। ਪਿੰਡਾਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮੰਤਵ ਨਾਲ ਖੇਡ ਮੈਦਾਨ ਉਸਾਰੇ ਗਏ ਹਨ। ਪਿੰਡਾਂ ਵਿੱਚ



ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦਾ ਨਵੀਨੀਕਰਨ ਕੀਤਾ ਗਿਆ ਹੈ। ਪਿੰਡ ਵਾਸੀਆਂ ਦੀ ਸਹੂਲਤ ਲਈ ਸ਼ਾਨਦਾਰ ਪਾਰਕ ਉਸਾਰੇ ਗਏ ਹਨ।

ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਲੋਕਾਂ ਨੂੰ ਬਿਹਤਰ ਸੇਵਾਵਾਂ ਮੁਹੱਈਆ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ, ਜਿਸ ਕਾਰਨ ਲੋਕ ਖੁਸ਼ ਹਨ।

# ਚੂਹੜਚੱਕ ਦਾ ਮੈਂਬਰ ਪੰਚਾਇਤ ਇੱਕ ਦਰਜਨ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਹਲਕੇ ਦੇ ਪਿੰਡ ਚੂਹੜਚੱਕ ਤੋਂ ਅਕਾਲੀ ਆਗੂ ਅਤੇ ਮੈਂਬਰ ਪੰਚਾਇਤ ਰਮਨਦੀਪ ਸਿੰਘ ਚੀਮਾ ਨੇ ਅੱਜ ਆਪਣੇ ਇੱਕ ਦਰਜਨ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਆਖ ਕੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ।ਵਿਧਾਇਕਾ ਅਰੁਣਾ ਚੌਧਰੀ ਦੇ ਨਿਵਾਸ ਸਥਾਨ 'ਤੇ ਪਹੁੰਚੇ ਇਨ੍ਹਾਂ ਆਗੂਆਂ ਨੂੰ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਸਿਰੋਪਾ ਪਾ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ।ਰਮਨਦੀਪ ਸਿੰਘ ਚੀਮਾ ਨੇ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਸਨ ਪਰ ਵਿਧਾਇਕਾ ਅਰੁਣਾ ਚੌਧਰੀ ਵੱਲੋਂ ਹਲਕੇ ਅੰਦਰ



ਕਰਵਾਏ ਵਿਕਾਸ ਕਾਰਜਾਂ ਨੇ ਉਨ੍ਹਾਂ ਨੂੰ ਪ੍ਰਭਾਵਿਤ ਕੀਤਾ ਅਤੇ ਉਨ੍ਹਾਂ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਲਿਆ।ਉਨ੍ਹਾਂ ਭਰੋਸਾ ਦਿੱਤਾ ਕਿ ਉਹ ਹੁਣ ਵਿਧਾਇਕਾ ਅਰੁਣਾ ਚੌਧਰੀ ਦੇ ਪੱਕੇ ਸਮਰਥਕ ਵਜੋਂ ਕੰਮ ਕਰਨਗੇ ਅਤੇ ਹਰੇਕ ਡਿਊਟੀ ਨੂੰ ਪੂਰੀ ਮੇਹਨਤ ਤੇ ਤਨਦੇਹੀ ਨਾਲ ਨਿਭਾਉਣਗੇ।

ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਕਿਹਾ ਕਿ ਦੀਨਾਨਗਰ ਹਲਕੇ ਦੀ ਸੁੱਖ ਮੰਗਣ ਵਾਲਿਆਂ ਦਾ ਕਾਂਗਰਸ ਪਾਰਟੀ ਵਿੱਚ ਹਮੇਸ਼ਾ ਹੀ ਸਵਾਗਤ ਹੈ ਅਤੇ ਲੋਕ ਭਲੀ ਭਾਂਤ ਜਾਣਦੇ ਹਨ ਕਿ ਵਿਧਾਇਕਾ ਅਰੁਣਾ ਚੌਧਰੀ ਜਿੰਨਾ ਕੰਮ ਅਜੇ ਤੱਕ ਇਸ ਹਲਕੇ ਅੰਦਰ ਕੋਈ ਵੀ ਲੀਡਰ ਨਹੀਂ ਕਰਵਾ ਸਕਿਆ ਹੈ।ਉਨ੍ਹਾਂ ਕਿਹਾ ਕਿ 2017 ਤੋਂ 2022 ਤੱਕ ਕੈਬਨਿਟ ਮੰਤਰੀ ਰਹਿੰਦਿਆਂ ਅਰੁਣਾ ਚੌਧਰੀ ਵੱਲੋਂ ਕਈ ਵੱਡੇ ਪ੍ਰੋਜੈਕਟ ਦੀਨਾਨਗਰ 'ਚ ਲਿਆਂਦੇ ਗਏ, ਜਿਨ੍ਹਾਂ ਦੇ ਮੁਕੰਮਲ ਹੋਣ ਤੋਂ ਬਾਅਦ ਲੋਕ ਹੁਣ ਉਨ੍ਹਾਂ ਦਾ ਆਨੰਦ ਮਾਣ ਰਹੇ ਹਨ ਅਤੇ ਉਨ੍ਹਾਂ ਦਾ ਜੀਵਨ ਪਹਿਲਾਂ ਨਾਲੋਂ ਵਧੇਰੇ ਸੁਖ਼ਾਲਾ ਹੋਇਆ ਹੈ।ਅਸ਼ੋਕ ਚੌਧਰੀ ਨੇ ਕਿਹਾ ਕਿ ਵੱਖ-ਵੱਖ ਪਾਰਟੀਆਂ ਦੇ ਲੋਕ ਮੈਡਮ ਅਰੁਣਾ ਚੌਧਰੀ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਪਾਰਟੀ ਨਾਲ ਜੁੜ ਰਹੇ ਹਨ, ਜੋ ਬਾਕੀਆਂ ਲਈ ਇੱਕ ਚੰਗਾ ਸੁਨੇਹਾ ਹੈ।ਇਸ ਮੌਕੇ ਜੁਆਇਨ ਕਰਨ ਵਾਲਿਆਂ 'ਚ ਗੁਰਮੁੱਖ ਸਿੰਘ, ਮਨਜੀਤ ਸਿੰਘ, ਗੁਰਮੀਤ ਸਿੰਘ, ਬਲਕਰਨਦੀਪ ਸਿੰਘ, ਮੋਹਨ ਲਾਲ, ਅਮਰਜੋਤ ਸਿੰਘ, ਜਸਬੀਰ ਸਿੰਘ, ਹਰਿੰਦਰ ਸਿੰਘ, ਹਰਮਨਦੀਪ ਸਿੰਘ ਅਤੇ ਗੁਰਲਾਲ ਸਿੰਘ ਦੇ ਨਾਂ ਸ਼ਾਮਲ ਹਨ। ਇਸ ਦੌਰਾਨ ਬਲਾਕ ਸੰਮਤੀ ਦੀਨਾਨਗਰ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਹਰਜਿੰਦਰ ਸਿੰਘ ਗਵਾਲੀਆ ਅਤੇ ਸਰਪੰਚ ਰਾਜਬੀਰ ਸਿੰਘ ਝੰਡੇਚੱਕ ਵੀ ਹਾਜ਼ਰ ਸਨ।

# ਲੈਂਡ ਪੂਲਿੰਗ ਸਕੀਮ ਅਧੀਨ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਧੱਕੇ ਨਾਲ ਕਰ ਰਹੀ ਹੈ ਕਬਜ਼ਾ : ਕੱਕੜ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਲੈਂਡ ਪੂਲਿੰਗ ਸਕੀਮ ਅਧੀਨ ਕਿਸਾਨਾਂ ਦੀਆਂ ਜ਼ਮੀਨਾਂ ਤੇ ਆਪ ਸਰਕਾਰ ਵੱਲੋਂ ਧੱਕੇ ਨਾਲ ਕੀਤੇ ਜਾ ਰਹੇ ਕਬਜ਼ੇ ਦੀ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕਰੜੀ ਨਿੰਦਾ ਕਰਦਿਆਂ ਕਿਹਾ ਕਿ ਆਪ ਸਰਕਾਰ ਲੋਕਾਂ ਨੂੰ ਗੁੰਮਰਾਹ ਕਰਕੇ ਉਨ੍ਹਾਂ ਨੂੰ ਚਾਰ ਗੁਣਾ ਮੁਨਾਫ਼ੇ ਦਾ ਝੂਠਾ ਲਾਲਚ ਦੇ ਕੇ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਹਥਿਆ ਰਹੀ ਹੈ।ਕਾਂਗਰਸ ਪਾਰਟੀ ਕਿਸਾਨਾਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।ਕਾਂਗਰਸ ਪਾਰਟੀ ਪਹਿਲਾਂ ਵੀ ਕਿਸਾਨਾਂ ਨਾਲ ਚੱਟਾਨ ਵਾਂਗ ਖੜ੍ਹੀ ਸੀ ਅਤੇ ਅੱਜ ਵੀ ਕਿਸਾਨਾਂ ਨਾਲ ਖੜ੍ਹੀ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਦੋਹਾਂ ਹੱਥਾਂ ਨਾਲ ਲੁੱਟ ਰਹੀ ਹੈ ਅਤੇ ਹੁਣ ਲੈਂਡ ਪੂਲਿੰਗ ਸਕੀਮ ਵੀ ਪੰਜਾਬ ਨੂੰ ਲੁੱਟਣ ਦੇ ਇਰਾਦੇ ਨਾਲ ਲਿਆਂਦੀ ਗਈ ਹੈ।ਕੱਕੜ ਨੇ ਕਿਹਾ ਕਿ ਲੈਂਡ ਪੂਲਿੰਗ ਸਕੀਮ ਅਧੀਨ ਜਿਸ ਜ਼ਮੀਨ ਦਾ ਨੋਟੀਫਿਕੇਸ਼ਨ ਹੋ ਗਿਆ ਹੈ ਕਿਸਾਨ ਉਸ ਜ਼ਮੀਨ ਨੂੰ ਆਪਣੀ ਜ਼ਰੂਰਤ ਲਈ ਵੇਚ ਵੀ ਨਹੀਂ ਸਕਣਗੇ।ਕੱਕੜ ਨੇ ਕਿਹਾ ਕਿ ਦਿੱਲੀ ਤੋਂ ਮੂੰਹ ਦੀ ਖਾ ਕੇ ਆਈ ਆਮ ਆਦਮੀ ਪਾਰਟੀ ਦੀ ਜੁੰਡਲੀ ਨੇ ਹੁਣ ਪੰਜਾਬ ਨੂੰ ਲੁੱਟਣਾ ਸ਼ੁਰੂ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ 2027 ਤੋਂ ਬਾਅਦ ਪੰਜਾਬ ਤੋਂ ਵੀ ਮੂੰਹ ਦੀ ਖਾ ਕੇ ਇਹ ਪੰਜਾਬ ਛੱਡ ਕੇ ਭੱਜ ਜਾਣਗੇ।

# ਸਾਰੇ ਅਧਿਕਾਰੀ ਨਿੱਜੀ ਤੌਰ 'ਤੇ ਅਲਾਟ ਹੋਈਆਂ ਸੜਕਾਂ ਦੇ ਕੰਮ ਨੂੰ ਵੇਖਣਾ ਯਕੀਨੀ ਬਣਾਉਣ : ਡੀ ਸੀ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ਹਿਰਾਂ ਅਤੇ ਕਸਬਿਆਂ ਦੀਆਂ ਸੜਕਾਂ ਦੀ ਨੁਹਾਰ ਬਦਲਣ ਲਈ ਕੀਤੀ ਗਈ ਪਹਿਲਕਦਮੀ ਦੇ ਚੱਲਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਪਹਿਲੇ ਪੜਾਅ ਵਿੱਚ ਜ਼ਿਲ੍ਹੇ ਦੀਆਂ 41 ਸੜਕਾਂ ਵੱਖ-ਵੱਖ ਅਧਿਕਾਰੀਆਂ ਨੂੰ ਨਜ਼ਰਸਾਨੀ ਲਈ ਅਲਾਟ ਕਰ ਦਿੱਤੀਆਂ ਹਨ।ਇਸ ਸੜਕ ਸੁੰਦਰੀਕਰਨ ਮੁਹਿੰਮ ਤਹਿਤ ਪਲੇਠੀ ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਸਾਰੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਹਰੇਕ ਅਲਾਟ ਕੀਤੀ ਗਈ ਸੜਕ ਉਤੇ ਰੋਜ਼ਾਨਾ ਖ਼ੁਦ ਜਾਣ, ਨਾ ਕਿ ਆਪਣੇ ਕਿਸੇ ਹੋਰ ਜੂਨੀਅਰ ਅਧਿਕਾਰੀ ਨੂੰ ਭੇਜਣ। ਉਨ੍ਹਾਂ ਕਿਹਾ ਕਿ ਸੜਕਾਂ ਉਤੇ ਖੱਡੇ, ਸੀਵਰੇਜ ਦੇ ਢੱਕਣ, ਪਲਾਂਟੇਸ਼ਨ ਦਾ ਕੰਮ, ਸਟਰੀਟ ਲਾਈਟਾਂ, ਰੋਡ ਮਾਰਕਿੰਗ ਜਾਂ ਉਥੇ ਕਿਸੇ ਵੀ ਤਰ੍ਹਾਂ ਦਾ ਕੋਈ ਨਜਾਇਜ਼ ਕਬਜ਼ਾ, ਸੜਕ ਉਤੇ ਖਿਲਰਿਆ ਇਮਾਰਤ ਉਸਾਰੀ ਦਾ ਸਾਮਾਨ ਜਿਵੇਂ ਕਿ ਰੇਤਾ, ਬਜਰੀ ਆਦਿ ਦੇ ਕੰਮ ਨੋਟ ਕਰਕੇ ਰੋਜ਼ਾਨਾ ਗੂਗਲ ਸ਼ੀਟ ਉਤੇ ਭਰਨ।ਉਨ੍ਹਾਂ ਕਿਹਾ ਕਿ ਕਿਸੇ ਵੀ ਅਧਿਕਾਰੀ ਨੇ ਆਪਣੇ ਕੋਲੋਂ ਜਾਂ ਆਪਣੇ ਵਿਭਾਗ ਵਿੱਚੋਂ ਕੋਈ ਪੈਸਾ ਨਹੀਂ ਲਗਾਉਣਾ ਸਿਰਫ ਨਜ਼ਰਸਾਨੀ ਕਰਨੀ ਹੈ ਤਾਂ ਜੋ ਉਸ ਸੜਕ ਨਾਲ ਸਬੰਧਤ ਜ਼ਿੰਮੇਵਾਰ ਵਿਭਾਗ ਜਿਵੇਂ ਕਿ ਲੋਕ ਨਿਰਮਾਣ ਵਿਭਾਗ, ਮੰਡੀ ਬੋਰਡ, ਕਾਰਪੋਰੇਸ਼ਨ, ਅੰਮ੍ਰਿਤਸਰ ਵਿਕਾਸ ਅਥਾਰਟੀ ਜਾਂ ਜਿਸ ਵੀ ਵਿਭਾਗ ਦੀ ਉਹ ਸੜਕ ਹੈ, ਉਹ ਉਸ ਸੜਕ ਦਾ ਕੰਮ ਪੂਰਾ ਕਰ ਸਕੇ।ਉਨ੍ਹਾਂ ਸੰਬੰਧਿਤ ਵਿਭਾਗ ਜਿਨ੍ਹਾਂ ਦੀਆਂ ਸੜਕਾਂ ਹਨ, ਨੂੰ ਵੀ ਹਦਾਇਤ ਕੀਤੀ ਕਿ ਉਹ ਉਕਤ 41 ਸੜਕਾਂ ਦੇ ਨੋਡਲ ਅਧਿਕਾਰੀ ਨਿਯੁਕਤ ਕਰਨ ਤਾਂ ਜੋ ਸਬੰਧਤ ਅਧਿਕਾਰੀ ਕਿਸੇ ਵੀ ਲੋੜ ਜਾਂ ਸਹਾਇਤਾ ਲਈ ਉਸ ਨੋਡਲ ਅਧਿਕਾਰੀ ਨਾਲ ਸੰਪਰਕ ਕਰ ਸਕੇ।ਉਨ੍ਹਾਂ ਕਿਹਾ ਕਿ ਅਸੀਂ ਪਹਿਲੇ ਪੜਾਅ ਵਿੱਚ ਸ਼ਹਿਰਾਂ ਤੇ ਕਸਬਿਆਂ ਦੀਆਂ ਮੁੱਖ ਸੜਕਾਂ ਹੀ ਸੁੰਦਰੀਕਰਨ ਲਈ ਲਈਆਂ ਹਨ।ਇਸ ਤੋਂ ਅੱਗੇ ਦੂਸਰੇ ਪੜਾਅ ਵਿੱਚ ਹੋਰ ਸੜਕਾਂ ਸ਼ਾਮਿਲ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ




ਕਿਹਾ ਕਿ ਬਰਸਾਤ ਦਾ ਸੀਜ਼ਨ ਚੱਲ ਰਿਹਾ ਹੈ, ਸੋ ਪਹਿਲ ਦੇ ਅਧਾਰ 'ਤੇ ਸੜਕਾਂ ਵਿੱਚ ਪਏ ਟੋਏ ਅਤੇ ਸੜਕਾਂ ਦੇ ਕਿਨਾਰੇ ਪਲਾਂਟੇਸ਼ਨ ਕਰਵਾਉਣ ਦਾ ਕੰਮ ਵੇਖਣ, ਜਿੱਥੇ ਵੀ ਲੋੜ ਹੈ ਇਸ ਕੰਮ ਨੂੰ ਪੂਰਾ ਕੀਤਾ ਜਾਵੇ।ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਪਰਮਜੀਤ ਕੌਰ, ਸਹਾਇਕ ਕਮਿਸ਼ਨਰ ਮੈਡਮ ਪਿਊਸ਼ਾ, ਵਧੀਕ ਕਮਿਸ਼ਨਰ ਕਾਰਪੋਰੇਸ਼ਨ ਸੁਰਿੰਦਰ ਸਿੰਘ, ਜੁਆਇੰਟ ਕਮਿਸ਼ਨਰ ਜੈਵੀਰ ਸਿੰਘ, ਐੱਸਡੀਐੱਮ ਮਨਕੰਵਲ ਸਿੰਘ ਚਾਹਲ, ਐੱਸਡੀਐੱਮ ਰਵਿੰਦਰ ਸਿੰਘ, ਅੰਮ੍ਰਿਤਸਰ ਵਿਕਾਸ ਅਥਾਰਟੀ ਦੇ ਅਧਿਕਾਰੀ ਅਨਾਇਤ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਭਾਰਤ ਹਿਮਾਲਿਆ ਪਰਿਵਾਰ ਵੱਲੋਂ ਵੱਧ ਤੋਂ ਵੱਧ ਰੁੱਖ ਲਾਉਣ ਦਾ ਸੱਦਾ

ਗੁਰਦਾਸਪੁਰ (ਜਨਕ ਮਹਾਜਨ)-ਇੰਦਰੇਸ਼ ਕੁਮਾਰ ਪ੍ਰਚਾਰਕ ਰਾਸ਼ਟਰੀ ਸਵੈ ਸੇਵਕ ਸੰਘ ਭਾਰਤ ਹਿਮਾਲਿਆ ਪਰਿਵਾਰ ਦੇ ਦਿਸ਼ਾ-ਨਿਰਦੇਸ਼ਾਂ, ਪਰਮਜੀਤ ਸਿੰਘ ਗਿੱਲ ਰਾਸ਼ਟਰੀ ਉਪ ਪ੍ਰਧਾਨ ਅਤੇ ਪ੍ਰਧਾਨ ਕੁਲਵੀਰ ਸਿੰਘ ਦੀ ਪ੍ਰੇਰਨਾ ਸਦਕਾ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਣ ਲਈ ਰੁੱਖ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਹ ਜਾਣਕਾਰੀ ਹਿਮਾਲਿਆ ਪਰਿਵਾਰ ਸੰਸਥਾ ਪੰਜਾਬ ਦੀ ਮਹਾਂ ਮੰਤਰੀ ਡਾਕਟਰ ਰਿਤੂ ਕੌਂਡਲ ਨੇ ਦਿੱਤੀ। ਉਨ੍ਹਾਂ ਕਿਹਾ ਕਿ ਰੁੱਖਾਂ ਦਾ ਸਾਡੀ ਜ਼ਿੰਦਗੀ ਵਿਚ ਅਹਿਮ ਰੋਲ ਹੈ ਅਤੇ ਰੁੱਖ ਸਾਨੂੰ ਆਕਸੀਜਨ ਦੇਣ ਤੋਂ ਇਲਾਵਾ ਹੋਰ ਵੀ ਬਹੁਤ ਜ਼ਰੂਰਤਾਂ ਪੂਰੀਆਂ ਕਰਦੇ ਹਨ। ਇਸ ਲਈ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਆਪਣੀ ਹਵਾ ਨੂੰ ਸ਼ੁੱਧ ਰੱਖਣ ਲਈ ਸਾਰੇ ਰਲ ਮਿਲ ਕੇ ਰੁੱਖ ਲਗਾਉਣੇ ਚਾਹੀਦੇ ਹਨ। ਉਨ੍ਹਾਂ ਸਾਨੂੰ ਸਾਰਿਆਂ ਨੂੰ ਆਪਣੇ ਜਨਮ ਦਿਨ 'ਤੇ ਇਕ-ਇਕ ਪੌਦਾ ਲਗਾਉਣ ਦੀ ਪ੍ਰੇਰਨਾ ਦਿੱਤੀ ਅਤੇ ਕਿਹਾ ਇਨ੍ਹਾਂ ਦੀ ਆਪਣੇ ਬੱਚਿਆਂ ਵਾਂਗ ਚੰਗੀ ਤਰ੍ਹਾਂ ਨਾਲ ਦੇਖਭਾਲ ਕਰਨਾ ਚਾਹੀਦੀ ਹੈ ਅਤੇ ਛੋਟੇ ਬੱਚਿਆਂ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਲਗਾਤਾਰ ਵਧਦੀ ਜਾ ਰਹੀ ਗਰਮੀ ਦਾ ਇਕ ਕਾਰਨ ਰੁੱਖਾਂ ਦੀ ਲਗਾਤਾਰ ਕਟਾਈ ਵੀ ਹੈ। ਰੁੱਖਾਂ ਦੀ ਘਟਦੀ ਜਾ ਰਹੀ ਗਿਣਤੀ ਕਾਰਨ ਤਾਪਮਾਨ ਲਗਾਤਾਰ ਵਧਦਾ ਜਾ ਰਿਹਾ ਹੈ ਅਤੇ ਅੱਜ ਹਾਲਾਤ ਇਹ ਹੋ ਗਏ ਹਨ ਕਿ ਹਰ ਕੋਈ ਰੁੱਖ ਲਗਾਉਣ ਦੀ ਬਜਾਏ ਏ. ਸੀ. ਲਗਾਉਣ ਨੂੰ ਤਰਜੀਹ ਦੇ ਰਿਹਾ ਹੈ। ਉਨ੍ਹਾਂ ਕਿਹਾ ਰੁੱਖਾਂ ਦਾ ਸਾਡੇ ਜੀਵਨ ਵਿਚ ਖ਼ਾਸ ਮਹੱਤਵ ਹੈ। ਰੁੱਖ ਸਾਡੇ ਜੀਵਨ ਵਿਚ ਜਨਮ ਤੋਂ ਲੈ ਕੇ ਮਰਨ ਤੱਕ ਮਨੁੱਖ ਦਾ ਸਾਥ ਦਿੰਦੇ ਹਨ। ਉਨ੍ਹਾਂ ਕਿਹਾ ਜੇਕਰ ਤਾਪਮਾਨ ਇਸੇ ਤਰ੍ਹਾਂ ਵਧਦਾ ਗਿਆ ਤਾਂ ਆਉਣ ਵਾਲੇ ਸਮੇਂ ਵਿਚ ਇਸ ਦੇ ਹੋਰ ਵੀ ਜ਼ਿਆਦਾ ਭਿਆਨਕ ਨਤੀਜੇ ਸਾਹਮਣੇ ਆਉਣਗੇ।

# ਮੁੱਖ ਮੰਤਰੀ ਸੈਣੀ ਨੇ ਆਚਾਰੀਆ ਭਿਕਸ਼ੂ ਸਵਾਮੀ ਨੂੰ ਦਿੱਤੀ ਸ਼ਰਧਾਂਜਲੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਪੁਰਖਾਂ ਦੇ ਵਿਚਾਰ ਅਤੇ ਸਿਧਾਂਤ ਅੱਜ ਵੀ ਸਾਨੂੰ ਜੀਵਨ ਜੀਣ ਦੀ ਸਹੀ ਦਿਸ਼ਾ ਵਿਖਾਉਂਦੇ ਹਨ। ਜੇਕਰ ਅਸੀਂ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਨਾਉਣ ਅਤੇ ਆਪਣੇ ਆਚਰਣ ਵਿੱਚ ਉਤਾਰੀਏ ਤਾਂ ਇੱਕ ਨੈਤਿਕ ਅਤੇ ਚਰਿਤਰਵਾਨ ਸਮਾਜ ਦਾ ਨਿਰਮਾਣ ਸੰਭਵ ਹੈ। ਜਦੋਂ ਸਮਾਜ ਦਾ ਹਰੇਕ ਆਦਮੀ ਨੈਤਿਕ ਮੁੱਲਾਂ ਨੂੰ ਅਪਣਾਵੇਗਾ, ਤਾਂ ਹੀ ਵਿਕਸਿਤ ਭਾਰਤ ਦਾ ਸੁਪਨਾ ਸਾਕਾਰ ਹੋਵੇਗਾ।ਮੁੱਖ ਮੰਤਰੀ ਅੱਜ ਚੰਡੀਗੜ੍ਹ ਵਿੱਚ ਆਚਾਰੀਆ ਸ੍ਰੀ ਭਿਕਸ਼ੂ ਸਵਾਮੀ ਜੀ ਦੀ 300ਵੀਂ ਜੈਅੰਤੀ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਮੰਚਸੀਨ ਪਰਮ ਮੁਨਿਸ਼੍ਰੀ ਵਿਨੈ ਕੁਮਾਰ ਆਲੋਕ, ਮੁਨਿਸ਼੍ਰੀ ਸੁਧਾਕਰ, ਮੁਨਿਸ਼੍ਰੀ ਅਭੈਅ ਕੁਮਾਰ ਆਲੋਕ, ਮੁਨਿਸ਼੍ਰੀ ਨਰੇਸ਼, ਸਵਾਮੀ ਸੰਪੂਰਨਾਨੰਦ ਬ੍ਰਹਿਮਚਾਰੀ ਮਹਾਰਾਜ ਸਮੇਤ ਸਾਰੇ ਮੁਨੀਆਂ ਨੂੰ ਸਾਦਰ ਨਮਨ ਕੀਤਾ ਅਤੇ ਕਿਹਾ ਕਿ ਇਹ ਸਾਡਾ ਸੋਭਾਗ ਹੈ ਕਿ ਉਨ੍ਹਾਂ ਨੇ ਇਸ ਪਵਿਤਰ ਮੌਕੇ 'ਤੇ ਤੇਰਾਪੰਥੀ ਸਮਾਜ ਦੇ ਸ਼ਰਧਾਲੂਆਂ ਵਿਚਕਾਰ ਆਉਣ ਦਾ ਮੌਕਾ ਮਿਲਿਆ।

ਉਨ੍ਹਾਂ ਕਿਹਾ ਕਿ ਸੰਤਾਂ ਕਾਰਨ ਹੀ ਸਾਡਾ ਸੱਭਿਆਚਾਰ ਜੀਵਤ ਹੈ।ਮੁੱਖ ਮੰਤਰੀ ਨੇ ਕਿਹਾ ਕਿ ਆਚਾਰੀਆ ਸ੍ਰੀ ਭਿਕਸ਼ੂ ਸਵਾਮੀ ਜੀ ਕੇਵਲ ਇੱਕ ਮੁਨੀ ਨਹੀਂ, ਸਗੋਂ ਇੱਕ ਦਲੇਰ ਅਤੇ ਇਨਕਲਾਬੀ ਵਿਚਾਰਕ ਸਨ।


AXIS BANK | Retail Asset Centre: AXIS Bank Ltd,2nd Floor, Property # 7-E, Municipal 3903/1142/16, Malhar Road,Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
Registered Office: 'Trishul', 3rd Floor, Opposite Samartheswar Temple, Law Garden, Ellisbridge, Ahmadabad- 380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਦਾ ਨਾਂਅ/ਪਤਾ | ਡਿਮਾਂਡ ਨੋਟਿਸ ਦੀ ਮਿਤੀ / ਐੱਨ ਪੀ ਏ ਮਿਤੀ / ਕਬਜ਼ੇ ਦੀ ਮਿਤੀ / ਬਕਾਇਆ ਰਕਮ |
|---|---|---|
| 1. | 1. ਸ੍ਰੀ ਕਵਲਜੀਤ ਸਿੰਘ ਪੁੱਤਰ ਕੁੰਦਨ ਸਿੰਘ, ਮਕਾਨ ਨੰ. 2222, 2, ਵਾਰਡ ਨੰ. 31, ਪੁਰਾਣਾ ਜਵਾਹਰ ਨਗਰ, ਮਹਿਤਾ ਰੋਡ, ਅੰਮ੍ਰਿਤਸਰ-1 ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001<br>2. ਸ੍ਰੀਮਤੀ ਬਲਜੀਤ ਕੌਰ ਪਤਨੀ ਕਵਲਜੀਤ ਸਿੰਘ, ਮਕਾਨ ਨੰ. 2222, 2, ਵਾਰਡ ਨੰ. 31, ਪੁਰਾਣਾ ਜਵਾਹਰ ਨਗਰ, ਮਹਿਤਾ ਰੋਡ, ਅੰਮ੍ਰਿਤਸਰ-1, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ 143001 | 02 ਅਪ੍ਰੈਲ 2025<br>30 ਮਾਰਚ 2025<br>04 ਜੁਲਾਈ 2025<br>ਰੂ. 25,98,286/- (ਪੱਚੀ ਲੱਖ ਅਠਾਨਵੇਂ ਹਜ਼ਾਰ ਦੋ ਸੌ ਛਿਆਸੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ:- ਤਬਾਦਲਾ ਬੈਨਾਮਾ ਨੰ. 668 ਮਿਤੀ 22.04.2016 ਅਨੁਸਾਰ ਸ੍ਰੀ ਕਵਲਜੀਤ ਸਿੰਘ ਪੁੱਤਰ ਕੁੰਦਨ ਸਿੰਘ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 118.22 ਵਰਗ ਗਜ਼, ਜ਼ਮੀਨ ਰਕਬਾ 02 ਕਨਾਲ 04 ਮਰਲੇ ਦਾ 4/44 ਤੱਕ ਦਾ ਹਿੱਸਾ, ਖਸਰਾ ਨੰ. 534 ਮਿਨ, ਖੱਤਾ/ਖਤੌਨੀ ਨੰ. 102/170, ਸੁਲਤਾਨਵਿੰਡ ਸਬ-ਅਰਬਨ, ਤਰਫ ਬਹਿਣੀਵਾਲ, ਅਬਾਦੀ ਦਬੁਰਜੀ, ਜੀ ਟੀ ਰੋਡ, ਅੰਮ੍ਰਿਤਸਰ, ਤਹਿਸੀਲ ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ, ਜਮ੍ਹਾਂਬੰਦੀ ਸਾਲ 2010-11 ਨਾਲ ਸੰਬੰਧਤ ਸਭ ਕੁੱਝ ਦਾ ਉਚਿਤ ਗਿਰਵੀਨਾਮਾ। ਹੱਦਾਂ : ਉੱਤਰ : ਭੁਪਿੰਦਰ ਸਿੰਘ ਦੀ ਜਾਇਦਾਦ/ਹੋਰਨਾਂ ਦੀ ਜਾਇਦਾਦ, ਦੱਖਣ : ਗਲੀ 16'-00" ਚੌੜੀ, ਪੂਰਬ : ਬਲਵਿੰਦਰ ਸਿੰਘ ਦੀ ਜਾਇਦਾਦ/ਖਾਲੀ ਪਲਾਟ, ਪੱਛਮ : ਮਨੋਰਥ ਸਿੰਘ ਦੀ ਜਾਇਦਾਦ/ਹੋਰਨਾਂ ਦੀ ਜਾਇਦਾਦ।

ਮਿਤੀ : 09.07.2025, ਸਥਾਨ : ਅੰਮ੍ਰਿਤਸਰ ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ


# ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਇਆ ਜਾਵੇ : ਕਲਸੀ, ਸ਼ਰਮਾ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਨਗਰ ਨਿਗਮ ਬਟਾਲਾ ਵਿਖੇ ਗਰੀਨ ਅਤੇ ਕਲੀਨ ਸਿਟੀ ਅਤੇ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਲਈ ਪੌਦੇ ਲਗਾਏ ਗਏ, ਜਿਸ ਦੀ ਸ਼ੁਰੂਆਤ ਨਗਰ ਨਿਗਮ ਬਟਾਲਾ ਦਫਤਰ ਵਿਖੇ ਪੌਦੇ ਲਗਾ ਕੇ ਕੀਤੀ ਗਈ। ਇਸ ਮੌਕੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਅਤੇ ਰਜਿੰਦਰ ਸ਼ਰਮਾ ਸਹਾਇਕ ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਹੱਥੀਂ ਪੌਦੇ ਲਗਾ ਕੇ ਕੀਤੀ ਗਈ। ਇਸ ਮੌਕੇ ਗੱਲ ਕਰਦਿਆਂ ਅੰਮ੍ਰਿਤ ਕਲਸੀ ਨੇ ਕਿਹਾ ਕਿ ਸਮੇਂ ਦੀ ਮੰਗ ਨੂੰ ਮੁੱਖ ਰੱਖਦਿਆਂ ਸਾਨੂੰ ਜਿਥੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ, ਉਸਦੇ ਨਾਲ ਪੌਦਿਆਂ ਦੀ ਸਾਂਭ-ਸੰਭਾਲ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਸਾਫ਼-ਸੁਥਰਾ ਤੇ ਸ਼ੁੱਧ ਵਾਤਾਵਰਣ ਲਈ ਪੌਦੇ ਅਹਿਮ ਜ਼ਰੂਰਤ ਹਨ ਅਤੇ ਸਾਨੂੰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਘੱਟੋ-ਘੱਟ ਇੱਕ-ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਸਹਾਇਕ ਕਮਿਸ਼ਨਰ ਰਜਿੰਦਰ ਸ਼ਰਮਾ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸ਼ਹਿਰ ਵਾਸੀ



ਨਿੱਜੀ ਤੌਰ 'ਤੇ ਵੀ ਵੱਧ ਤੋਂ ਵੱਧ ਪੌਦੇ ਲਗਾਉਣ ਤਾਂ ਜੋ ਸ਼ਹਿਰ ਦਾ ਵਾਤਾਵਰਣ ਨੂੰ ਸਾਫ ਅਤੇ ਗਲੋਬਲ ਵਾਰਮਿੰਗ ਨਾਲ ਵਧਣ ਵਾਲੇ ਤਾਪਮਾਨ ਨੂੰ ਕੰਟਰੋਲ ਕੀਤਾ ਜਾ ਸਕੇ।

ਇਸ ਮੌਕੇ ਸੀ. ਐਸ. ਓ., ਜਗਦੀਪ ਸਿੰਘ, ਸੈਨੇਟਰੀ ਇੰਸਪੈਕਟਰ ਵਿਕਾਸ ਵਾਸਦੇਵ, ਆਈ. ਈ. ਸੀ. ਐਕਸਪਰਟ ਪ੍ਰਭਜੋਤ ਕੌਰ, ਐੱਮ. ਸੀ. ਦਿਲਬਾਗ ਸਿੰਘ, ਭੁਪਿੰਦਰ ਸਿੰਘ ਅਤੇ ਬਿਕਰਮਜੀਤ ਸਿੰਘ ਆਦਿ ਹਾਜ਼ਰ ਸਨ।

# ਅੱਜ ਦੀ ਹੜਤਾਲ ਨੂੰ ਲੈ ਕੇ ਮਿਡ-ਡੇ-ਮੀਲ ਵਰਕਰਾਂ 'ਚ ਭਾਰੀ ਉਤਸ਼ਾਹ : ਸੁਮਨ ਰਾਣੀ

ਅੰਮ੍ਰਿਤਸਰ (ਜਗਦੀਸ਼ ਕਮਲੇਸ਼) : ਮਿਡ-ਡੇ-ਮੀਲ ਵਰਕਰਜ਼ ਯੂਨੀਅਨ (ਸੀਟੂ) ਦੀ ਜ਼ਿਲ੍ਹਾ ਪੱਧਰੀ ਮੀਟਿੰਗ ਮੈਡਮ ਸ਼ੀਲਾ ਦੀ ਪ੍ਰਧਾਨਗੀ ਹੇਠ ਸੀਟੂ ਦਫਤਰ, ਪੁਤਲੀਘਰ ਵਿਖੇ ਹੋਈ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁਮਨ ਰਾਣੀ ਸੂਬਾਈ ਜਨਰਲ ਸਕੱਤਰ ਮਿਡ-ਡੇ-ਮੀਲ ਵਰਕਰ ਯੂਨੀਅਨ ਅਤੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਸੂਬਾਈ ਵਿੱਤ ਸਕੱਤਰ ਸੀਟੂ ਨੇ ਸੰਬੋਧਨ ਕਰਦਿਆਂ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਲਈ ਕੀਤੀਆਂ ਤਿਆਰੀਆਂ ਦੀ ਰਿਪੋਰਟ ਲਈ ਅਤੇ ਵੇਖਿਆ ਕਿ ਮਿਡ-ਡੇ-ਮੀਲ ਵਰਕਰਾਂ ਵਿੱਚ ਇਸ ਹੜਤਾਲ ਲਈ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ 26 ਹਜ਼ਾਰ ਰੁਪਏ ਮਹੀਨਾ ਤਨਖਾਹ ਪ੍ਰਾਪਤ ਕਰਨ, ਠੇਕੇਦਾਰੀ ਸਿਸਟਮ ਅਤੇ ਨਿੱਜੀਕਰਨ ਦੀ ਨੀਤੀ ਵਿਰੁੱਧ, ਕੇਂਦਰ ਸਰਕਾਰ ਵੱਲੋਂ ਲੇਬਰ ਐਕਟ ਨੂੰ ਤੋੜ ਕੇ ਬਣਾਏ ਚਾਰ ਕੋਡ ਰੱਦ ਕਰਵਾਉਣ, ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ, ਦਿਨੋਂ-ਦਿਨ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਖਤਮ ਕਰਨ ਅਤੇ ਸਕੀਮ ਵਰਕਰਾਂ ਨੂੰ ਪੱਕੇ ਕਰਾਉਣ ਲਈ ਇਹ ਦੇਸ਼ ਵਿਆਪੀ ਹੜਤਾਲ ਹੋ ਰਹੀ ਹੈ, ਜਿਸ ਵਿਚ ਟਰਾਂਸਪੋਰਟ ਵਰਕਰ, ਸਕੀਮ ਵਰਕਰ, ਟੈਕਸਟਾਈਲ ਵਰਕਰ, ਐੱਲ. ਆਈ. ਸੀ. ਵਰਕਰ, ਬੈਂਕ ਕਾਮੇ, ਨਗਰ-ਨਿਗਮ ਵਰਕਰ, ਸਿੱਖਿਆ ਤੇ ਸਿਹਤ ਵਿਭਾਗ ਦੇ ਮੁਲਾਜ਼ਮ ਅਤੇ ਪੈਨਸ਼ਨਰ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੇ। ਅੱਜ ਦੀ ਮੀਟਿੰਗ ਵਿੱਚ ਅਮਰਜੀਤ ਲੋਪੋਕੇ, ਸੰਦੀਪ ਅਜਨਾਲਾ, ਸ਼ੀਲਾ ਅਜਨਾਲਾ, ਕਾਮਰੇਡ ਕਿਰਪਾ ਰਾਮ ਅਤੇ ਕਾਮਰੇਡ ਸਵਿੰਦਰ ਸਿੰਘ ਮੀਰਾਂਕੋਟ ਵੀ ਹਾਜ਼ਰ ਸਨ।

# ਲੰਗਾਹ ਨੂੰ ਜ਼ਿਲ੍ਹਾ ਪ੍ਰਧਾਨ ਬਣਾਉਣ 'ਤੇ ਸੁਖਬੀਰ ਬਾਦਲ ਤੇ ਸਮੁੱਚੀ ਹਾਈਕਮਾਂਡ ਦਾ ਧੰਨਵਾਦ

ਧਾਰੀਵਾਲ ਮਨਦੀਪ ਸਿੰਘ ਵਿੱਕੀ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਨੇ ਸ਼੍ਰੋਮਣੀ ਅਕਾਲੀ ਦਲ ਦੇ ਨਿਧੜਕ ਜਰਨੈਲ ਜਥੇਦਾਰ ਸੁੱਚਾ ਸਿੰਘ ਲੰਗਾਹ ਨੂੰ ਸ਼੍ਰੋਮਣੀ ਅਕਾਲੀ ਦਲ ਜ਼ਿਲਾ ਗੁਰਦਾਸਪੁਰ ਦਾ ਪ੍ਰਧਾਨ ਬਣਾਏ ਜਾਣ ਤੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਟਕਸਾਲੀ ਅਕਾਲੀ ਲੀਡਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਖੁਸ਼ੀ ਦਾ



ਪ੍ਰਗਟਾਵਾ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਨੂੰ ਵਧਾਈ ਦਿੰਦਿਆਂ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸਮੇਤ ਸਮੁੱਚੀ ਅਕਾਲੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।ਜਥੇਦਾਰ ਗੋਰਾ ਨੇ ਕਿਹਾ ਕਿ ਜਥੇਦਾਰ ਸੁੱਚਾ ਸਿੰਘ ਲੰਗਾਹ ਦਾ ਜ਼ਿਲਾ ਅਕਾਲੀ ਜਥੇ ਦਾ ਪ੍ਰਧਾਨ ਬਣਨ ਨਾਲ ਅਕਾਲੀ ਵਰਕਰਾਂ ਦੇ ਹੌਸਲੇ ਬੁਲੰਦ ਹੋਏ ਹਨ।

ਜਥੇਦਾਰ ਗੋਰਾ ਨੇ ਕਿਹਾ ਜਥੇਦਾਰ ਲੰਗਾਹ ਹੀ ਅਜਿਹੇ ਲੀਡਰ ਹਨ ਜੋ ਟਕਸਾਲੀ ਅਕਾਲੀ ਵਰਕਰਾਂ ਦਾ ਮਾਣ ਸਨਮਾਨ ਕਰਦੇ ਹਨ।ਉਨ੍ਹਾਂ ਕਿਹਾ ਕਿ ਜਥੇਦਾਰ ਸੁੱਚਾ ਸਿੰਘ ਲੰਗਾਹ ਪਹਿਲਾਂ ਵੀ ਕਾਫੀ ਲੰਬਾ ਸਮਾਂ ਜ਼ਿਲਾ ਪ੍ਰਧਾਨ ਰਹੇ ਹਨ ਅਤੇ ਲੰਗਾਹ ਦੀ ਅਗਵਾਈ ਵਿੱਚ ਜ਼ਿਲੇ ਦੀਆਂ ਸਾਰੀਆਂ ਸੀਟਾਂ ਤੇ ਸ਼੍ਰੋਮਣੀ ਅਕਾਲੀ ਦਲ ਜਿੱਤ ਪ੍ਰਾਪਤ ਕਰਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਸੁੱਚਾ ਸਿੰਘ ਲੰਗਾਹ ਦੇ ਜ਼ਿਲਾ ਪ੍ਰਧਾਨ ਬਣਨ ਤੇ ਟਕਸਾਲੀ ਅਕਾਲੀ ਵਰਕਰਾਂ ਦੇ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰਬਰ:- ਸੰਖਿਆ No 770-W/01/WA/JAT/2025-26-08-2025-26-PTK-DRM-JAT & 09-2025-26-DRM-JAT & 10-2025-26-KTHU-DRM-JAT (to be opened on 30-07-2025) ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਦੇ ਹੋਏ ਹੇਠਾਂ ਦਿਤੇ ਗਏ ਟਾਈਟਲ ਵਾਲੀਆਂ ਨਿਵਿਦਾਵਾਂ ਦੇ ਵਿਰੁਧ ਖੁਲ੍ਹੀਆਂ ਨਿਵਿਦਾਵਾਂ (ਈ-ਨਿਵਿਦਾਵਾਂ) ਮੰਗ ਕਰਦੇ ਹਨ ਅਤੇ www.ireps.gov.in 'ਤੇ ਉਪਲਬਧ ਹਨ ਜਿਨ੍ਹਾਂ ਦੀ ਅੰਤਮ ਮਿਤੀ 30.07.2025 ਨੂੰ 15:00 ਵਜੇ ਤਕ ਹੈ। ਬੋਲੀਦਾਤਾ ਆਪਣੀ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਜਮ੍ਹਾ ਕਰ ਸਕਦੇ ਹਨ। ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਨਿਵਿਦਾ ਦੇ ਵਿਰੁਧ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਤੇ ਉਪਲਬਧ ਭੁਗਤਾਨ ਵਿਧੀਆਂ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ।

ਲੜੀ ਨੰਬਰ: 1 | ਨਿਵਿਦਾ ਸੰਖਿਆ: : 08-2025-26-PTK-DRM-JAT

ਨਿਵਿਦਾ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ-ਪਠਾਨਕੋਟ ਦੇ ਅਧਿਕਾਰ ਖੇਤਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ ਪਠਾਨਕੋਟ ਦੇ ਤਹਿਤ ਮੁੱਖ ਲਾਈਨ ਵਿਚ ਸਥਿਤ ਸਟਾਫ ਕਵਾਟਰਾਂ ਅਤੇ ਸੇਵਾ ਭਵਨਾਂ ਦੀ ਸਾਧਾਰਨ ਮੁਰੰਮਤ ਅਤੇ ਰਖ-ਰਖਾਅ ਲਈ ਸਲਾਨਾ ਜੋਨਲ ਕੰਮ

| ਵਿਗਿਆਪਨ ਮੁੱਲ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|
| 89,99,988.45 | 60 Days | 12 Months |

ਲੜੀ ਨੰਬਰ: 2 | ਨਿਵਿਦਾ ਸੰਖਿਆ : 09-2025-26-DRM-JAT

ਨਿਵਿਦਾ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ-ਜੰਮੂ ਤਵੀ ਅਤੇ ਸਹਾਇਕ ਮੰਡਲ ਇੰਜੀਨੀਅਰ ਪਾਲਮਪੁਰ ਦੇ ਅਧਿਕਾਰ ਖੇਤਰ ਦੇ ਤਹਿਤ ਪੁਰਾਣੀ ਛੱਡੀ ਹੋਈ ਸਟੀਲ ਓਵਰਹੇਡ ਪਾਣੀ ਟੰਕੀਆਂ ਦੇ ਥਾਂ ਤੇ 03 ਨੰ 100 ਕਿ.ਲੀ. ਦੀ ਆਰ.ਸੀ.ਸੀ. ਓਵਰਹੇਡ ਪਾਣੀ ਦੀਆਂ ਟੰਕੀਆਂ ਦਾ ਪ੍ਰਾਵਧਾਨ, ਪਲੰਬਿੰਗ ਪਾਈਪਲਾਈਨ ਪੰਪ ਹਾਊਸ ਅਤੇ ਬੋਰਵੇਲ ਸਮੇਤ- BDHY, KTHU ਅਤੇ JWLS ਸਟੇਸ਼ਨਾਂ ਤੇ ਓਵਰਹੇਡ ਪਾਣੀ ਟੰਕੀਆਂ ਦੀ ਉਸਾਰੀ

| ਵਿਗਿਆਪਨ ਮੁੱਲ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|
| 1,54,97,103.11 | 60 Days | 12 Months |

ਲੜੀ ਨੰਬਰ: 3 | ਨਿਵਿਦਾ ਸੰਖਿਆ : 10-2025-26-KTHU-DRM-JAT

ਨਿਵਿਦਾ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ ਕਠੂਆ ਦੇ ਤਹਿਤ ਮਾਧੋਪੁਰ ਸਟੇਸ਼ਨ ਤੋਂ ਸਾਂਬਾ ਸਟੇਸ਼ਨ ਤਕ (MDPB ਅਤੇ SMBX ਸਟੇਸ਼ਨਾਂ ਨੂੰ ਛੱਡ ਕੇ ) ਸਟਾਫ ਕਵਾਟਰਾਂ ਅਤੇ ਸੇਵਾ ਭਵਨਾਂ ਦੀ ਸਾਧਾਰਨ ਮੁਰੰਮਤ ਅਤੇ ਰਖ-ਰਖਾਅ ਦਾ ਸਲਾਨਾ ਜੋਨਲ ਕੰਮ

| ਵਿਗਿਆਪਨ ਮੁੱਲ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|
| 79,98,712.52 | 60 Days | 12 Months |

ਨੋਟ : 1. ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਹ ਬੋਲੀਆਂ ਪੇਸ਼ ਕਰਨ ਤੋਂ ਪਹਿਲਾਂ ਇਸ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸੁਧੀ ਪੱਤਰ ਦੇ ਲਈ ਆਈਆਰਈਪੀਐਸ ਵੈਬਸਾਈਟ ਵੇਖਣ। 2. ਜੇਕਰ ਹਿੰਦੀ ਇਸ਼ਤਿਹਾਰ ਵਿਚ ਕੋਈ ਗਲਤੀ ਪਾਈ ਜਾਂਦੀ ਹੈ ਤਾਂ ਅੰਗ੍ਰੇਜ਼ੀ ਇਸ਼ਤਿਹਾਰ ਮਾਨਯ ਹੋਵੇਗਾ। 2052/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 30.06.2025 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਚ ਐੱਲ ਵਿੱਚ ਕਰਜ਼ਦਾਰ) : ਸ੍ਰੀ ਸੁਰਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਸਿੰਗੜੀਵਾਲਾ, ਪਿੱਪਲਾਂਵਾਲਾ, ਹੁਸ਼ਿਆਰਪੁਰ, ਪੰਜਾਬ-146022
2. (ਐੱਚ ਐੱਲ ਵਿੱਚ ਗਰੰਟਰ) : ਸ੍ਰੀਮਤੀ ਆਸ਼ੂ ਕੁਮਾਰੀ ਪਤਨੀ ਸੁਰਿੰਦਰ ਸਿੰਘ ਵਾਸੀ ਸਿੰਗੜੀਵਾਲਾ, ਪਿੱਪਲਾਂਵਾਲਾ, ਹੁਸ਼ਿਆਰਪੁਰ, ਪੰਜਾਬ-146022, ਨਾਲ ਹੀ : ਮਕਾਨ ਨੰ. 557, ਸਿੰਗੜੀਵਾਲਾ, ਪਿੰਡ ਸਿੰਗੜੀਵਾਲਾ, ਤਹਿਸੀਲ ਹੁਸ਼ਿਆਰਪੁਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ-148022
3. (ਐੱਚ ਐੱਲ 'ਚ ਗਰੰਟਰ) : ਸ੍ਰੀ ਰਵੀ ਕੁਮਾਰ ਪੁੱਤਰ ਸ੍ਰੀ ਰੂਪ ਲਾਲ ਵਾਸੀ ਪਿੰਡ ਲੇਹਲੀ ਖੁਰਦ, ਬੱਸੀ ਕਲਾਂ, ਹੁਸ਼ਿਆਰਪੁਰ, ਪੰਜਾਬ-146102

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.06.2025 ਤੋਂ ਬਿਨਾਂ ਵਿਆਜ) |
|---|---|---|
| HL/028611000025 | Rs.19,00,000/- | Rs. 5,37,921.91 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਬੈਨਾਮਾ ਦਸਤਾਵੇਜ਼ ਨੰ. 9481 ਮਿਤੀ 08.02.2012 ਅਨੁਸਾਰ ਸ੍ਰੀ ਸੁਰਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 10 ਮਰਲੇ, ਪਿੰਡ ਸਿੰਗੜੀਵਾਲਾ, ਹਦਬਸਤ ਨੰ. 245, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਬੰਧਤ ਸਭ ਕੁੱਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਚੱਬੇਵਾਲ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 08-07-2025 | ਸਥਾਨ : ਚੱਬੇਵਾਲ | (ਅਧਿਕਾਰਤ ਅਫਸਰ)


# 10 ਲੱਖ ਰੁਪਏ ਤੱਕ ਦੇ ਇਲਾਜ ਦੀ ਮੁਫ਼ਤ ਸਹੂਲਤ ਦੇਣਾ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ : ਗਿੱਲ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੁਚੱਜੀ ਸੋਚ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦੇ ਦਿੱਤੀ ਜਾ ਰਹੀ ਹੈ, ਜੋ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਰਾਜਾਸਾਂਸੀ ਤੋਂ ਫਾਊਂਡਰ ਮੈਂਬਰ ਗੁਰਜੰਟ ਸਿੰਘ ਗਿੱਲ ਨੇ ਗੱਲਬਾਤ ਦੌਰਾਨ ਕੀਤਾ! ਉਨ੍ਹਾਂ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਿਆਂਦੀ ਇਹ ਸਕੀਮ ਤਹਿਤ ਸਮੂਹ ਔਰਤਾਂ, ਬੱਚਿਆਂ, ਬਜ਼ੁਰਗਾਂ ਅਤੇ ਬੇਸਹਾਰਾ ਲੋਕਾਂ ਨੂੰ ਹੱਕਦਾਰ ਬਣਾਇਆ ਗਿਆ ਤਾਂ ਜੋ ਪੰਜਾਬ ਦਾ ਕੋਈ ਵੀ ਵਿਅਕਤੀ ਬਿਮਾਰੀ ਦੀ ਹਾਲਤ 'ਚ ਇਲਾਜ ਪੱਖੋਂ ਅਧੂਰਾ ਨਾ ਰਹਿ ਸਕੇ! ਉਨ੍ਹਾਂ ਅੱਗੇ ਕਿਹਾ ਕਿ ਮਾਨ ਸਰਕਾਰ ਵੱਲੋਂ ਦਿੱਤੀ ਜਾ ਰਹੀ ਇਸ ਸਹੂਲਤ ਨੂੰ ਲੈਣ ਲਈ ਕੋਈ ਜ਼ਿਆਦਾ ਕਾਗਜ਼ੀ ਕਾਰਵਾਈ 'ਚ ਉਲਝਣਾਂ ਨਹੀਂ ਪਾਵੇਗਾ, ਇਸ ਦੀ ਸਹੂਲਤ ਲੈਣ ਲਈ ਇੱਕ ਕਾਰਡ ਬਣੇਗਾ। ਜੇ ਕਿਸੇ ਲੋੜਵੰਦ ਪਰਿਵਾਰ ਕੋਲ ਕਾਰਡ ਨਹੀਂ ਵੀ ਹੈ ਤਾਂ ਉਹ ਮੌਕੇ 'ਤੇ ਆਪਣਾ ਅਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟਰ ਕਰਵਾ ਕੇ ਆਪਣਾ ਇਲਾਜ ਕਰਵਾ ਸਕਦਾ! ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ



ਲੋਕਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸ ਦੇ ਤਹਿਤ ਲੋਕਾਂ ਨੂੰ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਇਆ ਜਾਵੇਗਾ।

ਇਸ ਮੌਕੇ ਪਾਰਟੀ ਦੇ ਟਕਸਾਲੀ ਵਰਕਰ ਬਾਬਾ ਨਿਸ਼ਾਨ ਸਿੰਘ ਬੱਲੜਵਾਲ, ਨਿਰਮਲ ਸਿੰਘ ਕਮੀਰਪੁਰਾ, ਬੂਟਾ ਸਿੰਘ, ਸ਼ਮਸ਼ੇਰ ਸਿੰਘ, ਸਾਬਕਾ ਸਰਪੰਚ ਬਲਦੇਵ ਸਿੰਘ, ਡਾ. ਪ੍ਰੇਮ ਸਿੰਘ, ਬਲਵਿੰਦਰ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਆਦਿ ਹਾਜ਼ਰ ਸਨ!

# ਬਾਬਾ ਸ਼ਹਿਨਸ਼ਾਹ ਪੀਰ ਦਾ 29ਵਾਂ ਸਾਲਾਨਾ ਭੰਡਾਰਾ 17 ਨੂੰ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਥਾਨਕ ਸਹਿਰ ਅਜਨਾਲਾ ਦੇ ਮੇਨ ਚੌਕ ਵਿੱਚ ਸਥਿਤ ਦਰਬਾਰ ਬਾਬਾ ਸ਼ਹਿਨਸ਼ਾਹ ਪੀਰ ਜੀ ਦਾ 29ਵਾਂ ਸਾਲਾਨਾ ਭੰਡਾਰਾ 17 ਜੁਲਾਈ, 2 ਸਾਉਣ ਦਿਨ ਵੀਰਵਾਰ ਨੂੰ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ। ਦਰਬਾਰ



'ਤੇ ਚਾਦਰ ਝੰਡੇ ਦੀ ਰਸਮ 12 ਵਜੇ ਢੋਲ ਡਮੱਕਿਆਂ ਦੇ ਨਾਲ ਸੰਗਤ ਦੀ ਹਾਜ਼ਰੀ ਵਿੱਚ ਅਦਾ ਕੀਤੀ ਜਾਵੇਗੀ। ਪੰਜਾਬ ਦੇ ਮਸ਼ਹੂਰ ਕੱਵਾਲ ਬਾਬਾ ਜੀ ਦੀਆਂ ਕੱਵਾਲੀਆਂ ਗਾਉਣਗੇ ਅਤੇ ਆਈਆਂ ਸੰਗਤਾਂ ਨੂੰ ਨਿਹਾਲ ਕਰਨਗੇ। ਸਵੇਰ ਤੋਂ ਸ਼ਾਮ ਤੱਕ ਭੰਡਾਰਾ ਚੱਲਦਾ ਰਹੇਗਾ। ਸਭ ਪਰਿਵਾਰਾਂ ਸਮੇਤ ਪਹੁੰਚ ਕੇ ਬਾਬਾ ਸ਼ਹਿਨਸ਼ਾਹ ਪੀਰ ਜੀ ਦੇ ਦਰਬਾਰ ਤੋਂ ਅਸ਼ੀਰਵਾਦ ਤੇ ਖੁਸ਼ੀਆਂ ਪ੍ਰਾਪਤ ਕਰੋ। ਇਹ ਜਾਣਕਾਰੀ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਬਿੱਲੂ ਸ਼ਾਹ ਜੀ ਅਜਨਾਲਾ ਨੇ ਸਾਂਝੀ ਕੀਤੀ।


ਮਨੋਜ ਲਾਡੀ ਪੱਤਰਕਾਰ
ਚਰਨਜੀਤ ਸਿੰਘ ਪ੍ਰੈਸ ਫੋਟੋਗ੍ਰਾਫਰ
ਸੁਰਿੰਦਰ ਕੁਮਾਰ ਪ੍ਰੈਸ ਫੋਟੋਗ੍ਰਾਫਰ
ॐ नमः शिवाय
ॐ नमः शिवाय
ਬ੍ਰਹਮਲੀਨ ਸ਼੍ਰੀ ਬਾਲ ਯੋਗੀ ਸਵਾਮੀ ਸੁੰਦਰ ਮੁਨੀ ਜੀ ਬੋਰੀ ਵਾਲੇ
ਮਹਾਰਾਜ ਜੀ ਦੀ ਤੀਸਰੀ ਬਰਸੀ ਦੇ ਸੰਬੰਧ ਦੇ ਵਿੱਚ
ਨੋਟ: ਦਰਬਾਰ ਵਿੱਚ ਕਿਸੇ ਵੀ ਪ੍ਰਕਾਰ ਦਾ ਨਸ਼ਾ ਕਰਕੇ ਅਤੇ ਲੈਕੇ ਆਉਣਾ ਸਖ਼ਤ ਮਨ੍ਹਾਂ ਹੈ।
ਲੰਗਰ ਅਤੁੱਟ ਵਰਤੇਗਾ
Dera Teda Peer Sunder Muni Bori Wale
LIVE
ਸਿੱਧਾ ਪ੍ਰਸਾਰਣ ਦਿਖਾਇਆ ਜਾਵੇਗਾ
ਸੰਧੂ ਸਾਊਂਡ ਅੰਮ੍ਰਿਤਸਰ
ਸੰਤ ਸਮਾਗਮ ਅਤੇ ਵਿਸ਼ਾਲ ਭੰਡਾਰਾ
ਮਿਤੀ 10 ਜੁਲਾਈ 2025 ਦਿਨ ਵੀਰਵਾਰ ਸਵੇਰੇ 10:00 ਵਜੇ ਤੋਂ
ਸਥਾਨ: ਡੇਰਾ ਟੇਢਾ ਪੀਰ, ਪਿੰਡ ਕੂਨੈਲ ਤਹਿ, ਗੜ੍ਹਸ਼ੰਕਰ (ਹੁਸ਼ਿਆਰਪੁਰ)
ਵਿਖੇ ਕਰਵਾਇਆ ਜਾ ਰਿਹਾ ਹੈ। ਸੋ ਆਪ ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ। ਕਿ ਇਸ ਮਹਾਨ ਸੰਤ ਸਮਾਗਮ ਵਿੱਚ ਪਹੁੰਚ ਕੇ ਸੰਤਾਂ ਮਹਾਪੁਰਸ਼ਾਂ ਦਾ ਆਸ਼ੀਰਵਾਦ ਪ੍ਰਾਪਤ ਕਰੋ ਜੀ।
ਡਾ. ਮਾਣਯੋਗ ਲਕਸ਼ਮੀ ਨਰਾਇਣ ਤ੍ਰਿਪਾਠੀ
ਅਚਾਰੀਆ ਮਹਾਂਮੰਡਲੇਸ਼ਵਰ (ਕਿਨਰ ਅਖਾੜਾ)
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ
ਯਮਾਈ ਮਮਤਾ ਨੰਦ ਗਿਰੀ (ਮਮਤਾ ਕੁਲਕਰਨੀ)
ਮਹਾਂਮੰਡਲੇਸ਼ਵਰ (ਕਿਨਰ ਅਖਾੜਾ)
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ
ਮਹਾਂਮੰਡਲੇਸ਼ਵਰ ਸ਼੍ਰੀ ਬਾਮ ਦੇਵ ਮੁਨੀ ਜੀ ਮਹਾਰਾਜ (ਪ੍ਰੀਤੀ ਮਹੰਤ)
ਚੇਲਾ ਸ਼੍ਰੀ ਬਾਲ ਯੋਗੀ ਸਵਾਮੀ ਸੁੰਦਰ ਮੁਨੀ ਜੀ ਮਹਾਰਾਜ ਬੋਰੀ ਵਾਲੇ
ਸੰਪਰਕ: 95010-69600
ਕਮਲ ਖਾਨ
ਮਾਸ਼ਾ ਅਲੀ
ਸਰਦਾਰ ਅਲੀ
ਮੁਕੇਸ਼ ਇਨਾਇਤ
ਪ੍ਰਵੇਜ਼ ਆਲਮ
ਰਜਾ ਹੀਰ
ਅੰਮ੍ਰਿਤ ਸਾਬ
ਇਸ਼ਰਤ ਗੁਲਾਮ ਅਲੀ
ਬਲਵਿੰਦਰ ਸੋਨੂੰ
ਗੋਪੀ ਰੁੜਕੀ ਵਾਲਾ
ਐਂਕਰ ਰਿੱਕੀ ਚੋਪੜਾ
ਮਹੇਸ਼ ਸਾਜਨ
ਆਸ਼ੂ ਚੋਪੜਾ
ਸੂਫੀ ਸਮਰਾਟ ਹਮਸਰ ਹਿਆਤ
ਨਿਜ਼ਾਮੀ ਸੂਫੀ ਬਰਦਰਜ਼